ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 15 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੩੦ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਸ਼੍ਰੋਮਣੀ ਅਕਾਲੀ ਦਲ ਦੀ ਪਲੇਠੀ ਮੀਟਿੰਗ ਵਿੱਚ ਇਤਿਹਾਸਿਕ ਫੈਸਲੇ, ਪੰਜਾਬ ਅਤੇ ਪੰਥ ਪ੍ਰਸਤ ਲੋਕਾਂ ਨੂੰ ਭਗੌੜਾ ਦਲ ਛੱਡ ਕੇ ਖੇਤਰੀ ਪਾਰਟੀ ਵਿੱਚ ਸ਼ਾਮਲ ਹੋਣ ਦੀ ਅਪੀਲ

ਵਿਸਥਾਰ ਸਹਿਤ ਖ਼ਬਰ ਪੰਨਾ 20 'ਤੇ

## ਛੁੱਟੀ ਸਬੰਧੀ ਸੂਚਨਾ

15 ਅਗਸਤ, 2025 ਦਿਨ ਸ਼ੁੱਕਰਵਾਰ ਨੂੰ ਅਦਾਰਾ 'ਆਵਾਜ਼ਿ ਕੌਮ' ਦੇ ਇੰਡੀਆ ਸਥਿਤ ਦਫ਼ਤਰ ਬੰਦ ਰਹਿਣ ਕਾਰਨ 16 ਅਗਸਤ, 2025 ਦਿਨ ਸ਼ਨੀਵਾਰ ਦਾ ਅੰਕ ਪ੍ਰਕਾਸ਼ਤ ਨਹੀਂ ਹੋਵੇਗਾ। **-ਮੁੱਖ ਸੰਪਾਦਕ**

## 15 ਅਗਸਤ ਦੇ ਮੱਦੇਨਜ਼ਰ ਵਿਰੋਧ ਕਰਨ ਵਾਲਿਆਂ ਦੀ ਫੜੋ-ਫੜੀ ਸ਼ੁਰੂ

# ਮੁੱਖ ਮੰਤਰੀ ਮਾਨ ਨੂੰ ਕਾਲੀਆਂ ਝੰਡੀਆਂ ਦਾ ਖੌਫ਼!

**ਚੰਡੀਗੜ੍ਹ, 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ 15 ਅਗਸਤ, ਆਜ਼ਾਦੀ ਦਿਵਸ 'ਤੇ ਫਰੀਦਕੋਟ ਵਿੱਚ ਤਿਰੰਗਾ ਲਹਿਰਾਉਣ ਜਾ ਰਹੇ ਹਨ। ਪਰ ਵਿਰੋਧ ਪ੍ਰਦਰਸ਼ਨ ਦੇ ਡਰ ਕਾਰਨ, ਲਗਭਗ 36 ਘੰਟੇ ਪਹਿਲਾਂ ਪੰਜਾਬ ਪੁਲਿਸ ਨੇ ਕਿਸੇ ਵੀ ਤਰ੍ਹਾਂ ਦੇ ਪ੍ਰਦਰਸ਼ਨ ਨੂੰ ਰੋਕਣ ਲਈ ਅਧਿਆਪਕ ਯੂਨੀਅਨਾਂ ਦੇ ਆਗੂਆਂ ਨੂੰ




ਹਿਰਾਸਤ ਵਿੱਚ ਲੈਣਾ ਸ਼ੁਰੂ ਕਰ ਦਿੱਤਾ ਹੈ। ਅੱਜ ਬਠਿੰਡਾ ਵਿੱਚ, ਪੁਲਿਸ ਨੇ ਅਧਿਆਪਕ ਆਗੂ ਵੀਰਪਾਲ ਕੌਰ ਸਿਧਾਣਾ ਦੇ ਘਰ ਛਾਪਾ ਮਾਰਿਆ। ਇਸ ਦੌਰਾਨ, ਉਸਦੀ ਪੁਲਿਸ ਅਧਿਕਾਰੀਆਂ ਨਾਲ ਤਿੱਖੀ ਬਹਿਸ ਹੋਈ। ਵੀਰਪਾਲ ਕੌਰ ਨੇ ਪੁਲਿਸ ਨੂੰ ਦਲੀਲ ਦਿੱਤੀ ਕਿ ਉਹ ਆਪਣੀ ਸਰਕਾਰੀ ਡਿਊਟੀ 'ਤੇ ਸਕੂਲ ਜਾ ਰਹੀ ਸੀ, ਇਸ ਲਈ ਉਸਨੂੰ ਹਿਰਾਸਤ ਵਿੱਚ ਨਹੀਂ ਲਿਆ ਜਾ ਸਕਦਾ। ਜਿਸ ਤੋਂ ਬਾਅਦ ਉਹ ਸਕੂਲ ਗਈ। ਇੰਨਾ ਹੀ ਨਹੀਂ, ਬੀ.ਐੱਡ ਟੀਈਟੀ ਪਾਸ ਅਧਿਆਪਕ ਯੂਨੀਅਨ ਦੇ ਸੂਬਾ ਪ੍ਰਧਾਨ ਜਸਵੰਤ ਘੁਬਾਇਆ ਨੇ ਵੀ ਉਸਨੂੰ ਲੈਣ ਆਈ ਪੁਲਿਸ ਦੀਆਂ ਤਸਵੀਰਾਂ ਸਾਂਝੀਆਂ ਕੀਤੀਆਂ ਹਨ। ਅਰਵਿੰਦ ਕੇਜਰੀਵਾਲ ਦੀ ਮੂੰਹ ਬੋਲੀ ਭੈਣ ਸਿੱਪੀ ਸ਼ਰਮਾ ਨੇ ਵੀ ਆਪਣੇ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਪੋਸਟ ਕੀਤੀ ਅਤੇ ਜਾਣਕਾਰੀ ਦਿੱਤੀ ਕਿ ਉਸਦੇ ਆਗੂਆਂ ਨੂੰ ਰਾਤ ਨੂੰ ਪੁਲਿਸ ਨੇ ਚੁੱਕਿਆ ਸੀ। ਸਿੱਪੀ ਸ਼ਰਮਾ ਨੇ ਕਿਹਾ - ਸਾਨੂੰ ਕੋਈ ਫ਼ਰਕ ਨਹੀਂ ਪੈਂਦਾ। ਤੁਹਾਡਾ ਜਲੂਸ 15 ਅਗਸਤ ਨੂੰ ਵੀ ਕੱਢਿਆ ਜਾਵੇਗਾ, ਅਤੇ ਅਸੀਂ ਪੰਜਾਬ ਵਿੱਚ ਹੋਣ ਵਾਲੇ ਹਰ ਪ੍ਰੋਗਰਾਮ ਵਿੱਚ ਤੁਹਾਡੇ ਵਿਰੁੱਧ ਪ੍ਰੋਗਰਾਮ ਆਯੋਜਿਤ ਕਰਾਂਗੇ। ਤੁਸੀਂ ਸਾਡੇ ਕਿੰਨੇ ਵੀ ਸਾਥੀਆਂ ਨੂੰ ਉਨ੍ਹਾਂ ਦੇ ਘਰਾਂ ਤੋਂ ਚੁੱਕ ਲਓ, ਸਾਡੇ ਕੋਲ ਅਜੇ ਵੀ 646 ਬੇਰੁਜ਼ਗਾਰ ਪੀਟੀਆਈ ਅਧਿਆਪਕ ਹਨ ਜਿਨ੍ਹਾਂ ਨੂੰ ਤੁਸੀਂ ਜਾਣ ਨਹੀਂ ਦੇ ਰਹੇ, ਪਰ ਤੁਹਾਡੇ ਹਰ ਪ੍ਰੋਗਰਾਮ ਤੋਂ ਬਾਅਦ ਅਸੀਂ ਇੱਕ ਜਲੂਸ ਕੱਢਾਂਗੇ ਅਤੇ ਉਨ੍ਹਾਂ ਨੂੰ ਤੁਹਾਡੀਆਂ ਝੂਠੀਆਂ ਗਰੰਟੀਆਂ ਦੀ ਯਾਦ ਦਿਵਾਵਾਂਗੇ। ਅਸੀਂ ਸਾਰੇ ਮਿਲ ਕੇ ਅਰਵਿੰਦ ਕੇਜਰੀਵਾਲ ਨੂੰ ਇੱਕ ਹੋਰ ਗੱਲ ਦੱਸਣਾ ਚਾਹੁੰਦੇ ਹਾਂ - ਇਹ ਪੰਜਾਬ ਹੈ ਅਤੇ ਪੰਜਾਬ ਬੋਲੇਗਾ, ਜਿਸ ਤਰ੍ਹਾਂ ਊਧਮ ਸਿੰਘ ਨੇ 21 ਸਾਲਾਂ ਬਾਅਦ ਜਨਰਲ ਡਾਇਰ ਤੋਂ ਬਦਲਾ ਲਿਆ, ਉਸੇ ਤਰ੍ਹਾਂ ਤਿੰਨ ਸਾਲਾਂ ਵਿੱਚ ਵੀ ਤੁਹਾਡੀਆਂ ਝੂਠੀਆਂ ਗਰੰਟੀਆਂ ਨੂੰ ਕਿਸੇ ਵੀ ਹਾਲਤ ਵਿੱਚ ਯਾਦ ਰੱਖਿਆ ਜਾਵੇਗਾ ਅਤੇ ਤੁਹਾਨੂੰ ਉਨ੍ਹਾਂ ਲਈ ਜਵਾਬਦੇਹ ਹੋਣਾ ਪਵੇਗਾ। ਉਧਰ, ਮੁੱਖ ਮੰਤਰੀ ਭਗਵੰਤ ਮਾਨ ਦੀ ਫਰੀਦਕੋਟ ਫੇਰੀ ਤੋਂ ਪਹਿਲਾਂ ਗਰਮਖਿਆਲੀ ਸਿੱਖ ਆਗੂ ਰਣਜੀਤ ਸਿੰਘ ਵਾਂਦਰ ਨੂੰ ਵੀ ਪੁਲਿਸ ਨੇ ਹਿਰਾਸਤ 'ਚ ਲਿਆ ਦੱਸਿਆ ਜਾ ਰਿਹਾ ਹੈ। ਦੱਸ ਦਈਏ ਕਿ ਕੁਝ ਦਿਨ ਪਹਿਲਾਂ ਹੀ ਰਣਜੀਤ ਸਿੰਘ ਵਾਂਦਰ ਨੇ ਮੁੱਖ ਮੰਤਰੀ ਦੇ ਫਰੀਦਕੋਟ ਪਹੁੰਚਣ ਤੇ ਕਾਲੀਆ ਝੰਡੀਆਂ ਦਿਖਾਉਣ ਦਾ ਐਲਾਨ ਕੀਤਾ ਸੀ।

## GNDU ਵਾਈਸ ਚਾਂਸਲਰ ਕਰਮਜੀਤ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਪੇਸ਼ ਹੋਣ ਦੇ ਹੁਕਮ

**ਅੰਮ੍ਰਿਤਸਰ, 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਵਾਈਸ



ਚਾਂਸਲਰ ਕਰਮਜੀਤ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਤਲਬ ਕੀਤਾ ਗਿਆ ਹੈ। ਜਾਣਕਾਰੀ ਅਨੁਸਾਰ, ਕਰਮਜੀਤ ਸਿੰਘ ਹਾਲ ਹੀ ਵਿੱਚ ਆਰ.ਐੱਸ.ਐੱਸ ਦੇ ਮੁਖੀ ਦੇ ਇਕ ਸਮਾਗਮ ਵਿੱਚ ਸ਼ਾਮਲ ਹੋਏ ਸਨ, ਜਿਸ ਨੂੰ ਲੈ ਕੇ ਉਨ੍ਹਾਂ ਵਿਰੁੱਧ ਸ਼ਿਕਾਇਤਾਂ ਮਿਲੀਆਂ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੱਤਰ ਜਾਰੀ ਕਰ ਕੇ ਕਰਮਜੀਤ ਸਿੰਘ ਨੂੰ 15 ਦਿਨਾਂ ਦੇ ਅੰਦਰ ਲਿਖਤੀ ਸਪੱਸ਼ਟੀਕਰਨ ਦੇਣ ਦੇ ਹੁਕਮ ਦਿੱਤੇ ਗਏ ਹਨ। ਪੱਤਰ ਵਿਚ ਕਿਹਾ ਕਿ ਸਮਾਗਮ 'ਚ ਸ਼ਿਰਕਤ ਕਰਕੇ ਕਰਮਜੀਤ ਸਿੰਘ ਨੇ ਸਿੱਖ ਭਾਵਨਾਵਾਂ ਨੂੰ ਸੱਟ ਮਾਰੀ ਅਤੇ ਸਿੱਖਾਂ ਦੀ ਵਿਲੱਖਣ ਹੋਂਦ ਦੇ ਖਿਲਾਫ਼ ਪ੍ਰਗਟਾਵਾ ਕੀਤਾ ਹੈ।



ਸਕੱਤਰੇਤ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Secretariat
Sri Akal Takhat Sahib, Sri Amritsar Sahib

[illegible]

## ਪਾਕਿਸਤਾਨ ਘੁੰਮਣ ਗਏ ਇੱਕ ਹੋਰ ਪੰਜਾਬੀ ਬਲੌਗਰ ਨੂੰ ਪੁਲਿਸ ਨੇ ਚੁੱਕਿਆ, ਨਾਸਿਰ ਢਿੱਲੋਂ ਨਾਲ ਕੀਤੀ ਸੀ ਮੁਲਾਕਾਤ, IB ਤੇ ਪੁਲਿਸ ਨੇ ਕੀਤੀ ਕਾਰਵਾਈ

**ਜਲੰਧਰ, 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਨੇ ਮਸ਼ਹੂਰ ਟ੍ਰੈਵਲ ਬਲੌਗਰ ਅਮਰੀਕ ਸਿੰਘ ਨੂੰ ਜਲੰਧਰ ਤੋਂ ਰਿਹਾਅ ਕਰ ਦਿੱਤਾ ਹੈ। ਪਾਕਿਸਤਾਨ ਜਾਣ ਤੋਂ ਬਾਅਦ ਇੰਟੈਲੀਜੈਂਸ



ਬਿਊਰੋ ਦੇ ਗੁਪਤ ਇਨਪੁਟਸ ਦੇ ਆਧਾਰ 'ਤੇ ਉਸਨੂੰ ਹਿਰਾਸਤ ਵਿੱਚ ਲਿਆ ਗਿਆ ਸੀ। ਇਸ ਤੋਂ ਬਾਅਦ, ਉਸ ਤੋਂ ਘੰਟਿਆਂ ਤੱਕ ਪੁੱਛਗਿੱਛ ਕੀਤੀ ਗਈ। ਯੂਟਿਊਬਰ ਤੋਂ ਪਾਕਿਸਤਾਨ ਦੀ ਯਾਤਰਾ ਦੌਰਾਨ ਸ਼ੱਕੀ ਗਤੀਵਿਧੀਆਂ ਬਾਰੇ ਪੁੱਛਗਿੱਛ ਕੀਤੀ ਗਈ। ਇਸ ਦੇ ਨਾਲ ਹੀ, ਜਾਂਚ ਏਜੰਸੀਆਂ ਨੇ ਉਸਦਾ ਡਿਜੀਟਲ ਡਿਵਾਈਸ ਵੀ ਜ਼ਬਤ ਕਰ ਲਿਆ ਹੈ। ਇਸਦੀ ਪੁਸ਼ਟੀ ਖੁਦ ਯੂਟਿਊਬਰ ਨੇ ਕੀਤੀ ਹੈ। ਹਾਲਾਂਕਿ, ਪੁਲਿਸ ਨੇ ਇਸ ਮਾਮਲੇ ਵਿੱਚ ਅਧਿਕਾਰਤ ਤੌਰ 'ਤੇ ਕੁਝ ਨਹੀਂ ਕਿਹਾ ਹੈ। ਇਸ ਮਾਮਲੇ ਨੂੰ ਹਰਿਆਣਾ ਦੇ ਯੂਟਿਊਬਰ ਜੋਤੀ ਮਲਹੋਤਰਾ ਅਤੇ ਪਾਕਿਸਤਾਨੀ ਮੂਲ ਦੇ ਨਾਸਿਰ ਢਿੱਲੋਂ ਨਾਲ ਜੁੜੇ ਕਥਿਤ ਜਾਸੂਸੀ ਨੈੱਟਵਰਕ ਨਾਲ ਜੋੜਿਆ ਜਾ ਰਿਹਾ ਹੈ। ਸੂਤਰਾਂ ਅਨੁਸਾਰ, ਅਮਰੀਕ ਸਿੰਘ ਨੂੰ ਸੋਮਵਾਰ ਸ਼ਾਮ ਨੂੰ ਪੁਲਿਸ ਨੇ ਥਾਣੇ ਬੁਲਾਇਆ ਸੀ। ਅਮਰੀਕ ਦੇ ਪੁਲਿਸ ਸਟੇਸ਼ਨ ਪਹੁੰਚਣ ਤੋਂ ਥੋੜ੍ਹੀ ਦੇਰ ਬਾਅਦ, ਉਸਦਾ ਫੋਨ ਬੰਦ ਹੋ ਗਿਆ। ਰਾਤ ਲਗਭਗ 8.30 ਵਜੇ, ਅਮਰੀਕ ਦਾ ਫੋਨ ਚਾਲੂ ਹੋਇਆ ਅਤੇ ਫਿਰ ਬੰਦ ਹੋ ਗਿਆ। ਇਸ ਤੋਂ ਬਾਅਦ, ਸੋਮਵਾਰ ਰਾਤ ਲਗਭਗ 10 ਵਜੇ, ਆਈਬੀ ਟੀਮ ਪੁਲਿਸ ਸੁਰੱਖਿਆ ਦੇ ਵਿਚਕਾਰ ਦੁਬਾਰਾ ਅਮਰੀਕ ਦੇ ਘਰ ਪਹੁੰਚੀ ਅਤੇ ਅਮਰੀਕ ਦੀ ਪਤਨੀ ਮਨਪ੍ਰੀਤ ਕੌਰ ਤੋਂ ਵੀ ਅਮਰੀਕ ਦੇ ਯੂਟਿਊਬ ਚੈਨਲ ਅਤੇ ਦਸੰਬਰ 2024 ਵਿੱਚ ਉਸਦੀ ਪਾਕਿਸਤਾਨ ਫੇਰੀ ਬਾਰੇ ਪੁੱਛਗਿੱਛ ਕੀਤੀ ਗਈ। ਅਮਰੀਕ ਨੂੰ ਪੁੱਛਗਿੱਛ ਲਈ ਜਲੰਧਰ ਦੇ ਲੋਹੀਆਂ ਖਾਸ ਪੁਲਿਸ ਸਟੇਸ਼ਨ ਲਿਆਂਦਾ ਗਿਆ। ਆਈਬੀ ਟੀਮ ਨੇ ਅਮਰੀਕ ਦੇ ਘਰੋਂ ਇੱਕ ਡਿਜੀਟਲ ਡਿਵਾਈਸ ਜ਼ਬਤ ਕੀਤੀ। ਇਹ ਉਹੀ ਡਿਜੀਟਲ ਡਿਵਾਈਸ ਸੀ ਜਿਸ ਵਿੱਚ ਅਮਰੀਕ ਉਸਦੇ ਵੀਡੀਓ ਸ਼ੂਟ ਕਰਦਾ ਸੀ ਤੇ ਵੀਡੀਓ ਨਾਲ ਸਬੰਧਤ ਸਾਰਾ ਕੰਮ ਕਰਦਾ ਸੀ। ਦੱਸ ਦਈਏ ਕਿ ਦਸੰਬਰ 2024 ਵਿੱਚ ਅਮਰੀਕ ਸਿੰਘ ਅਤੇ ਉਸਦੀ ਪਤਨੀ ਮਨਪ੍ਰੀਤ ਕੌਰ ਧਾਰਮਿਕ ਸੈਰ-ਸਪਾਟੇ ਦੇ ਹਿੱਸੇ ਵਜੋਂ ਪਾਕਿਸਤਾਨ ਗਏ ਸਨ। ਉੱਥੇ ਉਨ੍ਹਾਂ ਨੇ ਕਰਤਾਰਪੁਰ ਸਾਹਿਬ, ਨਨਕਾਣਾ ਸਾਹਿਬ ਅਤੇ ਲਾਹੌਰ ਦੇ ਇਤਿਹਾਸਕ ਸਥਾਨਾਂ 'ਤੇ ਵੀਡੀਓ ਸ਼ੂਟ ਕੀਤੇ। ਇਨ੍ਹਾਂ ਵੀਡੀਓਜ਼ ਨੂੰ ਅਮਰੀਕ ਦੇ ਚੈਨਲ 'ਤੇ ਲੱਖਾਂ ਵਿਊਜ਼ ਮਿਲੇ। ਪਰ, ਏਜੰਸੀਆਂ ਨੂੰ ਸ਼ੱਕ ਹੈ ਕਿ ਇਸ ਯਾਤਰਾ ਦੌਰਾਨ ਉਹ ਕੁਝ ਲੋਕਾਂ ਦੇ ਸੰਪਰਕ ਵਿੱਚ ਆਇਆ ਜੋ ਪਾਕਿਸਤਾਨੀ ਖੁਫੀਆ ਏਜੰਸੀ ਆਈਐਸਆਈ ਲਈ ਕੰਮ ਕਰਦੇ ਹਨ। ਆਈਬੀ ਸੂਤਰਾਂ ਅਨੁਸਾਰ, ਇਸ ਯਾਤਰਾ ਤੋਂ ਬਾਅਦ, ਏਜੰਸੀਆਂ ਅਮਰੀਕ ਅਤੇ ਉਸ ਦੀਆਂ ਔਨਲਾਈਨ ਗਤੀਵਿਧੀਆਂ 'ਤੇ ਨਜ਼ਰ ਰੱਖ ਰਹੀਆਂ ਸਨ।

## ਕਿਸਾਨਾਂ ਦੀ ਵੱਡੀ ਜਿੱਤ; ਪੰਜਾਬ ਕੈਬਨਿਟ ਨੇ ਲੈਂਡ ਪੂਲਿੰਗ ਸਕੀਮ ਦਾ ਨੋਟੀਫਿਕੇਸ਼ਨ ਕੀਤਾ ਰੱਦ

**ਚੰਡੀਗੜ੍ਹ, 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਕਿਸਾਨਾਂ ਦੀ ਵੱਡੀ ਜਿੱਤ ਹੋਈ ਹੈ। ਦਅਰਸਲ ਪੰਜਾਬ ਕੈਬਨਿਟ ਨੇ ਲੈਂਡ ਪੂਲਿੰਗ ਸਕੀਮ ਦਾ ਨੋਟੀਫਿਕੇਸ਼ਨ ਨੂੰ ਰੱਦ ਕਰ ਦਿੱਤਾ ਗਿਆ ਹੈ। ਦੱਸ ਦਈਏ ਕਿ ਬੀਤੀ 11 ਅਗਸਤ ਨੂੰ ਸਰਕਾਰ ਵੱਲੋਂ ਕਿਸਾਨਾਂ ਅਤੇ ਵਿਰੋਧੀ ਪਾਰਟੀਆਂ ਦੇ ਭਾਰੀ ਵਿਰੋਧ ਦੇ ਚੱਲਦੇ ਸਕੀਮ ਨੂੰ ਵਾਪਸ ਲੈ ਲਿਆ ਸੀ। ਸ਼੍ਰੋਮਣੀ ਅਕਾਲੀ ਦਲ ਨੇ ਵੀ ਲੈਂਡ ਪੂਲਿੰਗ ਖਿਲਾਫ਼ ਵੱਡੇ ਪੱਧਰ 'ਤੇ ਸੰਘਰਸ਼ ਵਿੱਢਿਆ ਸੀ। ਮਿਲੀ ਜਾਣਕਾਰੀ ਮੁਤਾਬਿਕ ਪੰਜਾਬ ਸਰਕਾਰ ਦੀ ਕੈਬਨਿਟ ਮੀਟਿੰਗ



ਵਿੱਚ ਇਹ ਫੈਸਲਾ ਲਿਆ ਗਿਆ ਹੈ। ਸਰਕਾਰ ਨੇ ਲੈਂਡ ਪੂਲਿੰਗ ਨੀਤੀ ਨੂੰ ਡੀਨੋਟੀਫਾਈ ਕਰ ਦਿੱਤਾ ਹੈ। ਇਹ ਮੀਟਿੰਗ ਚੰਡੀਗੜ੍ਹ ਸਥਿਤ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਵਾਸ ਸਥਾਨ 'ਤੇ ਹੋਈ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਜਲਦੀ ਹੀ ਇੱਕ ਪ੍ਰੈਸ ਕਾਨਫਰੰਸ ਕਰਨਗੇ। ਹਾਲ ਹੀ ਵਿੱਚ, ਸਰਕਾਰ ਨੇ ਲੈਂਡ ਪੂਲਿੰਗ ਨੀਤੀ ਨੂੰ ਡੀਨੋਟੀਫਾਈ ਕਰ ਦਿੱਤਾ ਸੀ।

### ਕੀ ਸੀ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ

ਪੰਜਾਬ ਸਰਕਾਰ ਨੇ ਮਈ 2025 ਵਿੱਚ ਲੈਂਡ ਪੂਲਿੰਗ ਨੀਤੀ ਸ਼ੁਰੂ ਕੀਤੀ ਸੀ। ਇਸਦਾ ਉਦੇਸ਼ ਸ਼ਹਿਰੀ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਅਤੇ ਵਿਕਾਸ ਯੋਜਨਾਵਾਂ ਨੂੰ ਉਤਸ਼ਾਹਿਤ ਕਰਨਾ ਸੀ। ਇਸ ਨੀਤੀ ਦੇ ਤਹਿਤ, ਕਿਸਾਨਾਂ ਤੋਂ ਜ਼ਮੀਨ ਸਵੈ-ਇੱਛਾ ਨਾਲ ਲਈ ਜਾਣੀ ਸੀ ਅਤੇ ਵਿਕਸਤ ਕੀਤੀ ਜਾਣੀ ਸੀ। ਬਦਲੇ ਵਿੱਚ, ਕਿਸਾਨਾਂ ਨੂੰ ਉਨ੍ਹਾਂ ਦੀ ਜ਼ਮੀਨ ਦੇ ਅਨੁਪਾਤ ਵਿੱਚ ਰਿਹਾਇਸ਼ੀ ਅਤੇ ਵਪਾਰਕ ਪਲਾਟ ਦਿੱਤੇ ਜਾਣੇ ਸਨ।

ਸਰਕਾਰ ਨੇ ਦਾਅਵਾ ਕੀਤਾ ਕਿ ਇਹ ਨੀਤੀ ਕਿਸਾਨਾਂ ਨੂੰ ਸ਼ਹਿਰੀ ਵਿਕਾਸ ਵਿੱਚ ਭਾਈਵਾਲ ਬਣਾਏਗੀ ਅਤੇ ਉਨ੍ਹਾਂ ਦੀ ਜ਼ਮੀਨ ਦੀ ਕੀਮਤ ਵਧਾਏਗੀ। ਪਰ, ਇਸ ਨੀਤੀ ਦਾ ਭਾਰੀ ਵਿਰੋਧ ਕੀਤਾ ਗਿਆ, ਖਾਸ ਕਰਕੇ ਛੋਟੇ ਕਿਸਾਨਾਂ ਨੇ ਇਸਨੂੰ ਕਿਸਾਨ ਵਿਰੋਧੀ ਦੱਸਿਆ।

### ਇਸ ਨੀਤੀ ਵਿਰੁੱਧ ਕਿਸਾਨਾਂ ਵਿੱਚ ਸੀ ਗੁੱਸਾ

ਤੁਹਾਨੂੰ ਦੱਸ ਦੇਈਏ ਕਿ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਕਿਸਾਨ ਸੜਕਾਂ 'ਤੇ ਉਤਰ ਆਏ ਅਤੇ ਇਸ ਨੀਤੀ ਵਿਰੁੱਧ ਵਿਰੋਧ ਪ੍ਰਦਰਸ਼ਨ ਕੀਤੇ। ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਵਰਗੀਆਂ ਵਿਰੋਧੀ ਪਾਰਟੀਆਂ ਨੇ ਵੀ ਇਸਨੂੰ 'ਕਿਸਾਨ ਵਿਰੋਧੀ' ਕਰਾਰ ਦਿੱਤਾ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਇਸ ਨੀਤੀ 'ਤੇ ਸਵਾਲ ਉਠਾਏ ਅਤੇ ਸਰਕਾਰ ਨੂੰ ਫਟਕਾਰ ਲਗਾਈ ਅਤੇ 9 ਅਗਸਤ 2025 ਨੂੰ ਇਸ ਨੀਤੀ 'ਤੇ ਪਾਬੰਦੀ ਲਗਾ ਦਿੱਤੀ ਅਤੇ ਅੰਤ ਵਿੱਚ 11 ਅਗਸਤ 2025 ਨੂੰ ਪੰਜਾਬ ਸਰਕਾਰ ਨੇ ਇਸਨੂੰ ਪੂਰੀ ਤਰ੍ਹਾਂ ਵਾਪਸ ਲੈ ਲਿਆ।

## ਪੰਜਾਬ 'ਚ ਖ਼ਤਰੇ ਦੀ ਘੰਟੀ! ਭਾਰੀ ਮੀਂਹ ਕਾਰਨ ਵਧੀਆਂ ਮੁਸ਼ਕਿਲਾਂ, ਬਿਆਸ ਦਰਿਆ ਦਾ ਪਾਣੀ ਓਵਰਫਲੋਅ

**ਟਾਂਡਾ (ਹੁਸ਼ਿਆਰਪੁਰ), 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਦੇਰ ਰਾਤ ਤੋਂ ਸ਼ੁਰੂ ਹੋਈ ਬਾਰਿਸ਼ ਨਾਲ ਜਨ ਜੀਵਨ ਪ੍ਰਭਾਵਿਤ ਹੋਇਆ ਹੈ। ਮੌਸਮ ਵਿਭਾਗ ਵੱਲੋਂ ਪਹਿਲਾਂ ਤੋਂ ਹੀ ਪੰਜਾਬ ਵਿਚ ਭਾਰੀ ਬਾਰਿਸ਼ ਦੀ ਚਿਤਾਵਨੀ ਦਿੱਤੀ ਗਈ ਸੀ। ਦੇਰ ਰਾਤ ਤੋਂ ਸ਼ੁਰੂ ਹੋਈ ਮੋਹਲੇਧਾਰ ਬਾਰਿਸ਼ ਲਗਾਤਾਰ ਜਾਰੀ ਹੈ, ਜਿਸ ਕਾਰਨ ਬਾਰਿਸ਼ ਦੇ ਚਲਦਿਆਂ ਹਾਲਾਤ ਬਦ ਤੋਂ ਬਦਤਰ ਹੋ ਰਹੇ ਹਨ। ਦੱਸਣਯੋਗ ਹੈ ਕਿ ਲਗਾਤਾਰ ਹੋਈ ਬਾਰਿਸ਼ ਕਾਰਨ ਜਿੱਥੇ ਜਨਜੀਵਨ ਪ੍ਰਭਾਵਿਤ ਹੋ ਰਿਹਾ ਹੈ, ਉੱਥੇ ਹੀ ਲੋਕਾਂ ਦੀਆਂ ਮੁਸ਼ਕਿਲਾਂ ਵੀ ਵਧੀਆਂ ਹਨ। ਇਸ ਦੇ ਨਾਲ ਹਰੀ ਸਾਉਣੀ ਦੀ ਪ੍ਰਮੁੱਖ ਫ਼ਸਲ ਝੋਨੇ ਦੀ ਫ਼ਸਲ ਦਾ ਵੀ ਨੁਕਸਾਨ ਹੋ ਸਕਦਾ ਹੈ। ਉਧਰ ਦੂਜੇ ਪਾਸੇ ਬਿਆਸ ਦਰਿਆ ਦਾ ਪਾਣੀ ਓਵਰਫਲੋਅ ਹੋਣ ਕਾਰਨ ਨੇੜਲੇ ਕਈ ਪਿੰਡਾਂ ਨੂੰ ਆਪਣੀ ਚਪੇਟ 'ਚ ਲੈ ਚੁੱਕਾ ਹੈ, ਜਿਸ ਕਾਰਨ ਲੋਕਾਂ ਨੂੰ ਆਪਣੇ ਘਰ ਛੱਡ ਕੇ ਸੁਰੱਖਿਆ ਸਥਾਨਾਂ 'ਤੇ ਜਾਣ ਲਈ ਮਜਬੂਰ ਹੋਣਾ ਪਿਆ ਹੈ। ਦੂਜੇ ਪਾਸੇ ਵਿਧਾਇਕ ਜਸਵੀਰ ਸਿੰਘ ਰਾਜਾ ਵੱਲੋਂ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਗੜ੍ਹਦੀਵਾਲ ਨਾਲ ਮਿਲ ਕੇ ਜਿੱਥੇ ਪ੍ਰਭਾਵਿਤ ਇਲਾਕਿਆਂ 'ਤੇ ਨਿਗਰਾਨੀ ਰੱਖੀ ਜਾ ਰਹੀ ਹੈ। ਹੜਾਂ ਵਿੱਚ ਫਸੇ ਹੋਏ ਲੋਕਾਂ ਦਾ ਰੈਸਕਿਊ ਕਰਕੇ ਉਨ੍ਹਾਂ ਨੂੰ ਸੁਰੱਖਿਤ ਸਥਾਨਾਂ 'ਤੇ ਪਹੁੰਚਾਉਣ ਵਿੱਚ ਯੋਗਦਾਨ ਪਾਇਆ ਜਾ ਰਿਹਾ ਹੈ। ਉਥੇ ਹੀ ਹੁਸ਼ਿਆਰਪੁਰ ਵਿੱਚ ਭਾਰੀ ਬਰਸਾਤ ਦੇ ਚਲਦਿਆਂ ਅਤੇ ਪੌਂਗ ਡੈਮ ਚੋਂ ਬਿਆਸ ਦਰਿਆ ਵਿੱਚ ਪਾਣੀ ਛੱਡੇ ਜਾਣ ਦੀ ਸੂਰਤ ਵਿੱਚ ਹਾਲਾਤ ਦਾ ਜਾਇਜ਼ਾ ਲੈਣ ਲਈ ਵਿਧਾਇਕ ਟਾਂਡਾ ਉੜਮੁੜ ਜਸਵੀਰ ਸਿੰਘ ਰਾਜਾ, ਡੀ. ਸੀ. ਹੁਸ਼ਿਆਰਪੁਰ ਆਸ਼ਿਕਾ ਜੈਨ, ਐੱਸ. ਐੱਸ. ਪੀ. ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਨੇ ਸਮੁੱਚੇ ਜ਼ਿਲ੍ਹਾ ਪ੍ਰਸ਼ਾਸਨ ਸਮੇਤ ਬਿਆਸ ਦਰਿਆ ਨਾਲ ਲੱਗਦੇ ਪਿੰਡਾਂ ਦਾ ਜਾਇਜ਼ਾ ਲਿਆ। ਇਸ ਮੌਕੇ ਜਸਵੀਰ ਸਿੰਘ ਰਾਜਾ, ਡੀ.ਸੀ ਹੁਸ਼ਿਆਰਪੁਰ ਆਸ਼ਕਾ ਜੈਨ ਅਤੇ ਜਿਲਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ ਬਿਆਸ ਦਰਿਆ ਦਾ ਪਾਣੀ ਓਵਰਫਲੋਅ ਹੋਣ ਕਾਰਨ ਕਈ ਪਿੰਡ ਇਸ ਦੀ ਚਪੇਟ ਵਿੱਚ ਆ ਚੁੱਕੇ ਹਨ। ਭਾਰੀ ਬਰਸਾਤ ਕਾਰਨ ਨੀਵੀਆਂ ਥਾਵਾਂ 'ਤੇ ਪਾਣੀ ਭਰ ਗਿਆ। ਮੌਸਮ ਵਿਭਾਗ ਵੱਲੋਂ ਅੱਜ 14 ਅਤੇ ਕੱਲ੍ਹ 15 ਅਗਸਤ ਦੇ ਦਿਨ ਭਾਰੀ ਬਾਰਿਸ਼ ਦੀ ਚਿਤਵਨੀ ਦਿੱਤੀ ਗਈ ਹੈ, ਜਿਸ ਕਾਰਨ ਆਜ਼ਾਦੀ ਦਿਵਸ ਦੇ ਹੋਣ ਵਾਲੇ ਸਮਾਗਮਾਂ ਤੇ ਵੀ ਅਸਰ ਪੈ ਸਕਦਾ ਹੈ। ਦੂਸਰੇ ਪਾਸੇ ਭਾਰੀ ਬਰਸਾਤ ਹੋਣ ਕਾਰਨ ਵੱਖ-ਵੱਖ ਚੋਆਂ ਵਿੱਚ ਵੀ ਪਾਣੀ ਆਉਣ ਦੀ ਸੰਭਾਵਨਾ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।



★ ਸੰਪਰਕ ★

ਭਾਈ ਰਘਵੀਰ ਸਿੰਘ
+44 7976 210161


CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE


SCAN HERE FOR
WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ ਕੌਮ
AWAZE QAUM
International Newspaper & WEB TV







ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV




# ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਦੇ ਧਾਰਮਿਕ ਸਮਾਗਮਾਂ ਲਈ ਭਾਈ ਕਪਤਾਨ ਸਿੰਘ ਨਾਲ ਸੰਪਰਕ ਕੀਤਾ ਜਾ ਸਕਦਾ ਹੈ।



# +44 7788 283485

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੱਦਾ-ਪੱਤਰ
ੴ ਸਤਿਗੁਰ ਪ੍ਰਸਾਦਿ ॥
"ਨੌਂਵੇ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ"
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2025 ਦਿਨ ਸ਼ੁੱਕਰਵਾਰ ਨੂੰ
ਬਰਸੀ ਸਮਾਗਮ
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ
ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
20 ਅਗਸਤ ਦਿਨ ਬੁੱਧਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ੁੱਕਰਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ)
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕੀਰਤਨੀ ਅਤੇ ਢਾਡੀ ਜਥੇ :-
* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ
* ਕਵੀਸ਼ਰੀ ਜਥਾ ਗਿ. ਸੁਖਬੀਰ ਸਿੰਘ ਗੁਰੂ ਨਾਨਕ ਦਲ ਮੜੀਆਂ ਵਾਲੇ
* ਢਾਡੀ ਜਥਾ ਭਾਈ ਅੰਮ੍ਰਿਤਪਾਲ ਸਿੰਘ ਘੁੰਮਣਾ ਵਾਲੇ (ਨਿਹੰਗ ਸਿੰਘ)
ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ
ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ
ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।
ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਅਤੇ
ਕੀਰਤਨ ਦੀ ਮੁਫ਼ਤ ਸਿੱਖਿਆ ਦਿੱਤੀ ਜਾਂਦੀ ਹੈ।
ਡਬਲ-ਐੱਸ
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ
(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ
ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




## ਸਮੂਹ ਸ਼ਹੀਦਾਂ ਨੂੰ ਸਮਰਪਿਤ 15/16/17 ਅਗਸਤ 2025 ਨੂੰ ਮਹਾਨ ਗੁਰਮਤਿ ਸਮਾਗਮ

**ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲੱਗ ਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਈ ਜਾਵੇਗੀ।**

ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ਼੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

☛ਸ਼ੁੱਕਰਵਾਰ 15 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ 10 ਵਜੇ ਆਰੰਭ ਹੋਵੇਗੀ ਅਤੇ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।
☛ਸ਼ਨਿੱਚਰਵਾਰ 16 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 17 ਅਗਸਤ 2025 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

☛ ਕਵੀਸ਼ਰੀ ਜਥਾ ਗਿਆਨੀ ਸੁਖਵਿੰਦਰ ਸਿੰਘ ਚੀਮਾ ਖੁੱਡੀ ਮਾਝੇ ਵਾਲੇ । ☛ ਕਥਾ ਵਾਚਕ ਗਿਆਨੀ ਹੀਰਾਂ ਸਿੰਘ ਦਮਦਮੀ ਟਕਸਾਲ ਵਾਲੇ। ☛ ਕੀਰਤਨੀ ਜਥਾ ਰਾਗੀ ਭਾਈ ਅਵਤਾਰ ਸਿੰਘ ਬੁੱਟਰ ਬਾਬਾ ਬਕਾਲਾ ਸਾਹਿਬ ਵਾਲੇ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਵੱਖ-ਵੱਖ ਤਰ੍ਹਾਂ ਦੇ ਸਟਾਲ ਅਤੇ ਛਬੀਲ ਵੀ ਲੱਗੇਗੀ • ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name : RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
## ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)




ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋਂ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)




ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਨ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULWINDER MANN** |
| **+44 7458 381111, +44 7976 210161** | **+44 7858 198159** | **+44 7883 635835** | **+44 7900 982906** |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ ।

ਆਵਾਜ਼ਿ ਕੌਮ
AWAZE QAUM

ਆਵਾਜ਼ਿ-ਕੌਮ
ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mentioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**

**Program is subject to change without Prior Notice.**

ਆਵਾਜ਼ਿ ਕੌਮ
AWAZE QAUM

## JOURNEY OF A LIFE TIME
## PANJ TAKHAT YATRA
### 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ
AWAZE QAUM

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**


**FOR MORE INFORMATION PLS. CONTACT**

| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULVINDER MANN** |
| **+44 7458 381111, +44 7976 210161** | **+44 7858 198159** | **+44 7883 635835** | **+44 7900 982906** |

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

## ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨਿ ਕੋਟਿ ਧੰਨਵਾਦ

# ਸ਼ੁਕਰਾਨੇ ਦੀ ਅਰਦਾਸ

## ਸਨਿੱਚਰਵਾਰ 30 ਅਗਸਤ 2025 ਸ਼ਾਮ 3 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣਗੇ। ਉਪੰਰਤ 5 ਵਜੇ ਤੱਕ ਦੀਵਾਨ ਸੱਜਣਗੇ

ਸਰਦਾਰ ਜਤਿੰਦਰ ਸਿੰਘ ਮੰਡ ਦੇ ਘਰ ਪੁੱਤਰ ਕਾਕਾ ਫ਼ਤਹਿ ਫੁਰਮਾਨ ਸਿੰਘ ਦੀ ਦਾਤ ਪ੍ਰਾਪਤ ਹੋਈ। ਸਮੂੰਹ ਮੰਡ ਪਰਿਵਾਰ ਦਾਦਾ ਅਤੇ ਦਾਦੀ ਵੱਲੋਂ ਰਿਸ਼ਤੇਦਾਰ ਸਾਕ ਸਬੰਧੀ ਯਾਰਾਂ ਦੋਸਤਾਂ ਨੂੰ ਬੇਨਤੀ ਹੈ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।

## ਗੁਰੂ ਕਾ ਲੰਗਰ ਅਤੁੱਟ ਵਰਤੇਗਾ

--✶ ਗੁਰੂ ਪੰਥ ਦੇ ਸੇਵਾਦਾਰ ✶--

# ਸਮੂਹ ਮੰਡ ਪਰਿਵਾਰ

## ਅਤੇ ਸਾਕ-ਸਬੰਧੀ

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

**( FROM 15th FEB 2026 TO 25th FEB 2026 )**

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

**RAGHBIR SINGH**
(CALL + 44 7458 381111, + 44 7976 210161)

PARAMJIT SHERGILL
+44 7858 198159

INDERJIT KAUR
+44 7883 635835

KULVINDER MANN
+44 7900 982906

121, BROADWAY WEST WALSALL, WEST MIDLANDS, WS1 4DW, ENGLAND UK


ਇੰਗਲੈਂਡ ਗੁਰਮਤਿ ਪ੍ਰਚਾਰ ਫੇਰੀ
ਅਗਸਤ ਗੁਰਮਤਿ ਸਮਾਗਮ
15 ਅਗਸਤ
ਗੁਰੂ ਤੇਗ਼ ਬਹਾਦਰ ਸਾਹਿਬ ਜੀ ਗੁਰਦੁਆਰਾ ਹਲਸਫੀਲਡ
16 ਅਗਸਤ ਗੁਰਦੁਆਰਾ ਮਾਨਚੈਸਟਰ ਸ਼ਾਮ ਨੂੰ ਕਥਾ
17 ਅਗਸਤ ਐਤਵਾਰ
11:45 ਤੇ ਗੁਰੂ ਹਰਿ ਰਾਏ ਸਾਹਿਬ ਗੁਰਦੁਆਰਾ ਵੈਸਟਬ੍ਰਮਵਿੱਚ
17 ਅਗਸਤ 12:30
ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਗੁਰਦੁਆਰਾ ਟਿਵੀਡੇਲ
17 ਅਗਸਤ ਐਤਵਾਰ ਸ਼ਾਮ ਨੂੰ
6:30 ਤੋਂ 7:15
ਗੁਰੂ ਨਾਨਕ ਗੁਰਦੁਆਰਾ ਵਿਹਲਨਹਾਲ
17 ਅਗਸਤ 7:30 ਸ਼ਾਮ ਨੂੰ
ਨਾਨਕਸਰ ਠਾਠ ਈਸ਼ਰ ਦਰਬਾਰ ਵੁਲਵਰਹੈਂਪਟਨ
ਆਵਾਜ਼ਿ ਕੌਮ AWAZE QAUM International Newspaper & WEB TV
ਸਿੰਘ ਸਾਹਿਬ
ਗਿ. ਮਲਕੀਤ ਸਿੰਘ ਜੀ
ਹੈੱਡ ਗ੍ਰੰਥੀ ਤਖ਼ਤ ਸ਼੍ਰੀ ਅਕਾਲ ਤਖਤ ਸਾਹਿਬ
UK. 0447877210546
IND. 98552 03174




## ਕੀ ਗਿਆਨੀ ਹਰਪ੍ਰੀਤ ਸਿੰਘ ਅਕਾਲੀ ਦਲ ਨੂੰ ਰਾਸ਼ਟਰਵਾਦੀ ਸੋਚ ਦੀ ਜਕੜ ਵਿੱਚੋਂ ਕੱਢ ਕੇ ਇਸਦੇ ਪੰਥਕ ਸਰੂਪ ਨੂੰ ਬਹਾਲ ਕਰਨ ਵਿੱਚ ਸਫਲ ਹੋਣਗੇ ?



**ਅਕਾਲੀ ਦਲ** ਪੁਨਰ ਸਥਾਪਤੀ ਦੇ ਅਮਲ ਤੋਂ ਬਾਅਦ ਹੋਂਦ ਵਿੱਚ ਆਏ ਅਕਾਲੀ ਧੜੇ ਦੇ ਪ੍ਰਧਾਨ ਵਜੋਂ ਗਿਆਨੀ ਹਰਪ੍ਰੀਤ ਸਿੰਘ ਦੀ ਨਿਯੁਕਤੀ ਬਾਰੇ ਰਲਵਾ-ਮਿਲਵਾ ਪ੍ਰਤੀਕਰਮ ਦੇਖਣ ਨੂੰ ਮਿਲਿਆ ।ਬਾਦਲ ਧੜੇ ਵੱਲੋਂ ਨੀਵੇਂ ਪੱਧਰ ਦੇ ਪ੍ਰਾਪੇਗੰਡੇ ਦੀ ਪਹਿਲਾਂ ਤੋ ਹੀ ਤਵੱਕੋ ਸੀ ।ਮੁੱਢਲੇ ਰੂਪ ਵਿੱਚ ਇਹ ਧੜਾ ਅਕਾਲੀ ਦਲ ਸੁਧਾਰ ਲਹਿਰ ਦਾ ਥੋੜਾ ਹੋਰ ਵਿਸਥਾਰਤ ਪੰਥਕ ਰੂਪ ਹੈ ।ਅੱਜ ਦੀ ਸਥਿਤੀ ਵਿੱਚ ਕਿਸੇ ਵੀ ਅਕਾਲੀ ਧੜੇ ਕੋਲ ਮੁੱਖ ਅਕਾਲੀ ਧੜਾ ਹੋਣ ਦਾ ਫ਼ਤਵਾ ਨਹੀ ਹੈ ।ਬਾਦਲ ਧੜੇ ਦੀ ਰਾਜਸੀ ਮਹੱਤਤਾ ਕੇਵਲ ਇਸ ਗੱਲ ਉੱਪਰ ਟਿਕੀ ਹੋਈ ਹੈ ਕਿ ਉਹਨਾਂ ਦਾ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਉੱਪਰ ਕਬਜ਼ਾ ਹੈ ,ਪਰ ਉਹ ਧੜਾ ਆਪਣਾ ਇਖਲਾਕੀ ਅਤੇ ਵੋਟ ਆਧਾਰ ਗਵਾ ਚੁੱਕਾ ਹੈ ।ਅਕਾਲੀ ਦਲ ਵਾਰਿਸ ਪੰਜਾਬ ਦਾ ਸੰਗਠਨ ਢਾਂਚਾ ਭਾਵੇ ਅਜੇ ਜਿਆਦਾ ਮਜਬੂਤ ਨਹੀ ,ਪਰ ਭਾਈ ਅੰਮ੍ਰਿਤਪਾਲ ਸਿੰਘ ਇਸ ਵਕਤ ਸਿੱਖ ਪੰਥ ਵਿੱਚ ਕੱਦਾਵਰ ਇਖਲਾਕੀ ਆਗੂ ਬਣ ਕੇ ਉਭਰ ਰਹੇ ਹਨ ।ਭਵਿੱਖ ਵਿੱਚ ਨਵੇਂ ਉੱਭਰ ਕੇ ਆਏ ਅਕਾਲੀ ਧੜੇ ਅਤੇ ਭਾਈ ਅੰਮ੍ਰਿਤਪਾਲ ਦੇ ਧੜੇ ਵਿਚਕਾਰ ਰਾਜਸੀ ਨੇੜਤਾ ਦੀਆਂ ਕਿਆਸਅਰਾਈਆਂ ਸੁਨਣ ਵਿੱਚ ਆ ਰਹੀਆਂ ਸਨ ।ਪਰ ਪੁਨਰ ਸਥਾਪਤੀ ਧੜੇ ਵਿੱਚ ਪ੍ਰਧਾਨਗੀ ਦੇ ਉਮੀਦਵਾਰ ਨੂੰ ਲੈ ਕੇ ਬੀਬੀ ਜਾਗੀਰ ਕੌਰ ,ਰੱਖੜਾ ਅਤੇ ਚੰਦੂਮਾਜਰਾ ਜਿਹੇ ਲੀਡਰਾਂ ਵੱਲੋਂ ਬੀਬੀ ਸਤਵੰਤ ਕੌਰ ਦੀ ਗਰਮਦਲੀ ਰਾਜਸੀ ਪਛਾਣ ਹੋਣ ਕਰਕੇ ਕੀਤੇ ਵਿਰੋਧ ਨੇ ਭਾਈ ਅੰਮ੍ਰਿਤਪਾਲ ਸਿੰਘ ਦੇ ਗੁੱਟ ਵਿੱਚ ਨਵੇਂ ਉੱਭਰ ਕੇ ਆਏ ਧੜੇ ਪ੍ਰਤੀ ਕੁੱਝ ਗੰਭੀਰ ਸਵਾਲ ਉਤਪੰਨ ਹੋਣੇ ਸ਼ੁਰੂ ਹੋ ਗਏ ਹਨ ।ਬੀਬੀ ਸਤਵੰਤ ਕੌਰ ਦੇ ਨਾਮ ਦਾ ਪ੍ਰਧਾਨਗੀ ਵਜੋ ਹੋਏ ਵਿਰੋਧ ਨੂੰ ਉਕਤ ਆਗੂਆਂ ਦੀ ਰਾਸ਼ਟਰਵਾਦੀ ਸੋਚ ਅਤੇ ਭਾਜਪਾ ਦੇ ਪ੍ਰਭਾਵ ਵਜੋ ਦੇਖਿਆ ਜਾ ਰਿਹਾ ਹੈ ।ਨਵੇਂ ਧੜੇ ਦੇ ਇਹਨਾਂ ਆਗੂਆਂ ਦਾ ਇਹ ਰਵੱਈਆ ਦਰਸਾਉਂਦਾ ਹੈ ਕਿ ਇਹਨਾਂ ਦੀ ਕੌਮ ਪ੍ਰਸਤੀ ਉੱਪਰ ਰਾਸ਼ਟਰਵਾਦੀ ਪ੍ਰਵਿਰਤੀ ਪਹਿਲਾਂ ਵਾਂਗ ਹੀ ਭਾਰੂ ਹੈ ।ਜੇਕਰ ਇਸ ਪ੍ਰਵਿਰਤੀ ਦੇ ਆਗੂ ਨਵੇ ਧੜੇ ਦੀਆਂ ਨੀਤੀਆਂ ਉੱਤੇ ਭਾਰੂ ਰਹਿਣਗੇ ਤਾਂ ਭਵਿੱਖ ਵਿੱਚ ਇਸ ਧੜੇ ਵੱਲੋਂ ਬਾਦਲ ਦਲ ਨਾਲੋ ਵੱਖਰੀ ਰਾਜਨੀਤੀ ਦੀ ਤਵੱਕੋ ਕਿਵੇਂ ਕੀਤੀ ਜਾ ਸਕਦੀ ਹੈ ।ਕੀ ਗਿਆਨੀ ਹਰਪ੍ਰੀਤ ਸਿੰਘ ਭਵਿੱਖ ਵਿੱਚ ਇਹਨਾਂ ਪੁਰਾਣੇ ਅਕਾਲੀ ਆਗੂਆਂ ਦੇ ਪ੍ਰਭਾਵ ਤੋਂ ਮੁਕਤ ਹੋ ਕੇ ਅਕਾਲੀ ਦਲ ਦੇ ਸੱਠਵਿਆਂ ਵਾਲੇ ਪੰਥਕ ਸਰੂਪ ਨੂੰ ਬਹਾਲ ਕਰ ਸਕਣਗੇ ,ਇਹ ਸਵਾਲ ਦੇ ਜਵਾਬ ਨਾਲ ਗਿਆਨੀ ਹਰਪ੍ਰੀਤ ਸਿੰਘ ਦੀ ਸਫਲਤਾ ਜੁੜੀ ਹੋਈ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV

### ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਵਿਖੇ

# ਮਨਾਇਆ ਗਿਆ 79ਵਾਂ ਆਜ਼ਾਦੀ ਦਿਵਸ



**ਚੌਕ ਮਹਿਤਾ, 14ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**- 79ਵਾਂ ਆਜ਼ਾਦੀ ਦਿਵਸ ਸਾਰੇ ਹੀ ਭਾਰਤ ਵਿੱਚ ਬੜੀ ਸ਼ਾਨ ਅਤੇ ਬਹੁਤ ਮਾਣ ਨਾਲ ਮਨਾਇਆ ਜਾਣ ਵਾਲਾ ਉਤਸਵ ਹੈ। ਹਲਕੇ ਦੀ ਮੰਨੀ ਪ੍ਰਮੰਨੀ ਸੰਸਥਾਂ ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਵਿਖੇ ਆਜ਼ਾਦੀ ਦਿਵਸ ਮਨਾਇਆ ਗਿਆ ।ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਵੱਲੋਂ ਬੜੇ ਹੀ ਉਤਸ਼ਾਹ ਨਾਲ ਹਿੱਸਾ ਪਾ ਕੇ ਆਪਣੀਆਂ ਜਾਨਾਂ ਕੁਰਬਾਨ ਕਰ ਚੁੱਕੇ ਸੁਤੰਤਰਤਾ ਸੰਗਰਾਮੀਆਂ ਨੂੰ ਯਾਦ ਕੀਤਾ ਗਿਆ ।ਵਿਦਿਆਰਥੀਆਂ ਵੱਲੋਂ ਆਜ਼ਾਦੀ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਸੰਬੰਧਿਤ ਸਟੇਜੀ ਗਤੀਵਿਧੀਆਂ ਕੀਤੀਆਂ ਗਈਆਂ ।ਵਿਦਿਆਰਥੀਆਂ ਨੇ ਗੀਤ ਸੰਗੀਤ ,ਕਵਿਤਾ ,ਗਰੁੱਪ ਸੌਂਗ ,ਗਰੁੱਪ ਡਾਂਸ ,ਭਾਸ਼ਣ ,ਕੋਰਿਓਗ੍ਰਾਫੀ ਆਦਿ ਰਾਹੀਂ ਦੇਸ਼ ਪ੍ਰੇਮ ਅਤੇ ਦੇਸ਼ ਭਗਤੀ ਦੇ ਭਾਵਾਂ ਨੂੰ ਪ੍ਰਗਟ ਕੀਤਾ। ਵਿਦਿਆਰਥੀਆਂ ਨੇ ਬੜੇ ਹੀ ਜੋਸ਼ ਨਾਲ ਆਪਣੇ ਆਜ਼ਾਦ ਭਾਰਤ ਦੀ ਮਹਿਮਾ ਨੂੰ ਗਾਇਆ ।ਇਸ ਮੌਕੇ ਸੰਸਥਾ ਦੇ ਅਧਿਆਪਕਾਂ ਨੇ ਪੂਰੇ ਸਹਿਯੋਗ ਨਾਲ ਵੱਧ ਚੜ ਕੇ ਇਸ ਉਤਸਵ ਨੂੰ ਸਫਲ ਬਣਾਉਣ ਲਈ ਬਣਦਾ ਯੋਗਦਾਨ ਦਿੱਤਾ। ਸੰਸਥਾ ਦੇ ਚੇਅਰਮੈਨ ਨਰਿੰਦਰ ਸਿੰਘ ਬਾਠ ਵੱਲੋਂ ਵਿਦਿਆਰਥੀਆਂ ਨਾਲ ਆਪਣੇ ਵਿਚਾਰਾਂ ਨੂੰ ਸਾਂਝਾ ਕੀਤਾ ਤੇ ਕਿਹਾ ਕਿ ਆਉਣ ਵਾਲੀ ਪੀੜੀ ਦੇ ਹੱਥ ਵਿੱਚ ਸਾਡੇ ਭਾਰਤ ਦਾ ਗੌਰਵਮਈ ਇਤਿਹਾਸ ਹੈ ਅਤੇ ਇਸ ਨੂੰ ਬਰਕਰਾਰ ਰੱਖਣਾ ਵੀ ਇਸ ਪੀੜੀ ਦਾ ਮੁੱਖ ਮਨੋਰਥ ਹੈ। ਸੰਸਥਾ ਦੇ ਡਾਇਰੈਕਟਰ ਨਰਿੰਦਰ ਸਿੰਘ ਬਾਠ ਤੋਂ ਇਲਾਵਾ ਰਾਜਵੰਤ ਕੌਰ ਬਾਠ,ਪ੍ਰਿੰਸੀਪਲ ਸਾਖਸੀ ਬੇਦੀ, ਪ੍ਰਭਜੋਤ ਕੌਰ,ਰਾਜਬੀਰ ਕੌਰ, ਨਵਜੋਤ ਕੌਰ,ਜਸਨਪਰੀਤ ਕੌਰ,ਪਰਦੀਪ ਕੌਰ,ਕੋਮਲਪਰੀਤ ਕੌਰ,ਅਰਸਦੀਪ ਕੌਰ ਹਰਪ੍ਰੀਤ ਕੌਰ, ਰਮਨਪ੍ਰੀਤ ਕੌਰ ਵੱਲੋਂ ਸਕੂਲ ਦੇ ਬੱਚਿਆਂ ਨੂੰ ਦੇਸ਼ ਦੀ ਸੇਵਾ ਕਰਨ ਦੀ ਪ੍ਰੇਰਨਾ ਦਿੱਤੀ।

ਆਵਾਜ਼ਿ ਕੌਮ
AWAZE QAUM
International Newspaper & WEB TV

## 16 ਅਗਸਤ ਨੂੰ ਬਰਸੀ 'ਤੇ ਵਿਸ਼ੇਸ਼

# ਵਿੱਦਿਆ ਮਾਰਤੰਡ ਤੇ ਬ੍ਰਹਮ-ਗਿਆਨੀ ਸਨ : ਸੰਤ ਕਰਤਾਰ ਸਿੰਘ ਭਿੰਡਰਾਂਵਾਲੇ

**ਬ੍ਰਹਮ-ਗਿਆਨੀ**, ਵਿੱਦਿਆ ਮਾਰਤੰਡ, ਸੰਤ-ਸਿਪਾਹੀ ਸੰਤ ਗਿਆਨੀ ਕਰਤਾਰ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਜਨਮ 21 ਅਕਤੂਬਰ 1932 ਈ: 5 ਕੱਤਕ ਸੰਮਤ 1989 ਬਿਕਰਮੀ ਨੂੰ ਜਥੇਦਾਰ ਝੰਡਾ ਸਿੰਘ ਦੇ ਘਰ ਮਾਤਾ ਲਾਭ ਕੌਰ ਦੀ ਕੁੱਖ ਤੋਂ ਪਿੰਡ ਭੂਰੇ ਕੋਹਨਾ ਤਹਿਸੀਲ ਪੱਟੀ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਇਆ। ਬਾਬਾ ਝੰਡਾ ਸਿੰਘ ਜੀ ਪੂਰਨ ਗੁਰਸਿੱਖ ਤੇ ਪੰਥ ਲਈ ਹਰ ਸਮੇਂ ਹਰ ਪ੍ਰਕਾਰ ਦੀ ਸੇਵਾ ਲਈ ਤੱਤਪਰ ਰਹਿੰਦੇ। ਮਾਤਾ-ਪਿਤਾ ਦੇ ਸਿੱਖੀ ਵਿੱਚ ਪ੍ਰਪੱਕ ਹੋਣ ਕਰਕੇ ਸੰਤ ਜੀ ਬਚਪਨ ਤੋਂ ਹੀ ਧਾਰਮਿਕ ਰੁਚੀ ਦੇ ਮਾਲਕ ਸਨ। ਸੰਤ ਜੀ ਨੇ ਸਕੂਲੀ ਵਿੱਦਿਆ ਮਿਡਲ ਤੱਕ ਖੇਮਕਰਨ, ਮੈਟ੍ਰਿਕ ਭਿੱਖੀਵਿੰਡ ਤੋਂ ਅਤੇ ਉਚੇਰੀ ਵਿੱਦਿਆ ਖ਼ਾਲਸਾ

ਆਵਾਜ਼ਿ ਕੌਮ AWAZE QAUM International Newspaper & WEB TV

ਕਾਲਜ ਅੰਮ੍ਰਿਤਸਰ ਤੋਂ ਐਫ.ਏ.ਪਾਸ ਕੀਤੀ। ਪਿੰਡ ਦੇ ਬਜ਼ੁਰਗ ਬੱਗਾ ਸਿੰਘ ਜੀ ਪਾਸੋਂ ਪੰਜ ਸਾਲ ਦੀ ਉਮਰ ਵਿੱਚ ਜਪੁਜੀ ਸਾਹਿਬ ਬਾਣੀ ਜ਼ਬਾਨੀ ਕੰਠ ਕਰ ਲਈ। ਕਾਲਜ ਵਿੱਚ ਪੜ੍ਹਦੇ ਸਮੇਂ ਆਪ ਪੰਜ ਗ੍ਰੰਥੀ ਅਤੇ 25 ਪਾਠ ਜਪੁਜੀ ਸਾਹਿਬ ਦੇ ਰੋਜ਼ਾਨਾ ਕਰਦੇ ਸਨ। ਸੰਤ ਜੀ ਨੇ ਸੰਤ ਗੁਰਬਚਨ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਕੋਲ ਪਿੰਡ ਭਿੰਡਰਾਂ ਆ ਕੇ ਪੰਜ ਪਿਆਰਿਆਂ ਕੋਲੋਂ ਖੰਡੇ-ਬਾਟੇ ਦਾ ਅੰਮ੍ਰਿਤਪਾਨ ਕੀਤਾ ਤੇ ਗੁਰੂ ਵਾਲੇ ਬਣੇ। ਉਹਨਾਂ ਦਾ 18 ਸਾਲ ਦੀ ਉਮਰ ਵਿੱਚ ਬੀਬੀ ਨਿਰੰਜਨ ਕੌਰ ਸਪੁੱਤਰੀ ਸ੍ਰ: ਕਰਤਾਰ ਸਿੰਘ ਨਾਲ 1950 ਈ: ਵਿੱਚ ਪੂਰਨ ਗੁਰਮਰਯਾਦਾ ਅਨੁਸਾਰ ਵਿਆਹ ਹੋਇਆ। ਆਪ ਦੇ ਗ੍ਰਹਿ ਦੋ ਲੜਕਿਆਂ ਭਾਈ ਅਮਰੀਕ ਸਿੰਘ ਤੇ ਭਾਈ ਮਨਜੀਤ ਸਿੰਘ ਨੇ ਜਨਮ ਲਿਆ। ਭਾਈ ਅਮਰੀਕ ਸਿੰਘ ਜੀ 1984 ਵਿੱਚ ਸ਼੍ਰੀ ਦਰਬਾਰ ਸਾਹਿਬ ਤੇ ਹੋਏ ਹਮਲੇ ਸਮੇਂ ਫ਼ੌਜ ਨਾਲ ਲੜਦੇ ਸ਼ਹੀਦੀ ਪਾ ਗਏ। ਸੰਤ ਕਰਤਾਰ ਸਿੰਘ ਨੇ ਖੇਤੀ ਵੀ ਕੀਤੀ ਤੇ ਆਪਣੇ ਪਿਤਾ ਜਥੇਦਾਰ ਝੰਡਾ ਸਿੰਘ ਜੀ ਦੇ ਹੁਕਮ ਨੂੰ ਮੰਨਦਿਆਂ ਸ਼੍ਰੀ ਮੁਕਤਸਰ ਸਾਹਿਬ ਵਿਖੇ ਪਟਵਾਰੀ ਦੀ ਨੌਕਰੀ ਕੀਤੀ। ਗੁਰਮਤਿ ਵਿੱਚ ਲੀਨ ਰਹਿਣ ਕਾਰਨ ਤੇ ਨੌਕਰੀ ਵਿੱਚ ਮਨ ਨਾ ਲੱਗਣ ਕਾਰਨ 1957 ਈ: ਨੂੰ ਅਸਤੀਫ਼ਾ ਦੇ ਕੇ ਪੱਕੇ ਤੌਰ 'ਤੇ ਭਿੰਡਰਾਂਵਾਲਾ ਜਥੇ ਵਿੱਚ ਸ਼ਾਮਲ ਹੋ ਗਏ।

1958 ਈ: ਤੋਂ ਲੈ ਕੇ 1969 ਈ: ਤੱਕ ਆਪ ਸੰਤ ਗੁਰਬਚਨ ਸਿੰਘ ਜੀ ਖ਼ਾਲਸਾ ਦੇ ਗੜਵਈ ਰਹੇ। ਗੜਵਈ ਦੀ ਸੇਵਾ ਕਰਦਿਆਂ ਆਪ ਅੰਮ੍ਰਿਤ ਵੇਲੇ ਇਸ਼ਨਾਨ ਕਰਨ ਉਪਰੰਤ ਪੰਜ ਬਾਣੀਆਂ ਦਾ ਪਾਠ, ਸੱਤੇ ਬਲਵੰਡਿ ਦੀ ਵਾਰ, 25-30 ਅੰਗ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਠ ਸੁਣਾਉਣਾ, ਗੁਰਬਾਣੀ ਦੀ ਕਥਾ ਕਰਨੀ, ਛੋਟੇ ਵਿਦਿਆਰਥੀਆਂ/ਬੱਚਿਆਂ ਨੂੰ ਗੁਰਮਤਿ ਦੀ ਪੜ੍ਹਾਈ ਕਰਾਉਣੀ, ਜਥੇ ਨੂੰ ਲੰਗਰ-ਪਾਣੀ ਛਕਾਉਣਾ, ਸਿਮਰਨ ਕਰਨਾ ਆਦਿ। ਆਪ ਨੇ 11 ਸਾਲ ਗੜਵਈ ਦੀ ਸੇਵਾ ਪੂਰੀ



ਲਗਨ ਤੇ ਇਮਾਨਦਾਰੀ ਨਾਲ ਨਿਭਾਈ। 1964 ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੰਤ ਚੰਨਣ ਸਿੰਘ ਨੇ ਗੁਰਬਾਣੀ ਦੇ ਮੰਗਲਾਂ ਦੀ ਸੁਧਾਈ ਸੰਤ ਗਿਆਨੀ ਗੁਰਬਚਨ ਸਿੰਘ ਖ਼ਾਲਸਾ ਨੂੰ ਸੌਂਪੀ ਤਾਂ ਆਪ ਨੇ ਸੰਤ ਜੀ ਦੀ ਦੇਖ-ਰੇਖ ਵਿੱਚ ਲਗਾਤਾਰ ਛੇ ਸਾਲ ਅੰਮ੍ਰਿਤਸਰ ਵਿੱਚ ਰਹਿ ਕੇ ਪੂਰੀ ਲਗਨ ਤੇ ਮਿਹਨਤ ਨਾਲ ਮੰਗਲਾਂ ਦੀ ਸੁਧਾਈ ਨੂੰ ਸਫਲਤਾ ਨਾਲ ਸੰਪੂਰਨ ਕੀਤਾ।

ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਵਤਾਰ ਦਿਹਾੜੇ ਵਾਲੇ ਦਿਨ ਤਖ਼ਤ ਸ਼੍ਰੀ ਪਟਨਾ ਸਾਹਿਬ ਵਿਖੇ 1966 ਈ: ਵਿੱਚ ਸੰਤ ਗਿਆਨੀ ਗੁਰਬਚਨ ਸਿੰਘ ਨੇ ਸਾਰੀ ਸੰਗਤ ਦੇ ਸਾਹਮਣੇ ਸੰਤ ਕਰਤਾਰ ਸਿੰਘ ਜੀ ਨੂੰ ਆਪਣੇ ਹੱਥੀਂ ਦਮਦਮੀ ਟਕਸਾਲ ਦੀ ਸੇਵਾ ਸੌਂਪੀ।28 ਜੂਨ 1969 ਈ: ਵਿੱਚ ਸੰਤ ਗਿਆਨੀ ਗੁਰਬਚਨ ਸਿੰਘ ਖ਼ਾਲਸਾ ਭਿੰਡਰਾਂਵਾਲਾ ਦੇ ਪਿੰਡ ਮਹਿਤਾ ਵਿਖੇ ਸੱਚ-ਖੰਡ ਬਿਰਾਜਣ ਤੋਂ ਬਾਅਦ ਮਹਾਂਪੁਰਸ਼ਾਂ ਦੇ ਹੁਕਮ ਅਨੁਸਾਰ ਸਾਰੀਆਂ ਸਿੱਖ ਸੰਪਰਦਾਵਾਂ ਦੇ ਮੁਖੀਆਂ ਨੇ ਆਪ ਨੂੰ ਦਮਦਮੀ ਟਕਸਾਲ ਦਾ 13ਵਾਂ ਮੁਖੀ ਨਿਯੁਕਤ ਕੀਤਾ। ਆਪ ਨੇ ਗੁਰਬਾਣੀ, ਗੁਰਮਤਿ, ਗੁਰਸਿੱਖੀ ਦਾ ਪ੍ਰਚਾਰ ਜੰਗੀ ਪੱਧਰ 'ਤੇ ਕਰਕੇ ਦਮਦਮੀ ਟਕਸਾਲ ਦਾ ਨਾਂ ਵਿਸ਼ਵ ਭਰ ਵਿੱਚ ਪ੍ਰਸਿੱਧ ਕਰ ਦਿੱਤਾ। ਸੰਤ ਜੀ ਨੇ ਸੰਤ ਗੁਰਬਚਨ ਸਿੰਘ ਜੀ ਦੀ ਯਾਦ ਵਿੱਚ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਬਣਾਇਆ ਅਤੇ ਹੋਰ ਵੀ ਕਈ ਪਿੰਡਾਂ ਜਿਵੇਂ ਸਦਰਵਾਲਾ, ਕਾਦੀਆਂ, ਕਾਹਲਵਾਂ ਵਿੱਚ ਵੀ ਸੁੰਦਰ ਗੁਰਦੁਆਰੇ ਬਣਾਏ। ਸੰਤ ਜੀ ਪਾਸੋਂ ਪੜ੍ਹੇ ਹੋਏ ਸੈਂਕੜੇ ਵਿਦਿਆਰਥੀ ਪਾਠੀ, ਗ੍ਰੰਥੀ, ਕਥਾ-ਵਾਚਕ ਬਣ ਕੇ ਦੇਸ਼ਾਂ-ਵਿਦੇਸ਼ਾਂ ਵਿੱਚ ਰੋਜ਼ੀ-ਰੋਟੀ ਖਾਤਰ ਧਰਮ ਪ੍ਰਚਾਰ ਦੀ ਸੇਵਾ ਕਰ ਰਹੇ ਹਨ।

ਸੰਤ ਕਰਤਾਰ ਸਿੰਘ ਜੀ ਨੇ ਗੁਰੂ ਤੇਗ਼ ਬਹਾਦਰ ਜੀ ਦੇ 300 ਸਾਲਾ ਸ਼ਹੀਦੀ ਦਿਵਸ ਦੇ ਸੰਬੰਧ ਵਿੱਚ ਅਤੇ ਗੁਰਮਤਿ ਪ੍ਰਚਾਰ ਲਈ ਐਮਰਜੈਂਸੀ ਦੇ ਖ਼ਿਲਾਫ਼ 37 ਵੱਡੇ ਨਗਰ-ਕੀਰਤਨ ਸਜਾਏ ਗਏ ਅਤੇ ਨੌਜਵਾਨਾਂ ਨੂੰ ਸਿੱਖੀ ਸਰੂਪ ਵਿੱਚ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਆਪ ਨੇ ਅੱਠ ਸਾਲ ਦੇ ਗੁਰਮਤਿ ਪ੍ਰਚਾਰ ਸਮੇਂ ਵਿੱਚ ਲੱਖਾਂ ਪ੍ਰਾਣੀਆਂ ਨੂੰ ਅੰਮ੍ਰਿਤ ਛਕਾ ਕੇ ਗੁਰੂ ਦੇ ਲੜ ਲਾਇਆ।

3 ਅਗਸਤ 1977 ਈ: ਨੂੰ ਮਲਸੀਆਂ (ਜਲੰਧਰ) ਤੋਂ ਸੋਲਨ (ਹਿਮਾਚਲ ਪ੍ਰਦੇਸ਼) ਨੂੰ ਜਾ ਰਹੇ ਸਨ ਤਾਂ ਲੁਧਿਆਣਾ ਨੇੜੇ ਸੰਤ ਕਰਤਾਰ ਸਿੰਘ ਜੀ ਦੀ ਕਾਰ ਇੱਕ ਦਰਖ਼ਤ ਨਾਲ ਜਾ ਟਕਰਾਈ, ਇਸ ਹਾਦਸੇ ਵਿੱਚ ਸੰਤ ਜੀ ਸਖ਼ਤ ਜ਼ਖ਼ਮੀ ਹੋ ਗਏ, ਬਾਅਦ ਵਿੱਚ ਉਹਨਾਂ ਨੂੰ ਸੀ.ਐਮ.ਸੀ. ਹਸਪਤਾਲ ਦਾਖ਼ਲ ਕਰਵਾਇਆ ਗਿਆ, 13 ਦਿਨ ਉਹ ਜ਼ਿੰਦਗੀ ਮੌਤ ਨਾਲ ਸੰਘਰਸ਼ ਕਰਦੇ ਰਹੇ। 16 ਅਗਸਤ 1977 ਈ: ਨੂੰ ਸ਼ਾਮ ਸਵਾ ਛੇ ਵਜੇ ਸੰਤ ਕਰਤਾਰ ਸਿੰਘ ਜੀ 45 ਸਾਲ ਦੀ ਉਮਰ ਬਤੀਤ ਕਰਕੇ ਸੱਚ-ਖੰਡ ਜਾ ਬਿਰਾਜੇ।

ਦਮਦਮੀ ਟਕਸਾਲ ਦੇ 13ਵੇਂ ਮੁਖੀ ਸੰਤ ਕਰਤਾਰ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ 47ਵੀਂ ਬਰਸੀ 16 ਅਗਸਤ ਦਿਨ ਸ਼ੁੱਕਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਚੌਂਕ ਮਹਿਤਾ ਵਿਖੇ ਬੜੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ।

**-ਕਰਨੈਲ ਸਿੰਘ ਐੱਮ.ਏ.ਲੁਧਿਆਣਾ**
#1138/63-ਏ, ਗੁਰੂ ਤੇਗ਼ ਬਹਾਦਰ ਨਗਰ
ਗਲੀ ਨੰਬਰ-1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ

## ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਕਰਵਾਏ ਗਏ

# ਵਾਲੀਬਾਲ ਜੋਨ ਪੱਧਰੀ ਮੁਕਾਬਲਿਆ ਵਿੱਚ ਸਕੂਲ ਦੇ ਅੰਡਰ-17 ਲੜਕਿਆ ਨੇ ਮਾਰੀ ਬਾਜੀ



**ਬਿਲਾਸਪੁਰ (ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਵਿਖੇ ਪੰਜਾਬ ਸਕੂਲਾਂ ਦੇ ਚੱਲ ਰਹੇ ਜੋਨਲ ਮੁਕਾਬਲੇ ਕਰਵਾਏ ਗਏ। ਵਾਲੀਬਾਲ ਖੇਡਾਂ ਦੇ ਕਰਵਾਏ ਗਏ ਮੁਕਾਬਲਿਆਂ ਵਿੱਚ ਵਿਸ਼ੇਸ਼ ਤੌਰ ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸਮਾਜ ਸੇਵੀ ਸਰਦਾਰ ਸਰਦਾਰ ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾਂ, ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ, ਅਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਬੱਚਿਆਂ ਨਾਲ ਜਾਣ ਪਹਿਚਾਣ ਕੀਤੀ ਅਤੇ ਬੱਚਿਆਂ ਨੂੰ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ, ਸਾਰੀਆਂ ਹੀ ਪਹੁੰਚੀਆਂ ਹੋਈਆਂ ਟੀਮਾਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ, ਜਿਸ ਵਿੱਚ ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ (ਮੀਰੀ ਪੀਰੀ) ਕੁੱਸਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਿਲਾਸਪੁਰ ਅਤੇ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੇ ਅੰਡਰ 14 ਲੜਕਿਆਂ, ਅੰਡਰ 17 ਲੜਕਿਆਂ, ਅੰਡਰ 19 ਲੜਕਿਆਂ ਨੇ ਭਾਗ ਲਿਆ, ਜਿਸ ਵਿੱਚ ਸੁਪਰੀਮ ਕੌਨਵੈਂਟ ਬਿਲਾਸਪੁਰ ਦੇ ਅੰਡਰ 17 ਲੜਕਿਆਂ ਨੇ ਪਹਿਲਾ ਦਰਜਾ ਹਾਸਿਲ ਕੀਤਾ ਅਤੇ ਮੀਰੀ ਪੀਰੀ ਕੁੱਸਾ ਸਕੂਲ ਦੇ ਅੰਡਰ 19 ਲੜਕਿਆਂ ਨੇ ਪਹਿਲਾ ਅਤੇ ਸੁਪਰੀਮ ਕੌਨਵੈਂਟ ਸਕੂਲ ਨੇ ਦੂਸਰਾ ਸਥਾਨ ਹਾਸਿਲ ਕੀਤਾ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਿਲਾਸਪੁਰ ਦੇ ਲੜਕੇ ਅੰਡਰ 19 ਵਾਲੀਬਾਲ ਸ਼ੂਟਿੰਗ ਵਿੱਚੋਂ ਪਹਿਲਾ ਸਥਾਨ ਹਾਸਿਲ ਕੀਤਾ। ਸਕੂਲ ਪ੍ਰਧਾਨ ਸਮਾਜ ਸੇਵੀ ਸਰਦਾਰ ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਮੈਡਮ ਕੰਜੂਮੋਲ ਜੋਅ, ਅਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਜੇਤੂ ਬੱਚਿਆਂ ਨੂੰ ਮੁਬਾਰਕਾਂ ਦਿੰਦਿਆਂ ਕਿਹਾ ਕਿ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ ਨਾਲ ਖੇਡਾਂ ਨਾਲ ਜੁੜਨਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੁਪਰੀਮ ਕੋਰਟ ਦੇ ਫੈਸਲੇ ਦੀ ਰੋਸ਼ਨੀ ਵਿਚ ਬੰਦੀ ਸਿੰਘਾਂ ਨੂੰ ਵੀਂ ਕੀਤਾ ਜਾਏ ਰਿਹਾਅ: ਇੰਦਰਜੀਤ ਸਿੰਘ ਵਿਕਾਸਪੁਰੀ

## ਬੰਦੀ ਸਿੰਘਾਂ ਦੇ ਮਨੁੱਖੀ ਅਧਿਕਾਰਾਂ ਅਤੇ ਸੰਵਿਧਾਨ ਦੀ ਘੋਰ ਉਲੰਘਣਾ ਅਤੇ ਸਿੱਖ ਭਾਵਨਾਵਾਂ ਨਾਲ ਵੀ ਹੋ ਰਹੀ ਹੈ ਬੇਇਨਸਾਫ਼ੀ

ਨਵੀਂ ਦਿੱਲੀ 14 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸੁਪਰੀਮ ਕੋਰਟ ਦੇ ਨਵੇਂ ਫੈਸਲੇ ਜਿਸ ਵਿੱਚ ਵੱਖ ਵੱਖ ਜੇਲਾਂ ਵਿੱਚ ਬੰਦ ਕੈਦੀਆਂ ਜਿਨਾਂ ਨੇ ਆਪਣੀ ਸਜਾਵਾਂ ਪੂਰੀਆਂ ਕਰ ਲਈਆਂ ਹਨ ਉਹਨਾਂ ਨੂੰ ਰਿਹਾਅ ਕਰਨ ਦੇ ਫੈਸਲੇ ਦਾ 13 ਆਸਾ ਵੈਲਫੇਅਰ ਟਰੱਸਟ ਦੇ ਸਮੂਹ ਮੈਂਬਰ ਸਵਾਗਤ ਕਰਦੇ ਹਨ ਅਤੇ ਭਾਰਤ ਦੀ ਉੱਚ ਨਿਆਂ ਪਾਲਿਕਾ ਵੱਲੋਂ ਜੋ ਇਹ ਫੈਸਲਾ ਲਿੱਤਾ ਗਿਆ ਉਸ ਨੂੰ



ਆਵਾਜ਼ਿ ਕੌਮ AWAZE QAUM International Newspaper & WEB TV


ਪੂਰਨ ਤੌਰ ਤੇ ਅਮਲ ਵਿੱਚ ਲਿਆਉਣ ਲਈ ਦੇਸ਼ ਦੇ ਹਰ ਸੂਬਾ ਸਰਕਾਰ ਨੂੰ ਨਿਰਦੇਸ਼ ਦਿੱਤੇ ਜਾਣ ਕਿ ਇਸੇ ਫੈਸਲੇ ਦੀ ਰੋਸ਼ਨੀ ਵਿਚ ਜਿਹੜੇ ਸਿੱਖ ਬੰਦੀ ਸਿੰਘ 30 ਸਾਲਾਂ ਤੋਂ ਵੱਧ ਸਮੇਂ ਤੋਂ ਆਪਣੀਆਂ ਬਣਦੀਆਂ ਸਜਾਵਾਂ ਤੋਂ ਵੀਂ ਵੱਧ ਸਜ਼ਾ ਭੁਗਤ ਚੁੱਕੇ ਉਹਨਾਂ ਨੂੰ ਪਹਿਲ ਦੇ ਆਧਾਰ ਤੇ ਰਿਹਾਅ ਕੀਤਾ ਜਾਏ ।ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਦੋ ਕਾਨੂੰਨ ਨਹੀਂ ਹੋਣੇ ਚਾਹੀਦੇ ਕਿਸੇ ਇੱਕ ਪ੍ਰਾਂਤ ਜਾਂ ਕਿਸੇ ਵਿਸ਼ੇਸ਼ ਧਰਮ ਵਾਸਤੇ, ਨਿਆਂ ਦਾ ਅਧਿਕਾਰ ਦੇਸ਼ ਦੇ ਹਰ ਪ੍ਰਾਣੀ ਵਾਸਤੇ ਇੱਕ ਸਮਾਨ ਹੋਣਾ ਚਾਹੀਦਾ ਤਾਂ ਕਿ ਦੇਸ਼ ਦੀ ਅਖੰਡਤਾ ਬਰਕਰਾਰ ਰਹੇ। ਇੰਦਰਜੀਤ ਸਿੰਘ ਵਿਕਾਸ ਪੁਰੀ ਨੇ ਕਿਹਾ ਕਿ ਸਿੱਖ ਬੰਦੀ ਸਿੰਘਾਂ ਨੇ ਕਰੀਬ 30 ਸਾਲਾਂ ਤੋਂ ਵੱਧ ਸਮਾਂ ਜੇਲ੍ਹਾਂ ਵਿੱਚ ਬਿਤਾਇਆ ਹੈ, ਪਰ ਸਰਕਾਰੀ ਨੀਤੀਆਂ ਕਾਰਨ ਉਨ੍ਹਾਂ ਨੂੰ ਰਿਹਾਈ ਨਹੀਂ ਮਿਲ ਰਹੀ। ਉਨ੍ਹਾਂ ਕਿਹਾ ਕਿ ਇਹ ਨਾ ਸਿਰਫ਼ ਮਨੁੱਖੀ ਅਧਿਕਾਰਾਂ ਅਤੇ ਸੰਵਿਧਾਨ ਦੀ ਘੋਰ ਉਲੰਘਣਾ ਹੈ, ਬਲਕਿ ਸਿੱਖ ਭਾਵਨਾਵਾਂ ਨਾਲ ਵੀ ਬੇਇਨਸਾਫ਼ੀ ਹੈ, ਜਿਸ ਨਾਲ ਪੰਜਾਬ ਅਤੇ ਸਿੱਖ ਭਾਈਚਾਰੇ ਵਿੱਚ ਰੋਸ ਵਧ ਰਿਹਾ ਹੈ। ਸਰਕਾਰਾਂ ਵੱਲੋਂ ਬੰਦੀ ਸਿੰਘਾਂ ਨਾਲ ਕੀਤੀ ਜਾ ਰਹੀ ਇਹ ਬੇਇਨਸਾਫ਼ੀ ਨਿਆਂ ਦੀ ਭਾਵਨਾ ਨੂੰ ਠੇਸ ਪਹੁੰਚਾਉਂਦੀ ਹੈ। ਉਨ੍ਹਾਂ ਨੇ ਕਿਹਾ ਕਿ ਸੁਪਰੀਮ ਕੋਰਟ ਦਾ ਇਹ ਫੈਸਲਾ ਬੰਦੀ ਸਿੰਘਾਂ ਲਈ ਨਿਆਂ ਦਾ ਰਾਹ ਖੋਲ੍ਹਦਾ ਹੈ ਅਤੇ ਸਰਕਾਰਾਂ ਨੂੰ ਇਸ ਨੂੰ ਲਾਗੂ ਕਰਕੇ ਬੰਦੀ ਸਿੰਘਾਂ ਨੂੰ ਰਿਹਾਅ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਸਿੱਖ ਭਾਈਚਾਰੇ ਨੂੰ ਵੀ ਅਪੀਲ ਕੀਤੀ ਕਿ ਇਸ ਮੁੱਦੇ ਤੇ ਏਕਤਾ ਨਾਲ ਖੜ੍ਹੇ ਰਹਿਣ ਅਤੇ ਨਿਆਂ ਲਈ ਆਵਾਜ਼ ਬੁਲੰਦ ਕਰਨ ਲਈ ਅੱਗੇ ਆਉਣ । ਸਿੱਖ ਆਗੂਆਂ ਨੂੰ ਆਪਣੇ ਮੱਤਭੇਦ ਭੁਲਾ ਕੇ ਇਕਜੁੱਟ ਹੋ ਕੇ ਇਸ ਫੈਸਲੇ ਤੇ ਕੰਮ ਕਰਕੇ ਬੰਦੀ ਸਿੰਘਾਂ ਨੂੰ ਸਰਕਾਰਾਂ ਤੋਂ ਆਜ਼ਾਦ ਕਰਵਾਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਵਾਹਿਗੁਰੂ ਜੀ ਕਾ ਖਾਲਸਾ।। ਵਾਹਿਗੁਰੂ ਜੀ ਕੀ ਫਤਿਹ।।

**ਬਾਬਾ ਮੱਖਣ ਸ਼ਾਹ ਜੀ ਲੁਬਾਣਾ ਵੱਲੋਂ ਨੋਵੇਂ ਪਾਤਸ਼ਾਹ ਧੰਨ ਗੁਰੂ ਤੇਗ ਬਹਾਦਰ ਸਾਹਿਬ ਮਹਾਰਾਜ ਜੀ ਨੂੰ ਗੁਰੂ ਰੂਪ ਵਿੱਚ ਪਰਗਟ ਕਰਨ ਦੀ ਖੁਸ਼ੀ ਵਿੱਚ**





## ਗੁਰਦੁਆਰਾ ਗੁਰੂ ਨਾਨਕ ਦੇਵ ਜੀ ਵਿਆਨਾ ਆਸਟਰੀਆ ਵਿਖੇ

ਮਿਤੀ 15, 16 ਅਤੇ 17 ਅਗਸਤ 2025
ਦਿਨ ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ


# ਗੁਰੂ ਲਾਧੋ ਰੇ ਦਿਵਸ

★ ਪ੍ਰੋਗਰਾਮ ਦਾ ਵੇਰਵਾ ★

**ਮਿਤੀ 15 ਅਗਸਤ 2025 ਦਿਨ ਸ਼ੁੱਕਰਵਾਰ**
ਸ੍ਰੀ ਅਖੰਡ ਪਾਠ ਸਾਹਿਬ ਆਰੰਭ......ਸਵੇਰੇ 10:30 ਵਜੇ.
ਨਿਤਨੇਮ.......ਸ਼ਾਮ 6:00 ਤੋਂ 6:30 ਵਜੇ ਤੱਕ
ਕਥਾ ਵੀਚਾਰ......6:30 ਵਜੇ ਤੋਂ 7:00 ਵਜੇ ਤੱਕ
ਕਵੀਸ਼ਰੀ ਜੱਥਾ......ਸ਼ਾਮ 7:00 ਵਜੇ ਤੋਂ 8:00 ਵਜੇ ਤੱਕ

**ਮਿਤੀ 16 ਅਗਸਤ 2025 ਦਿਨ ਸ਼ਨੀਵਾਰ**
ਨਿਤਨੇਮ.......ਸ਼ਾਮ 6:00 ਤੋਂ 6:30 ਵਜੇ ਤੱਕ
ਕਥਾ ਵੀਚਾਰ......6:30 ਵਜੇ ਤੋਂ 7:00 ਵਜੇ ਤੱਕ
ਕਵੀਸ਼ਰੀ ਜੱਥਾ........ਸ਼ਾਮ 7:00 ਵਜੇ ਤੋਂ 8:00 ਵਜੇ ਤੱਕ

**ਮਿਤੀ 17 ਅਗਸਤ 2025 ਦਿਨ ਐਤਵਾਰ**
ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ......ਸਵੇਰੇ 10:30 ਵਜੇ
ਕਥਾ ਵੀਚਾਰ...12:00 ਤੋਂ 1:00 ਵਜੇ ਤੱਕ
ਕਵੀਸ਼ਰੀ ਜੱਥਾ......1:00 ਵਜੇ ਤੋਂ 2:00 ਵਜੇ ਤੱਕ



ਕਥਾਵਾਚਕ
ਭਾਈ ਜਸਪਾਲ ਸਿੰਘ ਜੀ
ਬਟਾਲੇ ਵਾਲੇ




ਕਵੀਸ਼ਰੀ ਜੱਥਾ
ਗਿਆਨੀ ਸੁਲੱਖਣ ਸਿੰਘ ਜੀ
ਜਾਗੋ ਵਾਲੇ

**ਸੋ ਆਪ ਗੁਰੂ ਨਾਨਕ ਨਾਮ ਲੇਵਾ ਸਿੱਖ ਸੰਗਤਾਂ ਦੇ ਚਰਨਾਂ ਵਿਚ ਬੇਨਤੀ ਹੈ ਕਿ ਆਪ ਜੀ ਨੇ ਪਰਿਵਾਰਾਂ ਸਮੇਤ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।**

Gurdwara Guru Nanak Dev Ji
Langobarden Strasse 47-49 1220 Vienna Austria

# 15 ਅਗਸਤ 1947 : ਸਾਨੂੰ ਨ੍ਹੀਂ ਮਿਲੀ ਅਜ਼ਾਦੀ, ਸਾਡੀ ਤਾਂ ਹੋਈ ਬਰਬਾਦੀ




15 **ਅਗਸਤ** ਨੂੰ ਭਾਰਤ ਵਿੱਚ ਅਜ਼ਾਦੀ ਦਿਹਾੜੇ ਦੇ ਜਸ਼ਨ ਮਨਾਏ ਜਾਂਦੇ ਹਨ। ਇੱਕ ਦਿਨ ਪਹਿਲਾਂ ਪਾਕਿਸਤਾਨ ਵਿੱਚ ਵੀ ਜਸ਼ਨ ਹੁੰਦੇ ਨੇ। ਦੋਵੇਂ ਮੁਲਕਾਂ ਦੇ ਲੋਕ ਸਾਡੀ ਕੌਮ ਦਾ ਦਰਦ ਨਹੀਂ ਸਮਝਦੇ। 1947 ਮੌਕੇ ਦੋਹਾਂ ਮੁਲਕਾਂ ਵਿਚਾਲੇ ਸਾਡੀ ਪੰਜਾਬ ਦੀ ਧਰਤੀ ਵਿਚਾਲਿਓਂ ਵੰਡੀ ਗਈ। ਸਾਡੇ ਲੋਕਾਂ ਨੇ ਸਭ ਤੋਂ ਵੱਧ ਕਸ਼ਟ ਝੱਲਿਆ। ਸਾਡੇ ਬਜੁਰਗ ਕਹਿੰਦੇ ਹੁੰਦੇ ਸੀ ਕਿ "ਜਦ ਉਜਾੜੇ ਪਏ÷, ਬਿਲਕੁਲ ਓਦੋਂ ਸਾਡੇ ਘਰਾਂ ਵਿੱਚ ਉਜਾੜੇ ਹੀ ਪਏ ਸਨ। ਮੁਆਵਜਿਆਂ ਦੀ ਗੱਲ ਕਰਦੇ ਨੇ। ਕਹਿੰਦੇ ਨੇ ਵੱਟੇ ਵਿੱਚ ਜੋ ਦੇ ਸਕਦੇ ਸੀ ਮਿਲ ਗਿਆ ਹੈ। ਨਨਕਾਣਾ ਸਾਹਿਬ ਤੇ ਹੋਰ ਜਾਨੋਂ ਪਿਆਰੇ ਗੁਰਧਾਮਾਂ ਨੂੰ ਛੱਡ ਕੇ ਆਉਣ ਦਾ ਦਰਦ ਕਿਵੇਂ ਕੋਈ ਮਿਣ ਸਕਦਾ ? ਸਾਡੀ ਕੌਮ ਦੇ ਆਗੂਆਂ ਨੇ ਜਿਹੜੇ ਵਾਅਦਿਆਂ ਉੱਤੇ ਯਕੀਨ ਕੀਤਾ ਸੀ, ਅਗਲੇ ਸਾਫ਼ ਮੁੱਕਰ ਗਏ। ਕਹਿੰਦੇ "ਅਬ ਵਕਤ ਬਦਲ ਗਿਆ ਹੈ।"

ਅਗਲੇ ਮਾਲਕ ਬਣ ਬੈਠੇ ਤੇ ਅਸੀਂ ਗੁਲਾਮ। ਫੇਰ ਕਹਿੰਦੇ ਅਸੀਂ ਦੱਸਾਂਗੇ ਕਿ ਗ਼ੁਲਾਮਾਂ ਨੂੰ ਕੀ ਦੇਣਾ, ਕੀ ਖਾਣ-ਪਹਿਨਣਗੇ, ਇਹਨਾਂ ਦਾ ਦੋਸਤ ਕੌਣ ਹੈ ਤੇ ਦੁਸ਼ਮਣ ਕੌਣ ਹੈ, ਸਭ ਕੁਝ ਕਹਿੰਦੇ ਅਸੀਂ ਫ਼ੈਸਲੇ ਕਰਾਂਗੇ ਕਿਉਂਕਿ ਅਸੀਂ ਮਾਲਕ ਹਾਂ। ਤਖ਼ਤਾਂ ਤਾਜਾਂ ਦੇ ਮਾਲਕ, ਭਿਖਾਰੀਆਂ ਵਰਗੇ ਬਣਾ ਧਰੇ। ਵਕਤ ਦੀ ਕਾਲ਼ੀ ਬੋਲ਼ੀ ਹਨੇਰੀ ਨੇ ਸਾਨੂੰ ਕੱਖੋਂ ਹੌਲ਼ੇ ਕਰ ਦਿੱਤਾ। ਹਨੇਰੀਆਂ ਵਿੱਚ ਉੱਡਦੇ ਕੱਖ-ਕਾਨਿਆਂ ਵਾਂਗ ਅਸੀਂ ਰੁਲਦੇ ਫਿਰੇ। ਸਭ ਤੋਂ ਵੱਡੀ ਸੱਟ ਸੀ ਸਾਡੇ ਭਰੋਸਿਆਂ ਦਾ, ਸਾਡੇ ਵਿਸ਼ਵਾਸ਼ ਦਾ ਕਤਲ। ਕੀਹਦੇ ਕੋਲ ਜਾ ਕੇ ਰੋਈਏ ਕਿ ਸਾਡੇ ਨਾਲ਼ ਇਹਨਾਂ ਲਾਲ਼ਿਆਂ ਨੇ ਜੱਗੋਂ ਤੇਰਵੀਂ ਕੀਤੀ ਹੈ।

ਕਲਗੀਧਰ ਦੇ ਬੱਬਰ ਸ਼ੇਰ ਕਨੂੰਨ ਦੀ ਮਾਰ ਨਾਲ਼ ਸਰਕਾਰ ਦੇ ਸ਼ੇਰ ਬਣਾ ਧਰੇ। ਸੰਵਿਧਾਨ ਵਿੱਚ ਹਿੰਦੂ ਲਿਖ ਦਿੱਤਾ। ਕਹਿੰਦੇ ਬੇਸ਼ੱਕ ਸਿੱਖ ਹੋਵੋ ਪਰ ਤੁਹਾਡੀ ਸੰਵਿਧਾਨਕ ਪਛਾਣ ਹਿੰਦੂ ਹੋਵੇਗੀ ਤੇ ਵਿਆਹ ਬੇਸ਼ੱਕ ਅਨੰਦ ਕਾਰਜ ਕਰਵਾ ਲਵੋ ਪਰ ਸਰਟੀਫਿਕੇਟ ਹਿੰਦੂ ਵਿਆਹ ਕਨੂੰਨ ਤਹਿਤ ਹੀ ਮਿਲੇਗਾ। ਹਰ ਕਾਨੂੰਨ ਹਿੰਦੂਆਂ ਵਾਲ਼ਾ ਥੋਪ ਦਿੱਤਾ। ਕਹਿੰਦੇ ਰਹੇ ਕਿ "ਅਸੀਂ ਹਿੰਦੂ ਨਹੀਂ, ਅਸੀਂ ਸਿੱਖ ਹਾਂ।"

ਧੋਖਿਆਂ, ਧੱਕਿਆਂ, ਵਧੀਕੀਆਂ, ਬੇਵਫਾਈਆਂ ਦੀ ਦਾਸਤਾਨ ਐਨੀ ਲੰਮੀ ਹੈ ਕਿ ਸੁਣਾਉਂਦੇ ਹੰਭ ਜਾਈਏ ਤੇ ਸੁਣਨ ਵਾਲ਼ਾ ਵੀ ਸੋਚਦਾ ਰਹੇ ਕਿ ਕਦ ਮੁੱਕੇਗੀ ਇਹ ਬਾਤ। ਵੱਖਰੀ ਪਛਾਣ ਮੇਟਣ ਤੁਰੇ ਹਿੰਦੂਆਂ ਤੋਂ ਵੱਖਰੇ ਖਿੱਤੇ ਦੀ ਮੰਗ ਦੀ ਆਸ ਕਰਨਾ ਬੇਵਕੂਫੀ ਹੀ ਸੀ ਪਰ ਜਦ ਕੀਤੇ ਪ੍ਰਣ ਚੇਤੇ ਕਰਵਾਏ ਤਾਂ ਉਹਨਾਂ ਨੂੰ ਐਨਾ ਰੋਹ ਆਇਆ ਕਿ 'ਪੰਜਾਬੀ ਸੂਬਾ ਜ਼ਿੰਦਾਬਾਦ' ਕਹਿਣ ਉੱਤੇ ਵੀ ਪਾਬੰਦੀ ਲਾ ਦਿੱਤੀ। ਆਖਰ ਲੂਲਾ-ਲੰਗੜਾ ਸੂਬਾ ਬਣਾਇਆ ਤਾਂ ਪੱਲੇ ਕੁਝ ਨਹੀਂ ਪੈਣ ਦਿੱਤਾ। ਰਾਜਧਾਨੀ ਖੋਹ ਲਈ, ਬਿਜਲੀ ਤੇ ਦਰਿਆਈ ਪਾਣੀ ਖੋਹ ਲਏ, ਹਾਈਕੋਰਟ ਵੀ। ਉੱਪਰੋਂ ਮਿੱਥ ਲਿਆ ਕਿ ਪੰਜਾਬ ਨੂੰ ਬੰਜਰ ਬਣਾਉਣਾ ਹੈ। ਫੇਰ ਮਿੱਥ ਲਿਆ ਕਿ ਧਰਮ ਖੋਹ ਲੈਣਾ ਹੈ ਤੇ ਪੰਜਾਬ ਦੇ ਲੋਕਾਂ ਨੂੰ ਕੰਜਰ ਬਣਾਉਣਾ ਹੈ। ਅੱਯਾਸ਼ੀਆਂ ਤੇ ਬਦਮਾਸ਼ੀਆਂ ਦੇ ਰਾਹ ਤੋਰਨ ਲਈ ਬੜੀ ਸਖ਼ਤ ਮਿਹਨਤ ਕੀਤੀ ਗਈ। ਪੰਜਾਬ ਦੇ ਹੱਕ ਦੇਣ ਦੀ ਬਜਾਏ ਗਲਾ ਘੁੱਟਿਆ ਗਿਆ।

ਚਾਰੇ ਪਾਸੇ ਜਦ ਗੱਲ ਨਾ ਬਣੀ ਤਾਂ ਪੰਥ ਅਤੇ ਪੰਜਾਬ ਨੇ ਧਰਮ ਯੁੱਧ ਮੋਰਚਾ ਲਾਇਆ ਕਿ ਸਾਡੇ ਹੱਕ ਦਿਓ। ਦਿੱਲੀ ਦਰਬਾਰ ਨੇ ਮਿੱਥ ਲਿਆ ਕਿ ਐਨੀ ਖ਼ਤਰਨਾਕ ਮਾਰ ਮਾਰੋ ਕਿ ਸਦੀਆਂ ਤੱਕ ਹਿੱਲਣ ਜੋਗੇ ਨਾ ਰਹਿਣ। ਨਸਲਕੁਸ਼ੀ ਦੀ ਸਿਖਰ ਹੋ ਗਈ। ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਤੇ ਹਮਲਾ, ਜੂਨ ਤੇ ਨਵੰਬਰ 1984 ਤੇ ਨਾਲ ਹੀ ਝੂਠੇ ਮੁਕੱਦਮਿਆਂ, ਝੂਠੇ ਮੁਕਾਬਲਿਆਂ ਤੇ ਫੇਰ ਅਣਪਛਾਤੀਆਂ ਲਾਸ਼ਾਂ ਦੇ ਅੰਬਾਰ ਲੱਗਣ ਲੱਗ ਪਏ। ਉੱਪਰੋਂ ਕਹਿੰਦੇ ਕਿ ਪੰਜਾਬ ਵਿੱਚ ਅਮਨ-ਸ਼ਾਂਤੀ ਲਿਆਉਣ ਲਈ ਸਾਡਾ ਤਾਂ ਐਨੇ ਕਰੋੜ ਖਰਚਾ ਆ ਗਿਆ ਤੇ ਇਹ ਪੰਜਾਬ ਸਿਰ ਕਰਜ਼ਾ ਹੈ। ਜਿਵੇਂ ਕਿਸੇ ਨੂੰ ਕੁਟਾਪਾ ਚਾੜ੍ਹ ਕੇ ਕੋਈ ਕਹੇ ਕਿ ਜੋ ਤੇਰੇ ਕੋਲ ਆਉਣ ਜਾਣ ਉੱਤੇ ਕਾਰ ਦਾ ਖਰਚਾ ਹੋਇਆ ਉਹ ਵੀ ਦੇਹ। ਕਿਸੇ ਕਾਤਲ ਨੇ ਗੋਲ਼ੀ ਮਾਰਨ ਵਾਲ਼ੇ ਤੋਂ ਕਾਰਤੂਸ ਦਾ ਇਉਂ ਖਰਚਾ ਲਿਆ ? ਪਰ ਸਾਡੀ ਕੌਮ ਨੂੰ ਮਾਰਨ-ਕੁੱਟਣ ਦਾ ਖਰਚਾ ਵੀ ਸਾਡੇ ਸਿਰ ਪਿਆ ਹੈ। ਪੁਰਾਣੇ ਵੇਲਿਆਂ ਵਿੱਚ ਜ਼ਾਲਮ ਰਾਜੇ ਕਿਸੇ ਰਾਜ ਨੂੰ ਹਰਾਉਣ, ਝੁਕਾਉਣ ਮਗਰੋਂ ਜੁਰਮਾਨਾ ਲਾ ਦਿੰਦੇ ਸੀ। ਓਹੀ ਕੁਝ ਪੰਜਾਬ ਨਾਲ਼ ਦਿੱਲੀ ਨੇ ਕੀਤਾ।

1947 ਦੀ ਪੰਦਰਾਂ ਅਗਸਤ ਤੋਂ ਹੁਣ ਤੱਕ ਨਾ ਸੁੱਖ ਦਾ ਸਾਹ ਆਇਆ ਤੇ ਨਾ ਅਗਾਹਾਂ ਕੋਈ ਆਸ ਹੈ। ਫੇਰ ਪੰਜਾਬ ਦੇ ਲੋਕ ਕਾਹਦੇ ਜਸ਼ਨ ਮਨਾਉਣ ? ਜਿਹੜੇ ਤਖ਼ਤਾਂ-ਤਾਜਾਂ ਦੇ ਮਾਲਕ ਬਣੇ ਨੇ, ਜਿਨ੍ਹਾਂ ਦੇ ਘਰ ਖੁਸ਼ੀਆਂ-ਖੇੜੇ ਨੇ ਉਹ ਮਨਾਈ ਜਾਣ। ਸਾਡੇ ਤਾਂ ਹਰ ਘਰ ਸੱਥਰ ਵਿਛਿਆ ਹੋਇਆ ਹੈ। ਸਾਡੇ ਤਾਂ ਧਰਮ, ਬੋਲੀ ਤੇ ਸੱਭਿਆਚਾਰ ਦੀ ਬਰਬਾਦੀ ਪ੍ਰਤੱਖ ਦਿਸ ਰਹੀ ਹੈ।

ਇਸੇ ਕਰਕੇ ਜਿਨ੍ਹਾਂ ਦੀ ਜ਼ਮੀਰ ਜਾਗਦੀ ਹੈ, ਹਰ ਸਾਲ ਪੰਦਰਾਂ ਅਗਸਤ ਦਾ ਬਾਈਕਾਟ ਕਰਦੇ ਹਨ। ਕਿਉਂ ਦੇਈਏ ਓਸ ਸੰਵਿਧਾਨ ਨੂੰ ਸਤਿਕਾਰ ਜੋ ਸਾਨੂੰ ਹਿੰਦੂ ਕਹਿੰਦਾ ਹੈ ? ਕਿਉਂ ਕਰੀਏ ਓਸ ਤਿਰੰਗੇ ਦਾ ਸਤਿਕਾਰ ਜਿਸ ਵਿੱਚ ਸਿੱਖਾਂ ਦਾ ਰੰਗ ਵੀ ਨਹੀਂ ਪਾਇਆ ? ਚਲੋ ਐਨਾ ਸ਼ੁਕਰ ਕਰੋ ਕਿ ਅਸੀਂ ਇਸ ਸੰਵਿਧਾਨ ਤੇ ਇਸ ਤਿਰੰਗੇ ਦਾ ਤ੍ਰਿਸਕਾਰ ਨਹੀਂ ਕਰਦੇ। ਪਰ ਸਾਥੋਂ ਦਿਲ ਉੱਤੇ ਪੱਥਰ ਰੱਖ ਕੇ ਇਹਨਾਂ ਨੂੰ ਸਲਾਮੀਆਂ ਨਹੀਂ ਦੇ ਹੁੰਦੀਆਂ।

ਹਰ ਸਾਲ ਵਾਂਗ ਇਸ ਵਾਰ ਵੀ ਸਾਡਾ ਪੰਦਰਾਂ ਅਗਸਤ ਨੂੰ ਕਾਲ਼ਾ ਦਿਨ ਹੋਵੇਗਾ। ਮੁਕੰਮਲ ਬਾਈਕਾਟ। ਅਸੀਂ ਨਿਆਣਿਆਂ ਨੂੰ ਦੱਸਾਂਗੇ ਕਿ ਇਹ ਉਹ ਲੋਕ ਨੇ ਜੋ ਅਕ੍ਰਿਤਘਣ ਨੇ, ਅਹਿਸਾਨਫਰਾਮੋਸ਼ ਨੇ, ਦੁਨੀਆਂ ਨੂੰ ਦੱਸਾਂਗੇ ਸਾਡੇ ਨਾਲ ਕੀ ਕੁਝ ਹੋਇਆ। ਇਹ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਭੁੱਲ ਗਏ ਨੇ ਤਾਂ ਅਠ੍ਹਾਰਵੀਂ ਸਦੀ ਦੇ ਸਿੱਖਾਂ ਦੇ ਅਹਿਸਾਨ ਕਿੱਥੇ ਚੇਤੇ ਰੱਖਦੇ ? ਇਹ ਸਿੱਖੀ ਤੇ ਸਿੱਖਾਂ ਦੇ ਕਾਤਲ ਨੇ। ਇਹਨਾਂ ਉੱਤੇ ਯਕੀਨ ਨਾ ਕਰਿਓ। 1947 ਮੌਕੇ ਇਹਨਾਂ ਉੱਤੇ ਭਰੋਸਾ ਕੀਤਾ ਸੀ ਪਰ ਇਹਨਾਂ ਨੇ ਮੁੱਕਰਨ ਲੱਗਿਆਂ ਸਕਿੰਟ ਨਹੀਂ ਸੋਚਿਆ।

- ਰਣਜੀਤ ਸਿੰਘ
ਦਮਦਮੀ ਟਕਸਾਲ
(ਪ੍ਰਧਾਨ ਸਿੱਖ ਯੂਥ
ਫ਼ੈਡਰੇਸ਼ਨ
ਭਿੰਡਰਾਂਵਾਲਾ)
ਮੋ : 88722-
93883



### ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਸਮਾਗਮ ਵਿੱਚ

# ਗ੍ਰਹਿ ਮੰਤਰੀ ਅਮਿਤ ਸ਼ਾਹ ਕਰਨਗੇ ਸ਼ਮੂਲੀਅਤ

**ਚੌਕ ਮਹਿਤਾ,14 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮਹਾਰਾਸ਼ਟਰ ਸਰਕਾਰ ਵੱਲੋਂ ਨਵੀਂ ਮੁੰਬਈ ਵਿੱਚ 21 ਅਤੇ 22 ਦਸੰਬਰ 2025 ਨੂੰ ਮਨਾਏ ਜਾ ਰਹੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਸਮਾਗਮ ਵਿੱਚ ਦੇਸ਼ ਦੇ ਗ੍ਰਿਹ ਮੰਤਰੀ ਮਾਨਯੋਗ ਸ਼੍ਰੀ ਅਮਿਤ ਸ਼ਾਹ ਜੀ ਸ਼ਮੂਲੀਅਤ ਕਰਨਗੇ। ਇਹ ਜਾਣਕਾਰੀ ਮਹਾਰਾਸ਼ਟਰ ਦੀ 11 ਮੈਂਬਰੀ ਸਿੱਖ ਤਾਲਮੇਲ ਕਮੇਟੀ ਦੇ ਆਗੂ ਸਰਦਾਰ ਜਸਪਾਲ ਸਿੰਘ ਸਿੱਧੂ ਨੇ ਦਿੱਤੀ, ਜਿਨ੍ਹਾਂ ਨੇ ਅਮਿਤ ਸ਼ਾਹ ਜੀ ਨਾਲ ਮੁਲਾਕਾਤ ਦੌਰਾਨ ਉਨ੍ਹਾਂ ਨੂੰ ਸੱਦਾ ਪੱਤਰ ਸੌਂਪਿਆ।



ਸਰਦਾਰ ਜਸਪਾਲ ਸਿੰਘ ਸਿੱਧੂ ਨੇ ਦੱਸਿਆ ਕਿ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਦੀ ਅਗਵਾਈ ਹੇਠ, ਮਹਾਰਾਸ਼ਟਰ ਦੇ ਮੁੱਖ ਮੰਤਰੀ ਦਵਿੰਦਰ ਫਰਨਵੀਸ ਸਰਕਾਰ ਦੇ ਸਹਿਯੋਗ ਨਾਲ ਆਯੋਜਿਤ ਹੋਣ ਵਾਲੇ ਇਨ੍ਹਾਂ ਸਮਾਗਮਾਂ ਲਈ ਅਮਿਤ ਸ਼ਾਹ ਜੀ ਨੇ ਹਾਜ਼ਰੀ ਭਰਨ ਦੀ ਸਹਿਮਤੀ ਦਿੱਤੀ ਹੈ। ਗ੍ਰਿਹ ਮੰਤਰੀ ਨੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਬੇਮਿਸਾਲ ਕੁਰਬਾਨੀ ਨੂੰ ਧਾਰਮਿਕ ਆਜ਼ਾਦੀ, ਮਨੁੱਖੀ ਮਾਣ-ਸਨਮਾਨ ਅਤੇ ਏਕਤਾ ਦਾ ਚਿਰਾਗ ਕਰਾਰ ਦਿੰਦਿਆਂ, ਕੇਂਦਰ ਸਰਕਾਰ ਵੱਲੋਂ ਸ਼ਹੀਦੀ ਸਮਾਗਮ

ਆਵਾਜ਼ਿ ਕੌਮ AWAZE QAUM International Newspaper & WEB TV

ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਅਮਿਤ ਸ਼ਾਹ ਜੀ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸਰਵੱਚ ਕੁਰਬਾਨੀ ਸਾਰੀ ਮਨੁੱਖਤਾ ਲਈ ਹਿੰਮਤ, ਧਾਰਮਿਕਤਾ ਅਤੇ ਹਮਦਰਦੀ ਦੀ ਪ੍ਰੇਰਣਾ ਹੈ। ਇਹ ਸ਼ਹੀਦੀ ਸ਼ਤਾਬਦੀ ਸਮਾਗਮ ਸਾਰੇ ਭਾਰਤ ਦੇ ਸ਼ਰਧਾਲੂਆਂ, ਵਿਦਵਾਨਾਂ ਅਤੇ ਭਾਈਚਾਰਕ ਆਗੂਆਂ ਨੂੰ ਏਕਤਾ, ਸ਼ਾਂਤੀ ਅਤੇ ਨਿਰਸਵਾਰਥ ਸੇਵਾ ਦੇ ਸਦੀਵੀ ਸੰਦੇਸ਼ ਨੂੰ ਪ੍ਰਸਾਰਤ ਕਰਨ ਲਈ ਇਕੱਠਾ ਕਰੇਗਾ। ਸਮਾਗਮ ਦੇ ਮੁੱਖ ਉਦੇਸ਼ ਬਾਰੇ ਭਾਈ ਜਸਪਾਲ ਸਿੰਘ ਸਿੱਧੂ ਨੇ ਕਿਹਾ ਕਿ ਇਹ ਸਮਾਗਮ ਦਾ ਮਕਸਦ ਜਿੱਥੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੂੰ ਸਿਜਦਾ ਕਰਨਾ ਹੈ ਉਥੇ ਹੀ ਸਿੱਖ, ਸਿਕਲੀਗੜ, ਬੰਜਾਰਾ-ਲਬਾਣਾ, ਮੋਸਿਆਲ-ਸਿੰਧੀ ਆਦਿ ਭਾਈਚਾਰਿਆਂ ਨੂੰ ਗੁਰੂ ਸਾਹਿਬ ਦੀਆਂ ਪਰੰਪਰਾਵਾਂ ਅਤੇ ਕੁਰਬਾਨੀਆਂ ਨਾਲ ਜੋੜਨ ਤੋਂ ਇਲਾਵਾ ਭਾਰਤ ਵਾਸੀਆਂ ਵਿੱਚ ਧਾਰਮਿਕ ਆਜ਼ਾਦੀ, ਰਾਸ਼ਟਰ ਭਗਤੀ ਅਤੇ ਨਿਰਸਵਾਰਥ ਸੇਵਾ ਦੇ ਸੰਦੇਸ਼ ਨੂੰ ਫੈਲਾਉਣਾ। ਵੱਖ-ਵੱਖ ਜਾਤਾਂ ਅਤੇ ਭਾਈਚਾਰਿਆਂ ਵਿਚ ਏਕਤਾ ਅਤੇ ਭਰਾਤਰੀ ਭਾਵਨਾ ਮਜ਼ਬੂਤ ਕਾਰਨ, ਧਰਮ ਪਰਿਵਰਤਨ ਨੂੰ ਰੋਕਣ ਅਤੇ ਸਮਾਜਕ-ਸੱਭਿਆਚਾਰਕ ਜਾਗਰੂਕਤਾ ਵਧਾਉਣਾ ਵੀ ਮੁੱਖ ਮੰਤਵ ਹੈ।।

ਸਮਾਗਮ ਦੀਆਂ ਤਿਆਰੀਆਂ ਅਤੇ ਯੋਜਨਾਵਾਂ ਬਾਰੇ ਉਹਨਾਂ ਕਿਹਾ ਕਿ ਰਾਜ ਪੱਧਰ ਤੋਂ ਪਿੰਡ ਪੱਧਰ ਤੱਕ ਪ੍ਰਬੰਧਕ, ਮਾਰਗਦਰਸ਼ਨ ਅਤੇ ਜਾਗਰਣ ਕਮੇਟੀਆਂ ਦਾ ਗਠਨ ਕੀਤਾ ਗਿਆ। ਸਿੱਖ ਇਤਿਹਾਸ ਅਤੇ ਗੁਰੂ ਸਾਹਿਬਾਨ ਸਬੰਧੀ ਚਾਰ ਭਾਸ਼ਾਵਾਂ ਵਿੱਚ ਛਾਪੀਆਂ ਗਈਆਂ ਕਿਤਾਬਾਂ ਨੂੰ ਘਰ ਘਰ ਵੰਡਿਆ ਜਾਏਗਾ।

ਬੰਜਾਰਾ ਅਤੇ ਲਬਾਣਾ ਕੁੰਭ ਵਰਗੇ ਧਾਰਮਿਕ-ਸੱਭਿਆਚਾਰਕ ਇਕੱਠਾਂ ਦਾ ਆਯੋਜਨ ਕੀਤਾ ਜਾਵੇਗਾ।

ਸ਼ਹੀਦੀ ਸਮਾਗਮਾਂ ਵਿੱਚ18 ਲੱਖ ਭਾਈਚਾਰਕ ਮੈਂਬਰਾਂ, 100 ਸਨਾਤਾਨੀ ਸੰਤਾਂ, 900 ਬੰਜਾਰਾ-ਲਬਾਣਾ ਸੰਤਾਂ ਅਤੇ 1500 ਸਮਾਜ ਸੇਵਕਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇਗੀ।

ਜਸਪਾਸ ਸਿੰਘ ਸਿੱਧੂ ਨੇ ਦੀ ਸਮਾਗਮ ਸਬੰਧੀ ਮਹੱਤਵਪੂਰਨ ਤਾਰੀਖਾਂ ਅਤੇ ਸਥਾਨ ਬਾਰੇ ਗੱਲ ਕਰਦੇਆਂ ਦੱਸਿਆ ਕਿ 15-16 ਨਵੰਬਰ 2025 ਨੂੰ ਨੰਦੇੜ ਸਾਹਿਬ ਵਿਖੇ, 06-07 ਸਤੰਬਰ 2025 ਨੂੰ ਨਾਗਪੁਰ ਅਤੇ 21-22 ਦਸੰਬਰ 2025 ਨੂੰ ਨਵੀਂ ਬੰਬਈ ਵਿਖੇ ਸਮਾਗਮ ਕੀਤੇ ਜਾਣਗੇ। ਸਮਾ ਸਮਾਗਮਾਂ ਵਿੱਚ ਇਤਿਹਾਸਿਕ ਪ੍ਰੇਰਨਾ ਸਰੋਤ ਵਜੋਂ ਭਾਈ ਮੱਖਣਸ਼ਾਹ ਲਬਾਣਾ, ਭਾਈ ਲਖੀਸ਼ਾਹ ਬੰਜਾਰਾ, ਭਾਈ ਮਤੀਦਾਸ, ਭਾਈ ਸਤੀਦਾਸ ਅਤੇ ਭਾਈ ਦਿਆਲਾ ਜੀ ਦੀਆਂ ਅਮਰ ਕੁਰਬਾਨੀਆਂ ਦਾ ਵਿਸ਼ੇਸ਼ ਜ਼ਿਕਰ ਕੀਤਾ ਜਾਵੇਗਾ, ਜੋ ਗੁਰੂ ਸਾਹਿਬ ਪ੍ਰਤੀ ਅਟੱਲ ਸ਼ਰਧਾ ਅਤੇ ਸਮਰਪਣ ਦੇ ਪ੍ਰਤੀਕ ਹਨ।

> ☛ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਬੇਮਿਸਾਲ ਕੁਰਬਾਨੀ ਧਾਰਮਿਕ ਆਜ਼ਾਦੀ, ਮਨੁੱਖੀ ਮਾਣ-ਸਨਮਾਨ ਅਤੇ ਏਕਤਾ ਕਈ ਪ੍ਰੇਰਨਾ ਦਾ ਸਰੋਤ, ਕੇਂਦਰ ਸਰਕਾਰ ਵੱਲੋਂ ਸ਼ਹੀਦੀ ਸਮਾਗਮ ਨੂੰ ਪੂਰਾ ਸਹਿਯੋਗ ਦਿੱਤਾ ਜਾਏਗਾ : ਅਮਿਤ ਸ਼ਾਹ ☛ ਏਕਤਾ, ਸ਼ਾਂਤੀ ਅਤੇ ਕੁਰਬਾਨੀ ਦਾ ਸੰਦੇਸ਼ ਦੇਸ਼ ਭਰ ਵਿੱਚ ਗੂੰਜੇਗਾ : ਜਸਪਾਲ ਸਿੰਘ ਸਿੱਧੂ

ਉਹਨਾਂ ਕਿਹਾ ਕਿ ਇਹ ਸ਼ਹੀਦੀ ਸ਼ਤਾਬਦੀ ਸਮਾਗਮ ਸਿਰਫ਼ ਇੱਕ ਧਾਰਮਿਕ ਪ੍ਰੋਗਰਾਮ ਨਹੀਂ, ਸਗੋਂ ਭਾਰਤ ਭਰ ਵਿੱਚ ਏਕਤਾ, ਸ਼ਾਂਤੀ ਅਤੇ ਸਾਂਝੀ ਵਿਰਾਸਤ ਦਾ ਪ੍ਰਤੀਕ ਬਣੇਗਾ — ਜਿਸ ਵਿੱਚ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਉਪਦੇਸ਼ ਅਤੇ ਕੁਰਬਾਨੀਆਂ ਭਵਿੱਖੀ ਪੀੜ੍ਹੀਆਂ ਲਈ ਰਾਹ ਪ੍ਰਦਰਸ਼ਨ ਕਰਨਗੀਆਂ।

ਇਸ ਮੌਕੇ ਵਫਦ ਵਿੱਚ ਜਸਪਾਲ ਸਿੰਘ ਸਿੱਧੂ ਤੋਂ ਇਲਾਵਾ ਦਿੱਲੀ ਸਰਕਾਰ ਤੇ ਕੈਬਨਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ ਅਨੰਦਪੁਰ, ਮਹਾਰਾਸ਼ਟਰ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਚਰਨਜੀਤ ਸਿੰਘ ਹੈਪੀ, ਮਹਾਰਾਸ਼ਟਰ ਸਾਹਿਤ ਅਕੈਡਮੀ ਦੇ ਚੇਅਰਮੈਨ ਬੱਲ ਮਲਕੀਤ ਸਿੰਘ, ਹਰਸ਼ਦੀਪ ਸਿੰਘ ਅਤੇ ਹੋਰ ਮੌਜੂਦ ਸਨ।

### ਪ੍ਰਧਾਨ ਮੰਤਰੀ ਆਯੁਸ਼ਮਾਨ ਭਾਰਤ ਯੋਜਨਾ ਤਹਿਤ ਉੱਤਮ ਕਾਰਗੁਜ਼ਾਰੀ ਲਈ

# ਐਸਐਮਓ ਤਲਵੰਡੀ ਸਾਬੋ ਨੂੰ ਸੁਤੰਤਰਤਾ ਦਿਵਸ ਮੌਕੇ 'ਤੇ ਕੀਤਾ ਜਾਏਗਾ ਸਨਮਾਨਿਤ

**ਤਲਵੰਡੀ ਸਾਬੋ, 14 ਅਗਸਤ (ਗੁਰਜੰਟ ਸਿੰਘ ਨਥੇਹਾ)**- ਸਿਹਤ ਵਿਭਾਗ ਪੰਜਾਬ ਸਰਕਾਰ ਵੱਲੋਂ ਪ੍ਰਧਾਨ ਮੰਤਰੀ ਆਯੁਸ਼ਮਾਨ ਭਾਰਤ ਯੋਜਨਾ ਤਹਿਤ ਜ਼ਿਲ੍ਹਾ ਪੱਧਰ 'ਤੇ ਉੱਚ ਪੱਧਰ ਦੀ ਕਾਰਗੁਜ਼ਾਰੀ ਵਾਲੇ ਹਸਪਤਾਲਾਂ ਦੀ ਚੋਣ ਕਰਕੇ ਜਾਰੀ ਕੀਤੀ ਸੂਚੀ ਮੁਤਾਬਿਕ ਜ਼ਿਲ੍ਹਾ ਬਠਿੰਡਾ ਵਿੱਚ ਸ਼ਹੀਦ ਭਾਈ ਮਨੀ ਸਿੰਘ ਜ਼ਿਲ੍ਹਾ ਹਸਪਤਾਲ ਬਠਿੰਡਾ ਪਹਿਲੇ ਦਰਜੇ 'ਤੇ ਹੈ ਅਤੇ ਸਬ ਡਿਵਿਜ਼ਨਲ ਹਸਪਤਾਲ ਤਲਵੰਡੀ ਸਾਬੋ ਦੂਜੇ ਦਰਜੇ 'ਤੇ ਘੋਸ਼ਿਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਬਠਿੰਡਾ ਜ਼ਿਲ੍ਹੇ ਦੇ ਬਲਾਕ ਅਤੇ ਸਬ ਡਵੀਜ਼ਨਲ ਹਸਪਤਾਲਾਂ ਵਿੱਚੋਂ ਅੱਵਲ ਦਰਜੇ 'ਤੇ ਘੋਸ਼ਿਤ ਕੀਤਾ ਗਿਆ ਹੈ। ਇਸ ਮੌਕੇ ਗੱਲਬਾਤ ਕਰਦੇ ਹੋਏ ਐੱਸ.ਐਮ.ਓ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਪੰਜ ਮਹੀਨੇ

ਆਵਾਜ਼ਿ ਕੌਮ AWAZE QAUM International Newspaper & WEB TV





ਪਹਿਲਾਂ ਹੀ ਉਨ੍ਹਾਂ ਦੀ ਪੋਸਟਿੰਗ ਬਤੌਰ ਐੱਸ.ਐਮ.ਓ ਤਲਵੰਡੀ ਸਾਬੋ ਹੋਈ ਹੈ। ਇਸ ਦੌਰਾਨ ਉਨ੍ਹਾਂ ਵੱਲੋਂ ਪਹਿਲੇ ਦਿਨ ਤੋਂ ਹੀ ਸੀਮਿਤ ਵਸੀਲਿਆਂ ਅਤੇ ਸਟਾਫ਼ ਦੀ ਕਮੀ ਦੇ ਬਾਵਜੂਦ ਦਿਨ ਰਾਤ ਸਮਰਪਿਤ ਹੋ ਕੇ ਸੁਧਾਰ ਕਾਰਜ ਕੀਤੇ ਜਾ ਰਹੇ ਹਨ। ਹਸਪਤਾਲ ਦੇ ਵੱਖ-ਵੱਖ ਵਿਭਾਗ ਜਿਵੇਂ ਕਿ ਐਮਰਜੈਂਸੀ, ਓ.ਪੀ.ਡੀ, ਵਾਰਡ, ਅਪਰੇਸ਼ਨ ਥੀਏਟਰ, ਟੀਕਾਕਰਣ ਵਿਭਾਗ, ਲੈਬਾਟਰੀ ਅਤੇ ਨਸ਼ਾ ਛਡਾਊ ਕੇਂਦਰ ਦਾ ਰਾਊਂਡ ਰੋਜ਼ਾਨਾ ਕੀਤਾ ਜਾਂਦਾ ਰਿਹਾ ਅਤੇ ਪਾਈਆਂ ਤੁਰੱਟੀਆਂ ਨੂੰ ਟੀਮ ਵਰਕ ਨਾਲ ਸਟਾਫ਼ ਦੇ ਸਹਿਯੋਗ ਨਾਲ ਦਰੁਸਤ ਕੀਤਾ ਜਾਂਦਾ ਹੈ। ਉਨ੍ਹਾਂ ਨੇ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦਫਤਰੀ ਕੰਮ ਕਾਜ ਦੇ ਨਾਲ-ਨਾਲ ਨਿਰੰਤਰ ਸਿਹਤ ਬਲਾਕ ਅਧੀਨ ਸਿਹਤ ਕੇਂਦਰਾਂ ਦਾ ਦੌਰਾ ਕੀਤਾ ਜਾਂਦਾ ਹੈ। ਪੰਚਾਇਤਾਂ ਨਾਲ ਮੇਲ ਮਿਲਾਪ ਕਰਕੇ ਲੋਕਾਂ ਦੀ ਸ਼ਕਾਇਤਾਂ ਦੀ ਸੁਣਵਾਈ ਅਤੇ ਮੌਕੇ 'ਤੇ ਨਿਪਟਾਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਵੱਲੋ ਸਿਹਤ ਕੇਂਦਰਾਂ 'ਤੇ ਜਾ ਕੇ ਫੀਲਡ ਸਟਾਫ ਸੀਐਚਓ, ਮਲਟੀਪਰਪਜ਼ ਹੈਲਥ ਵਰਕਰ ਅਤੇ ਆਸ਼ਾ ਵਰਕਰ ਨੂੰ ਸੂਬਾ ਐ ਸੈਂਟਰ ਸਰਕਾਰ ਵੱਲੋਂ ਚਲਾਏ ਜਾ ਰਹੇ ਸਿਹਤ ਪ੍ਰੋਗਰਾਮਾਂ ਨੂੰ ਸੁਚੱਜੇ ਢੰਗ ਨਾ ਨੇਪਰੇ ਚਾੜ੍ਹਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਸਮੂਹ ਮੈਡੀਕਲ ਅਫ਼ਸਰ ਸਾਹਿਬਾਨ, ਫਾਰਮੇਸੀ ਅਫ਼ਸਰ, ਨਰਸਿੰਗ ਸਟਾਫ਼ ਅਤੇ ਸਮੂਹ ਪੈਰਾਮੈਡੀਕਲ ਸਟਾਫ਼ ਦੇ ਸਹਿਯੋਗ ਨਾਲ ਹੀ ਮੁਮਕਿਨ ਹੋ ਪਾਇਆ ਅਤੇ ਅੱਗੇ ਵੀ ਸਿਹਤ ਬਲਾਕ ਤਲਵੰਡੀ ਸਾਬੋ ਦੀ ਟੀਮ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਬਿਹਤਰੀਨ ਸਿਹਤ ਸਹੂਲਤਾਂ ਦੇਣ ਲਈ ਸਮਰਪਿਤ ਅਤੇ ਵਚਨਬੱਧ ਰਹੇਗੀ।

# ਆਵਾਰਾ ਕੁੱਤਿਆਂ ਨੂੰ ਕਾਬੂ ਕਰਨਾ: ਮਨੁੱਖੀ ਜੀਵਨ ਪਹਿਲਾਂ



ਸੁਪਰੀਮ ਕੋਰਟ ਦਾ ਹਾਲੀਆ ਫੈਸਲਾ ਜੋ ਹਰ ਇਲਾਕੇ ਤੋਂ ਆਵਾਰਾ ਕੁੱਤਿਆਂ ਨੂੰ ਹਟਾਉਣ ਅਤੇ ਉਨ੍ਹਾਂ ਨੂੰ ਸੁਰੱਖਿਅਤ ਥਾਵਾਂ 'ਤੇ ਭੇਜਣ ਦਾ ਨਿਰਦੇਸ਼ ਦਿੰਦਾ ਹੈ, ਇੱਕ ਮਹੱਤਵਪੂਰਨ ਅਤੇ ਲੰਬੇ ਸਮੇਂ ਤੋਂ ਉਡੀਕਿਆ ਜਾ ਰਿਹਾ ਕਦਮ ਹੈ। ਅਦਾਲਤ ਨੇ ਆਪਣੇ ਆਦੇਸ਼ ਵਿੱਚ ਸਪੱਸ਼ਟ ਤੌਰ 'ਤੇ ਕਿਹਾ – "ਮਨੁੱਖੀ ਜੀਵਨ ਅਤੇ ਸੁਰੱਖਿਆ ਪਹਿਲਾਂ" – ਜੋ ਕਿ ਇਸ ਮੁੱਦੇ 'ਤੇ ਚੱਲ ਰਹੀ ਬਹਿਸ ਵਿੱਚ ਇੱਕ ਫੈਸਲਾਕੁੰਨ ਸਟੈਂਡ ਦੀ ਨਿਸ਼ਾਨਦੇਹੀ ਕਰਦਾ ਹੈ। ਇਹ ਫੈਸਲਾ ਨਾ ਸਿਰਫ਼ ਕਾਨੂੰਨੀ ਤੌਰ 'ਤੇ ਮਹੱਤਵਪੂਰਨ ਹੈ, ਸਗੋਂ ਸਮਾਜ ਨੂੰ ਯਾਦ ਦਿਵਾਉਂਦਾ ਹੈ ਕਿ ਭਾਵਨਾਤਮਕ ਬਹਿਸਾਂ ਤੋਂ ਪਰੇ ਜਾਣ ਅਤੇ ਵਿਹਾਰਕ ਹੱਲ ਅਪਣਾਉਣ ਦਾ ਸਮਾਂ ਆ ਗਿਆ ਹੈ। ਭਾਰਤ ਵਿੱਚ ਅਵਾਰਾ ਕੁੱਤਿਆਂ ਦੀ ਗਿਣਤੀ ਦੇ ਅੰਦਾਜ਼ੇ ਰਾਜ ਤੋਂ ਰਾਜ ਤੱਕ ਵੱਖੋ-ਵੱਖਰੇ ਹਨ, ਪਰ ਕੁਝ ਰਿਪੋਰਟਾਂ ਦੱਸਦੀਆਂ ਹਨ ਕਿ ਦੇਸ਼ ਵਿੱਚ ਲਗਭਗ 15 ਤੋਂ 20 ਮਿਲੀਅਨ ਅਵਾਰਾ ਕੁੱਤੇ ਹਨ। ਇਹ ਗਿਣਤੀ ਸਿਰਫ਼ ਇੱਕ ਅੰਕੜਾਤਮਕ ਤੱਥ ਨਹੀਂ ਹੈ, ਸਗੋਂ ਇੱਕ ਚਿੰਤਾਜਨਕ ਹੈ – ਕਿਉਂਕਿ ਉਨ੍ਹਾਂ ਦੀ ਮੌਜੂਦਗੀ ਸਿੱਧੇ ਤੌਰ 'ਤੇ ਜਨਤਕ ਸੁਰੱਖਿਆ, ਸਫਾਈ ਅਤੇ ਸਿਹਤ ਨੂੰ ਪ੍ਰਭਾਵਤ ਕਰ ਰਹੀ ਹੈ। ਪਿਛਲੇ ਦਹਾਕੇ ਦੌਰਾਨ ਅਵਾਰਾ ਕੁੱਤਿਆਂ ਦੇ ਹਮਲੇ ਵਧ ਰਹੇ ਹਨ। ਕੇਂਦਰੀ ਸਿਹਤ ਮੰਤਰਾਲੇ ਦੇ ਅੰਕੜੇ ਦਰਸਾਉਂਦੇ ਹਨ ਕਿ ਹਰ ਸਾਲ ਲਗਭਗ 17 ਤੋਂ 20 ਲੱਖ ਲੋਕਾਂ ਨੂੰ ਕੁੱਤਿਆਂ ਦੁਆਰਾ ਕੱਟਿਆ ਜਾਂਦਾ ਹੈ। ਇਨ੍ਹਾਂ ਵਿੱਚੋਂ ਵੱਡੀ ਗਿਣਤੀ ਬੱਚੇ ਹਨ, ਕਿਉਂਕਿ ਉਨ੍ਹਾਂ ਦੀ ਉਚਾਈ ਅਤੇ ਕਮਜ਼ੋਰੀ ਉਨ੍ਹਾਂ ਨੂੰ ਕੁੱਤਿਆਂ ਲਈ ਆਸਾਨ ਨਿਸ਼ਾਨਾ ਬਣਾਉਂਦੀ ਹੈ। ਗੰਭੀਰ ਗੱਲ ਇਹ ਹੈ ਕਿ ਇਨ੍ਹਾਂ ਹਮਲਿਆਂ ਦੇ ਨਤੀਜੇ ਸਿਰਫ਼ ਸੱਟਾਂ ਤੱਕ ਸੀਮਿਤ ਨਹੀਂ ਹਨ; ਰੇਬੀਜ਼ ਵਰਗੀਆਂ ਘਾਤਕ ਬਿਮਾਰੀਆਂ ਦਾ ਖ਼ਤਰਾ ਹਮੇਸ਼ਾ ਰਹਿੰਦਾ ਹੈ, ਜੋ ਹਰ ਸਾਲ ਹਜ਼ਾਰਾਂ ਜਾਨਾਂ ਲੈਂਦੀਆਂ ਹਨ। ਜਾਨਵਰਾਂ ਦੇ ਅਧਿਕਾਰ ਸੰਗਠਨਾਂ ਦਾ ਤਰਕ ਹੈ ਕਿ ਅਵਾਰਾ ਕੁੱਤਿਆਂ ਨੂੰ ਮਾਰਨਾ ਅਣਮਨੁੱਖੀ ਹੈ ਅਤੇ ਉਨ੍ਹਾਂ ਨੂੰ ਵੀ ਜਿਉਣ ਦਾ ਅਧਿਕਾਰ ਹੈ। ਇਹ ਵਿਚਾਰ ਸਹੀ ਹੈ, ਪਰ ਇਸਨੂੰ ਉਦੋਂ ਤੱਕ ਹੀ ਮਾਨਤਾ ਦਿੱਤੀ ਜਾ ਸਕਦੀ ਹੈ ਜਦੋਂ ਤੱਕ ਇਹ ਮਨੁੱਖੀ ਜੀਵਨ ਨੂੰ ਖਤਰੇ ਵਿੱਚ ਨਾ ਪਵੇ। ਅਦਾਲਤ ਨੇ ਇੱਕ ਸੰਤੁਲਨ ਵੀ ਬਣਾਇਆ ਹੈ ਅਤੇ ਕਿਹਾ ਹੈ ਕਿ ਕੁੱਤਿਆਂ ਨੂੰ ਅੰਨ੍ਹੇਵਾਹ ਨਹੀਂ ਮਾਰਿਆ ਜਾਣਾ ਚਾਹੀਦਾ, ਸਗੋਂ ਉਨ੍ਹਾਂ ਨੂੰ ਸੁਰੱਖਿਅਤ ਥਾਵਾਂ ਜਾਂ ਆਸਰਾ ਸਥਾਨਾਂ 'ਤੇ ਤਬਦੀਲ ਕੀਤਾ ਜਾਣਾ ਚਾਹੀਦਾ ਹੈ। ਇੱਥੇ ਸਵਾਲ ਇਹ ਹੈ ਕਿ ਕੀ ਸਾਡੀਆਂ ਨਗਰ ਨਿਗਮਾਂ ਅਤੇ ਪੰਚਾਇਤਾਂ ਇਸ ਚੁਣੌਤੀ ਲਈ ਤਿਆਰ ਹਨ ? ਕਿਉਂਕਿ ਸਿਰਫ਼ ਆਦੇਸ਼ ਦੇਣਾ ਕਾਫ਼ੀ ਨਹੀਂ ਹੈ; ਜ਼ਮੀਨੀ ਪੱਧਰ 'ਤੇ ਇਸਨੂੰ ਲਾਗੂ ਕਰਨ ਲਈ ਢੁਕਵੇਂ ਸਰੋਤਾਂ, ਸਿਖਲਾਈ ਪ੍ਰਾਪਤ ਸਟਾਫ ਅਤੇ ਇੱਕ ਯੋਜਨਾਬੱਧ ਰਣਨੀਤੀ ਦੀ ਲੋੜ ਹੋਵੇਗੀ। ਸੁਪਰੀਮ ਕੋਰਟ ਦਾ ਇਹ ਫੈਸਲਾ ਇੱਕ ਕਾਨੂੰਨੀ ਢਾਂਚਾ ਵੀ ਪੇਸ਼ ਕਰਦਾ ਹੈ। ਅਦਾਲਤ ਨੇ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਜੇਕਰ ਕੋਈ ਸੰਗਠਨ ਜਾਂ ਵਿਅਕਤੀ ਇਸ ਪ੍ਰਕਿਰਿਆ ਵਿੱਚ ਰੁਕਾਵਟ ਪਾਉਂਦਾ ਹੈ, ਤਾਂ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸਦਾ ਮਤਲਬ ਹੈ ਕਿ ਹੁਣ ਅਦਾਲਤ ਨੇ "ਮਨੁੱਖੀ ਜੀਵਨ ਬਨਾਮ ਜਾਨਵਰਾਂ ਦੇ ਅਧਿਕਾਰ" ਦੀ ਬਹਿਸ ਵਿੱਚ ਇੱਕ ਸਪੱਸ਼ਟ ਤਰਜੀਹ ਨਿਰਧਾਰਤ ਕਰ ਦਿੱਤੀ ਹੈ। ਨਾਲ ਹੀ, ਅਦਾਲਤ ਨੇ ਨਗਰ ਨਿਗਮਾਂ ਅਤੇ ਪੰਚਾਇਤਾਂ ਨੂੰ ਇਹ ਜ਼ਿੰਮੇਵਾਰੀ ਦਿੱਤੀ ਹੈ ਕਿ ਉਹ ਨਾ ਸਿਰਫ਼ ਆਵਾਰਾ ਕੁੱਤਿਆਂ ਨੂੰ ਹਟਾਉਣ, ਸਗੋਂ ਉਨ੍ਹਾਂ ਦੀ ਦੇਖਭਾਲ ਲਈ ਢੁਕਵੇਂ ਪ੍ਰਬੰਧ ਵੀ ਕਰਨ। ਇਹ ਹੁਕਮ ਪ੍ਰਸ਼ਾਸਨਿਕ ਪ੍ਰਣਾਲੀ ਦੀ ਸਮਰੱਥਾ ਅਤੇ ਇਮਾਨਦਾਰੀ ਦੀ ਵੀ ਪਰਖ ਹੈ। ਭਾਰਤ ਵਿੱਚ ਰੇਬੀਜ਼ ਇੱਕ ਵੱਡੀ ਸਿਹਤ ਸਮੱਸਿਆ ਹੈ। ਵਿਸ਼ਵ ਸਿਹਤ ਸੰਗਠਨ ਦੇ ਅਨੁਸਾਰ, ਦੁਨੀਆ ਭਰ ਵਿੱਚ ਹਰ ਸਾਲ ਲਗਭਗ 59,000 ਲੋਕ ਰੇਬੀਜ਼ ਨਾਲ ਮਰਦੇ ਹਨ, ਜਿਨ੍ਹਾਂ ਵਿੱਚੋਂ ਇੱਕ ਵੱਡਾ ਹਿੱਸਾ ਭਾਰਤ ਤੋਂ ਆਉਂਦਾ ਹੈ। ਇਹ ਬਿਮਾਰੀ 99% ਮਾਮਲਿਆਂ ਵਿੱਚ ਕੁੱਤਿਆਂ ਦੇ ਕੱਟਣ ਨਾਲ ਫੈਲਦੀ ਹੈ ਅਤੇ ਇੱਕ ਵਾਰ ਲੱਛਣ ਦਿਖਾਈ ਦੇਣ ਤੋਂ ਬਾਅਦ, ਇਸਦਾ ਇਲਾਜ ਸੰਭਵ ਨਹੀਂ ਹੁੰਦਾ। ਇਸ ਲਈ, ਕੁੱਤਿਆਂ ਦੇ ਕੱਟਣ ਦੇ ਮਾਮਲਿਆਂ ਨੂੰ ਰੋਕਣਾ ਸਭ ਤੋਂ ਪ੍ਰਭਾਵਸ਼ਾਲੀ ਉਪਾਅ ਹੈ। ਇਸ ਤੋਂ ਇਲਾਵਾ, ਆਵਾਰਾ ਕੁੱਤਿਆਂ ਦੇ ਸਮੂਹ ਅਕਸਰ ਕੂੜੇ ਦੇ ਢੇਰਾਂ ਵਿੱਚ ਭੋਜਨ ਦੀ ਭਾਲ ਕਰਦੇ ਹਨ, ਜਿਸ ਨਾਲ ਕਈ ਤਰ੍ਹਾਂ ਦੀਆਂ ਲਾਗਾਂ ਅਤੇ ਗੰਦਗੀ ਫੈਲਦੀ ਹੈ। ਇਹ ਸ਼ਹਿਰੀ ਸਫਾਈ ਅਤੇ ਸਵੱਛ ਭਾਰਤ ਅਭਿਆਨ ਵਰਗੇ ਯਤਨਾਂ ਨੂੰ ਵੀ ਪ੍ਰਭਾਵਿਤ ਕਰਦਾ ਹੈ। ਇਹ ਸਮੱਸਿਆ ਸਿਰਫ਼ ਪ੍ਰਸ਼ਾਸਕੀ ਨਹੀਂ ਹੈ; ਸਮਾਜ ਦੀ ਵੀ ਇਸ ਵਿੱਚ ਵੱਡੀ ਭੂਮਿਕਾ ਹੈ। ਲੋਕ ਅਕਸਰ ਧਾਰਮਿਕ ਜਾਂ ਹਮਦਰਦੀ ਦੀਆਂ ਭਾਵਨਾਵਾਂ ਤੋਂ ਬਾਹਰ ਆਪਣੇ ਘਰਾਂ ਦੇ ਬਾਹਰ ਅਵਾਰਾ ਕੁੱਤਿਆਂ ਨੂੰ ਖੁਆਉਂਦੇ ਹਨ। ਜਦੋਂ ਕਿ ਇਹ ਭਾਵਨਾ ਸ਼ਲਾਘਾਯੋਗ ਹੈ, ਇਹ ਕਈ ਵਾਰ ਕੁੱਤਿਆਂ ਦੇ ਝੁੰਡ ਅਤੇ ਹਮਲਾਵਰ ਵਿਵਹਾਰ ਵੱਲ ਲੈ ਜਾਂਦੀ ਹੈ। ਜੇਕਰ ਇਹ ਭੋਜਨ ਖੁੱਲ੍ਹੇ ਵਿੱਚ ਸੁੱਟਿਆ ਜਾਂਦਾ ਹੈ, ਤਾਂ ਇਹ ਹੋਰ ਕੁੱਤਿਆਂ ਨੂੰ ਆਕਰਸ਼ਿਤ ਕਰਦਾ ਹੈ ਅਤੇ ਸਥਾਨਕ ਆਬਾਦੀ ਲਈ ਖ਼ਤਰਾ ਵਧਾਉਂਦਾ ਹੈ। ਸਮਾਜ ਨੂੰ ਇਹ ਸਮਝਣ ਦੀ ਜ਼ਰੂਰਤ ਹੈ ਕਿ ਹਮਦਰਦੀ ਅਤੇ ਜ਼ਿੰਮੇਵਾਰੀ ਨਾਲ-ਨਾਲ ਚੱਲਣੀ ਚਾਹੀਦੀ ਹੈ। ਜੇਕਰ ਅਸੀਂ ਸੱਚਮੁੱਚ ਇਨ੍ਹਾਂ ਜਾਨਵਰਾਂ ਦੀ ਭਲਾਈ ਚਾਹੁੰਦੇ ਹਾਂ, ਤਾਂ ਉਨ੍ਹਾਂ ਨੂੰ ਸੰਗਠਿਤ ਢੰਗ ਨਾਲ ਆਸਰਾ ਸਥਾਨਾਂ ਵਿੱਚ ਲਿਜਾਣਾ ਅਤੇ ਨਸਬੰਦੀ ਪ੍ਰੋਗਰਾਮ ਚਲਾਉਣਾ ਮਹੱਤਵਪੂਰਨ ਹੈ।

**- ਡਾ. ਸਤਿਆਵਾਨ ਸੌਰਭ**

ਆਵਾਜ਼ਿ ਕੌਮ AWAZE QAUM International Newspaper & WEB TV




ਜਨਮ ਦਿਨ ਮੁਬਾਰਕ

**ਅਭਿਜੋਤ ਸਿੰਘ**
ਪਿਤਾ ਸਿਮਰਨਜੀਤ ਸਿੰਘ
ਮਾਤਾ ਰਜਿੰਦਰ ਕੌਰ ਵਾਸੀ
ਅੰਮ੍ਰਿਤਸਰ

ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੋਮਣੀ ਅਕਾਲੀ ਦਲ ਦੀ ਪਲੇਠੀ ਮੀਟਿੰਗ ਵਿੱਚ ਇਤਿਹਾਸਿਕ ਫੈਸਲੇ,ਪੰਜਾਬ ਅਤੇ ਪੰਥ ਪ੍ਰਸਤ ਲੋਕਾਂ ਨੂੰ

# ਭਗੌੜਾ ਦਲ ਛੱਡ ਕੇ ਖੇਤਰੀ ਪਾਰਟੀ ਵਿੱਚ ਸ਼ਾਮਲ ਹੋਣ ਦੀ ਅਪੀਲ

- ਪੰਜਾਬ ਅਤੇ ਪੰਥ ਨਾਲ ਜੁੜੇ ਮੁੱਦਿਆਂ ਤੇ ਇੱਕ ਮਹੀਨੇ ਵਿੱਚ ਵਿਜ਼ਨ ਡਾਕੂਮੈਂਟ ਹੋਵੇਗਾ ਤਿਆਰ
- ਇੱਕ ਮਹੀਨੇ ਵਿੱਚ ਜ਼ਿਲ੍ਹਾ ਅਤੇ ਸਰਕਲ ਪ੍ਰਧਾਨਾਂ ਦੀ ਚੋਣ ਦਾ ਕੰਮ ਹੋਵੇਗਾ ਮੁਕੰਮਲ

**ਚੰਡੀਗੜ੍ਹ, 14 ਅਗਸਤ (ਆਵਾਜ਼ਿ ਕੌਮ ਬਿਊਰੋ)**-ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਪ੍ਰਧਾਨ ਚੁਣੇ ਜਾਣ ਤੋਂ ਬਾਅਦ ਅੱਜ ਸ਼੍ਰੋਮਣੀ ਅਕਾਲੀ ਦਲ ਦੀ ਪਲੇਠੀ ਮੀਟਿੰਗ ਚੰਡੀਗੜ੍ਹ ਸਥਿਤ ਬਣੇ ਨਵੇਂ ਪਾਰਟੀ ਦਫਤਰ ਵਿਖੇ ਹੋਈ। ਅੱਜ ਸਵੇਰੇ ਸਭ ਤੋਂ ਪਹਿਲਾਂ ਗੁਰੂ ਸਾਹਿਬ ਜੀ ਦੇ ਓਟ ਆਸਰੇ ਲੈਕੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ।

ਪਾਰਟੀ ਪ੍ਰਧਾਨ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਹੋਈ ਅੱਜ ਦੀ ਮੀਟਿੰਗ ਵਿੱਚ ਜਿੱਥੇ ਪੰਜਾਬ ਦੇ ਤਾਜ਼ਾ ਹਾਲਤਾਂ ਤੇ ਚਰਚਾ ਹੋਈ ਉਥੇ ਹੀ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਐਸਜੀਪੀਸੀ ਚੋਣਾਂ ਨਾ ਕਰਵਾਉਣਾ ,ਕਿਸਾਨੀ ਮਸਲੇ ਹੱਲ ਨਾ ਕਰਨਾ, ਉਦਯੋਗਾਂ ਪ੍ਰਤੀ ਸੁਹਿਰਦ ਨਾ ਹੋਣਾ, ਆਰਡੀਐੱਫ ਰੋਕਣਾ, ਸੜਕੀ ਪ੍ਰੋਜੈਕਟਾਂ ਨੂੰ ਰੱਦ ਕਰਨਾ ਅਤੇ ਪੰਜਾਬ ਦੀ ਵਿਗੜੀ ਕਾਨੂੰਨ ਵਿਵਸਥਾ ਸਮੇਤ ਕਈ ਅਹਿਮ ਮੁੱਦਿਆਂ ਤੇ ਚਿੰਤਾ ਜਾਹਿਰ ਕੀਤੀ।

ਇਸ ਦੇ ਨਾਲ ਹੀ ਅੱਜ ਪਾਰਟੀ ਪ੍ਰਧਾਨ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਵਲੋਂ ਜੱਥੇਦਾਰ ਇਕਬਾਲ ਸਿੰਘ ਝੂੰਦਾਂ ਦੀ ਅਗਵਾਈ ਹੇਠ ਅਗਲੇ ਇੱਕ ਮਹੀਨੇ ਅੰਦਰ ਵਿਜ਼ਨ ਡਾਕੂਮੈਂਟ ਤਿਆਰ ਕਰਨ ਲਈ ਕਮੇਟੀ ਗਠਿਤ ਕਰਨ ਨੂੰ ਮਨਜ਼ੂਰੀ ਦਿੱਤੀ ਗਈ। ਪੰਜਾਬ ਅਤੇ ਪੰਥ ਨਾਲ ਜੁੜੇ ਮੁੱਦਿਆਂ ਅਤੇ ਉਹਨਾਂ ਦੇ ਹੱਲ ਕਿਸ ਤਰਾਂ ਹੋਣ, ਇਸ ਸਬੰਧਿਤ ਵਿਜ਼ਨ ਡਾਕੂਮੈਂਟ ਤਿਆਰ ਕੀਤਾ ਜਾਵੇਗਾ। ਇਸ ਲਈ ਕਮੇਟੀ ਪੰਜਾਬ ਦੇ ਸਾਰੇ ਖਿੱਤਿਆਂ ਅਤੇ ਖੇਤਰਾਂ ਤੱਕ ਪਹੁੰਚ ਕਰੇਗੀ।

ਇਸ ਦੇ ਨਾਲ ਹੀ ਅੱਜ ਦੀ ਪਲੇਠੀ ਮੀਟਿੰਗ ਵਿੱਚ ਅਗਾਮੀ ਐਸਜੀਪੀਸੀ ਚੋਣਾਂ ਅਤੇ ਪਾਰਟੀ ਨਾਲ ਜੁੜੇ ਹੋਰ ਕਾਨੂੰਨੀ ਅੜਚਨਾਂ ਲਈ ਜਸਟਿਸ ਨਿਰਮਲ ਸਿੰਘ ਦੀ ਡਿਊਟੀ ਲਗਾਈ ਗਈ ਹੈ।ਜਸਟਿਸ ਨਿਰਮਲ ਸਿੰਘ ਆਪਣੀ ਲੀਗਲ ਟੀਮ ਨਾਲ ਜੁੜ ਕੇ ਐਸਜੀਪੀਸੀ ਚੋਣਾਂ ਲਈ ਜਾਰੀ ਅਦਾਲਤੀ ਪ੍ਰਕਿਰਿਆ ਨੂੰ ਵੇਖਣਗੇ। ਇਸ ਦੇ ਨਾਲ ਪਾਰਟੀ ਨਾਲ ਸਬੰਧਿਤ ਹੋਰ ਕਾਨੂੰਨੀ ਅੜਚਨਾਂ ਲਈ ਵੀ ਲੀਗਲ ਸੈੱਲ ਨੂੰ ਵੇਖਣਗੇ।

ਅੱਜ ਦੀ ਮੀਟਿੰਗ ਵਿੱਚ ਪਾਰਟੀ ਪ੍ਰਧਾਨ ਜੱਥੇਦਾਰ ਗਿਆਨੀ ਹਰਪ੍ਰੀਤ ਨੇ ਪੰਜਾਬ ਦੀ ਤਰੱਕੀ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਬਣਾਏ ਰੱਖਣ ਲਈ ਸ਼੍ਰੋਮਣੀ ਅਕਾਲੀ ਦਲ ਨਾਲ ਜੁੜਨ ਦੀ ਅਪੀਲ ਕੀਤੀ। ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਖੇਤਰੀ ਪਾਰਟੀ ਨੂੰ ਮਜ਼ਬੂਤ ਕਰਨ ਦਾ ਸੁਨੇਹਾ ਦਿੰਦੇ ਹੋਏ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਅੱਜ ਓਹ ਆਪਣੀ ਮਾਂ ਪਾਰਟੀ ਲਈ ਕੰਮ ਕਰਨ ਲਈ ਅੱਗੇ ਆਉਣ।

20 ਅਗਸਤ ਨੂੰ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਜੀ ਦੀ ਬਰਸੀ ਦੀਆਂ ਤਿਆਰੀਆਂ ਦਾ ਜਾਇਜਾ ਲਿਆ।ਮੀਡੀਆ ਵੱਲੋਂ ਪੁੱਛੇ ਸਵਾਲਾਂ ਤੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਜਵਾਬ ਵਿੱਚ ਕਿਹਾ ਕਿ, ਵੱਖਰਾ ਚੁੱਲ੍ਹਾ ਅਸੀਂ ਨਹੀਂ ਬਲਕਿ ਭਗੌੜਾ ਦਲ ਨੇ ਹੁਕਮਨਾਮਾ ਨਾਲ ਮੰਨ ਕੇ ਜਾਰੀ ਰੱਖਿਆ,ਭਗੌੜਾ ਦਲ ਨੇ ਭਰਤੀ ਕਮੇਟੀ ਨੂੰ ਮਾਨਤਾ ਨਾ ਦੇਕੇ ਆਪਣੇ ਚੁੱਲ੍ਹੇ ਤੇ ਸਿਆਸੀ ਰੋਟੀਆਂ ਸੇਕਣੀਆਂ । ਅੱਜ ਦੀ ਮੀਟਿੰਗ ਵਿੱਚ ਜੱਥੇਦਾਰ ਇਕਬਾਲ ਸਿੰਘ ਝੂੰਦਾਂ,ਜੱਥੇਦਾਰ ਸੰਤਾ ਸਿੰਘ ਉਮੈਦਪੁਰੀ,ਜੱਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ,ਭਾਈ ਗੋਬਿੰਦ ਸਿੰਘ ਲੌਂਗੋਵਾਲ,ਬੀਬੀ ਜਗੀਰ ਕੌਰ, ਸੁੱਚਾ ਸਿੰਘ ਛੋਟੇਪੁਰ,ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ,ਸੁਰਜੀਤ ਸਿੰਘ ਰੱਖੜਾ,ਸਰਵਨ ਸਿੰਘ ਫਿਲੌਰ,ਪਰਮਿੰਦਰ ਸਿੰਘ ਢੀਂਡਸਾ,ਬਾਬੂ ਪ੍ਰਕਾਸ਼ ਚੰਦ ਗਰਗ, ਜੱਥੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ,ਜਸਟਿਸ ਨਿਰਮਲ ਸਿੰਘ,ਦਰਸ਼ਨ ਸਿੰਘ ਸ਼ਿਵਾਲਿਕ,ਰਣਜੀਤ ਸਿੰਘ ਛੱਜਲਵੰਡੀ,ਸੁਖਵਿੰਦਰ ਸਿੰਘ ਔਲਖ, ਅਜੇਪਾਲ ਸਿੰਘ ਮੀਰਾਂਕੋਟ,ਚਰਨਜੀਤ ਸਿੰਘ ਬਰਾੜ,ਬਰਜਿੰਦਰ ਸਿੰਘ ਬਰਾੜ, ਕਰਨ ਸਿੰਘ ਡੀਟੀਓ,ਅਜੇਪਾਲ ਸਿੰਘ ਬਰਾੜ,ਕਰਨੈਲ ਸਿੰਘ ਪੀਮੁਹੰਮਦ,ਤੇਜਿੰਦਰ ਸਿੰਘ ਪੰਨੂ,ਤੇਜਿੰਦਰ ਪਾਲ ਸਿੰਘ ਸੰਧੂ, ਰਣਧੀਰ ਸਿੰਘ ਰੱਖੜਾ ਅਤੇ ਗੁਰਜੀਤ ਸਿੰਘ ਤਲਵੰਡੀ ਹਾਜ਼ਰ ਸਨ।










ਆਮ ਆਦਮੀ ਪਾਰਟੀ ਦੇ ਸਪੋਕਸ ਪਰਸਨ ਰਹੇ ਇਕਬਾਲ ਸਿੰਘ ਅਕਾਲੀ ਦਲ ਹੋਏ ਸ਼ਾਮਲ। ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਕਰਵਾਈ ਗਈ ਕਿਸੇ ਹੋਰ ਪਾਰਟੀ ਦੇ ਮੈਂਬਰ ਦੀ ਪਹਿਲੀ ਜੋਇਨਿੰਗ।

ਆਵਾਜ਼ਿ ਕੌਮ AWAZE QAUM International Newspaper & WEB TV




# 15 ਅਗਸਤ ਸਿੱਖਾਂ ਲਈ ਇੱਕ ਕਾਲਾ ਦਿਨ




**ਵੰਡਿਆ** ਗਿਆ ਸੀ ਪੰਜਾਬ, ਮਰੇ ਅਤੇ ਉੱਜੜੇ ਸਨ ਜਿਆਦਾਤਰ ਸਿੱਖ ਅਤੇ ਮੁਸਲਮਾਨ, ਦਸ ਲੱਖ ਲਾਸ਼ਾਂ ਦਾ ਲੱਗਾ ਸੀ ਢੇਰ, ਇੱਜਤਾਂ ਹੋਈਆਂ ਸਨ ਤਾਰ ਤਾਰ, ਕਰੋੜਾਂ ਰੁਪਏ ਦਾ ਹੋਇਆ ਸੀ ਉੱਜਾੜਾ , ਨਾਨਕਾਣਾ ਸਾਹਿਬ ਕਰਤਾਰ ਸਾਹਿਬ ਅਤੇ ਹੋਰ ਗੁਰਧਾਮਾਂ ਤੋਂ ਪਿਆ ਸੀ ਵਿਛੜਨਾ , ਪੰਜਾਬ ਵਿੱਚ ਪੈ ਰਿਹਾ ਸੀ ਚੀਕ ਚਿਹਾੜਾ ਅਤੇ ਹਾਲ ਦੁਹਾਈ , ਜਮਨਾ ਤੋਂ ਪਰੇ ਬੋਦੀਆਂ ਧੋਤੀਆਂ ਜਨੇਊ ਵਾਲੇ ਮਨਾ ਰਹੇ ਸਨ ਖੁਸ਼ੀਆਂ ਅਤੇ ਚੱਲ ਰਹੇ ਸਨ ਸ਼ਰਾਬਾਂ ਅਤੇ ਕਬਾਬ ਕਿਉਂਕਿ ਨੌਂ ਸੌ ਸਾਲਾਂ ਦੀ ਗੁਲਾਮੀ ਸੱਤ ਸੌ ਸਾਲ ਮੁਗਲਾਂ ਇਰਾਨੀਆਂ ਅਫ਼ਗ.ਾਨਾਂ ਦੀ ਅਤੇ ਦੋ ਸੌ ਸਾਲ ਅੰਗਰੇਜ਼ਾਂ ਦੀ ਤੋਂ ਬਾਅਦ ਭਾਰਤ ਦਾ ਹਿੰਦੂ ਭਾਰਤ ਦੇ ਰੱਥ ਉੱਪਰ ਸ਼ਾਸਕ ਬਣ ਕੇ ਬਿਰਾਜਮਾਨ ਹੋਇਆ ਸੀ ! ਸ਼ਾਸਕ ਬਣਦਿਆਂ ਹੀ ਸਿੱਖਾਂ ਦੀਆਂ ਕੁਰਬਾਨੀਆਂ ਭੁੱਲ ਭਲਾ ਗਈਆਂ, ਹੁਣ ਲਾਲਾ ਜੀ ਬਰਾਹਮਣ ਜੀ ਹਿੰਦੂ ਜੀ ਆਪਣੇ ਅਸਲੀ ਰੂਪ ਵਿੱਚ ਆ ਗਏ ਸਨ ! ਸਿੱਖ ਨੇਤਾ ਆਪਣੇ ਹੱਥਾਂ ਉੱਪਰ ਆਪ ਹੀ ਦੰਦੀਆਂ ਵੱਢ ਰਹੇ ਸਨ , ਠੱਗੇ ਠੱਗੇ ਅਤੇ ਲੁੱਟੇ ਲੁੱਟੇ ਮਹਿਸੂਸ ਕਰ ਰਹੇ ਸਨ , ਜਦੋਂ ਪੰਡਿਤ ਜਵਾਹਰ ਲਾਲ ਨਹਿਰੂ ਜੋ ਕਿ ਗੁੰਗੂ ਬਰਾਹਮਣ ਦੀ ਅੰਸ਼ ਬੰਸ ਵਿੱਚੋਂ ਸਨ ਨੇ ਮਾਸਟਰ ਤਾਰਾ ਜੀ ਨੂੰ ਆਪਣਾ ਆਜ਼ਾਦ ਖਿੱਤਾ ਮੰਗਣ ਤੇ ਇਹ ਕਹਿ ਦਿੱਤਾ ਸੀ ਕਿ ਮਾਸਟਰ ਜੀ ਅਬ ਸਮਾਂ ਬਦਲ ਗਿਆ ਹੈ , ਮਾਸਟਰ ਜੀ ਕਹਿੰਦੇ ਤੁਸਾਂ ਤਾਂ ਸਾਡੇ ਨਾਲ ਲੰਡਨ ਵਿੱਚ ਵਾਅਦਾ ਕੀਤਾ ਸੀ , ਨਹਿਰੂ ਕਹਿੰਦਾ ਤਬ ਬਾਤ ਔਰ ਥੀ ਅਬ ਬਾਤ ਔਰ ਹੈ , ਇਹ ਅਕ੍ਰਿਤਘਣਤਾ ਦੀ ਮਕਾਰੀ ਦੀ ਇੰਤਹਾ ਹੀ ਸੀ , ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਸਰਕੂਲਰ ਜਾਰੀ ਕਰ ਦਿੱਤਾ ਗਿਆ ਕਿ ਸਿੱਖ ਇੱਕ ਜਰਾਇਮ ਪੇਸ਼ਾ ( ਲੁੱਟਾਂ ਖੋਹਾਂ ਕਰਕੇ ਖਾਣ ਪੀਣ ਵਾਲੀ ) ਕੌਮ ਹੈ ਇਸ ਉੱਪਰ ਕਰੜੀ ਨਜ਼ਰ ਰੱਖੀ ਜਾਵੇ , ਇਹ ਸਿੱਖਾਂ ਦੀ ਪਿੱਠ ਵਿੱਚ ਜਹਿਰ ਦੀ ਪਾਣ ਦਿੱਤੇ ਹੋਏ ਇੱਕ ਖ਼ੰਜਰ ਖਬੋਣ ਵਾਂਗ ਸੀ ! 15 ਅਗਸਤ 1947 ਨੂੰ ਸਿੱਖ ਕੌਮ ਇੱਕ ਗੁਲਾਮੀ ਤੋਂ ਦੂਜੀ ਗੁਲਾਮੀ ਵਿੱਚ ਦਾਖਲ ਹੋ ਗਈ ਸੀ । ਇਹਨਾਂ ਪਿੱਛਲੇ 78 ਸਾਲਾਂ ਵਿੱਚ ਭਾਰਤ ਨੇ ਇੰਡੀਆ ਨੇ ਹਿੰਦੋਸਤਾਨ ਨੇ ਰਾਜਨੀਤਕ ਹਿੰਦੂ ਨੇ ਕਈ ਆਮ ਹਿੰਦੂਆਂ ਨੇ ਵੀ ਸਿੱਖਾਂ ਉੱਪਰ ਜੁਲਮ ਕਰਨ ਦੀ ਕੋਈ ਕਸਰ ਨਹੀਂ ਛੱਡੀ !

ਆਵਾਜ਼ਿ ਕੌਮ AWAZE QAUM International Newspaper & WEB TV

ਬਿਨਾਂ ਨਾਗਾ ਹਰ ਦਿਨ ਹਰ ਹਫਤੇ ਹਰ ਮਹੀਨੇ ਹਰ ਸਾਲ ਹਰ ਮਿੰਟ ਸਕਿੰਟ ਹਰ ਘੰਟੇ ਕੋਈ ਨਾ ਕੋਈ ਨਵੀਂ ਪੀੜਾ ਦਿੱਤੀ ਜਾਂਦੀ ਹੈ ਸਿੱਖਾਂ ਨੂੰ ! ਫਿਰ ਵੀ ਧਨ ਹਨ ਉੱਹ ਸਿੱਖ ਧੰਨ ਹਨ ਉੱਹ ਪੁਲੀਸ ਵਾਲੇ ਸਿੱਖ ਧੰਨ ਹਨ ਉੱਹ ਫੌਜੀ ਸਿੱਖ ਧੰਨ ਹਨ ਉੱਹ ਸਰਕਾਰੀ ਉੱਚ ਪਦਵੀਆਂ ਦਾ ਨਿੱਘ ਮਾਣ ਰਹੇ ਸਿੱਖ ਧੰਨ ਹਨ ਉੱਹ ਆਮ ਅਤੇ ਖਾਸ ਸਿੱਖ ਰਾਜਨੀਤਿਕ ਧਾਰਮਿਕ ਸਮਾਜਿਕ ਆਰਥਿਕ ਸੱਭਿਆਚਾਰਕ ਸਿੱਖ ਜੋ ਅੱਜ ਵੀ ਕਹਿ ਰਹੇ ਹਨ ਅਸੀਂ ਹਿੰਦੋਸਤਾਨ ਵਿੱਚ ਜਾਂ ਹਿੰਦੋਸਤਾਨ ਦੇ ਨਾਲ ਰਹਿ ਕੇ ਖੁਸ਼ ਹਾਂ ! ਇਹਨਾਂ ਨੂੰ 1947 , 1955 ਦਾ ਦਰਬਾਰ ਸਾਹਿਬ ਅਤੇ ਹੋਰ ਗੁਰਦੁਆਰਿਆਂ ਤੇ ਹਮਲਾ ਅਤੇ ਮਾਰੇ ਗਏ ਨਿਰਦੋਸ਼ ਸਿੱਖ ਸਿੱਖਣੀਆਂ, ਢੱਠਾ ਹੋਇਆ ਅਕਾਲ ਤਖਤ , ਨਵੰਬਰ 1984 ਦੀ ਸਿੱਖ ਨਸਲਕੁਸ਼ੀ, ਖਾੜਕੂ ਸੰਘਰਸ਼ ਦੌਰਾਨ ਮਾਰਿਆ ਗਿਆ ਕਰੀਬ ਢਾਈ ਲੱਖ ਸਿੱਖ ਗੱਭਰੂ, ਬਾਅਦ ਵਿੱਚ ਨਸ਼ਿਆਂ ਨਾਲ ਮਰਿਆ ਕਰੀਬ ਵੀਹ ਲੱਖ ਗੱਭਰੂ, ਪੈਰ ਪੈਰ ਉੱਤੇ ਦਿੱਤੀ ਜਾ ਰਹੀ ਜਲਾਲਤ ਕਿਉਂ ਨਹੀਂ ਦਿੱਸਦੀ ਜੀ ! ਇਹ ਕੋਈ ਸਾਡੀ ਸਿੱਖਾਂ ਦੀ ਆਜਾਦੀ ਦਿਹਾੜਾ ਨਹੀਂ ਹੈ , ਇਹ ਸਾਡੀ ਬਰਬਾਦੀ ਦਾ ਦਿਹਾੜਾ ਹੈ ! ਪੱਛੋ ਜਾ ਕੇ ਉਹਨਾਂ ਪਰਿਵਾਰਾਂ ਨੂੰ ਜਿਹਨਾਂ ਦੇ ਪੁੱਤ ਮਰੇ ਅਤੇ ਘਰ ਉੱਜੜੇ ਕਿ ਤੁਸੀਂ ਭਾਰਤ ਦੀ ਆਜ਼ਾਦੀ ਦਾ ਕਿੰਨਾ ਕੁ ਨਿੱਘ ਮਾਣਿਆ ਹੈ ! ਤਖਤ ਗੁਲਾਮ ਕਮੇਟੀਆਂ ਗੁਲਾਮ ਜਥੇਦਾਰ ਗੁਲਾਮ ਗੁਰਦਵਾਰੇ ਗੁਲਾਮ ਕਿਉਂਕਿ ਸਾਰਾ ਕੁੱਝ ਹੀ ਭਾਰਤ ਦੇ ਸਿਸਟਮ ਅਧੀਨ ਹੈ ! ਇਸੇ ਕਰਕੇ ਹੀ ਤਾਂ ਪੰਦਰਾਂ ਸਾਲਾਂ ਤੋਂ ਸ਼ਰੋਮਣੀ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨਹੀਂ ਹੋ ਰਹੀਆਂ ! ਭਾਰਤੀ ਅਦਾਲਤਾਂ ਅਤੇ ਭਾਰਤੀ ਸਿਸਟਮ ਤੋਂ ਭਾਰਤ ਸਟੇਟ ਤੋਂ ਕਿਸੇ ਰਹਿਮ ਕਰਮ ਦੀ ਆਸ ਰੱਖਣੀ ਸਿੱਖਾਂ ਦੀ ਸਭ ਤੋਂ ਵੱਡੀ ਗਲਤੀ ਅਤੇ ਮੂਰਖਤਾ ਹੋਵੇਗੀ ! ਹੱਲ ਸਿਰ.ਫ ਅਤੇ ਸਿਰ.ਫ ਆਜਾਦੀ ਹੀ ਹੈ, ਖਾਲਿਸਤਾਨ ਹੀ ਹੈ ਖਾਲਸਾ ਰਾਜ ਹੀ ਹੈ , ਅੱਜ ਕੱਲ ਪਰਸੋਂ ਸਾਲ ਸੌ ਸਾਲ ਜਾਂ ਪੰਜ ਸੌ ਸਾਲ ਬਾਅਦ ਸੋਚ ਲਿਓ ਜੀ ਪਿਆਰੇ ਸਿੱਖੋ ਅਤੇ ਸਿੱਖਣੀਓ !



**- ਹਰਪ੍ਰੀਤ ਸਿੰਘ ਪੰਮਾ (ਅਸਟਰੀਆ)**

## ਗੁਰੂ ਨਾਨਕ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਕਰਮਜੀਤ ਸਿੰਘ 'ਤੇ ਸਖ਼ਤ ਅਤੇ ਮਿਸਾਲੀ ਕਾਰਵਾਈ ਕਰਨ ਜਥੇਦਾਰ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ



**ਅੰਮ੍ਰਿਤਸਰ, 14 ਅਗਸਤ (ਆਵਾਜ਼ਿ ਕੌਮ ਬਿਊਰੋ)**- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾਕਟਰ ਕਰਮਜੀਤ ਸਿੰਘ ਨੂੰ ਸਿੱਖਾਂ ਦੀ ਵਿਲੱਖਣ ਹੋਂਦ-ਹਸਤੀ ਉੱਤੇ ਸੱਟ ਮਾਰਨ ਕਰਕੇ ਤਲਬ ਕਰ ਲਿਆ ਹੈ ਤੇ ਆਦੇਸ਼ ਦਿੱਤਾ ਹੈ ਕਿ ਉਹ ਆਪਣਾ ਲਿਖਤੀ ਸਪੱਸ਼ਟੀਕਰਨ ਪੰਦਰਾਂ ਦਿਨਾਂ ਦੇ ਅੰਦਰ-ਅੰਦਰ ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਿੱਜੀ ਰੂਪ ਵਿੱਚ ਪੇਸ਼ ਹੋ ਕੇ ਦੇਣ। ਇਸ ਫ਼ੈਸਲੇ ਦਾ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਭਰਪੂਰ ਸਵਾਗਤ ਕਰਦਿਆਂ ਕਿਹਾ ਕਿ ਪੰਥਕ ਪ੍ਰੰਪਰਾਵਾਂ ਅਨੁਸਾਰ ਡਾਕਟਰ ਕਰਮਜੀਤ ਸਿੰਘ ਉੱਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਖ਼ਤ ਅਤੇ ਮਿਸਾਲੀ ਕਾਰਵਾਈ ਕੀਤੀ ਜਾਵੇ ਤਾਂ ਜੋ ਕੋਈ ਹੋਰ ਵਿਅਕਤੀ ਅਤੇ ਸੰਸਥਾ ਸਿੱਖ ਕੌਮ ਉੱਤੇ ਸਿਧਾਂਤਕ ਹਮਲੇ ਕਰਨ ਦਾ ਹੀਆ ਨਾ ਕਰ ਸਕੇ। ਜ਼ਿਕਰਯੋਗ ਹੈ ਕਿ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ, ਯੂਨਾਈਟਿਡ ਸਿੱਖ ਸਟੂਡੈਂਟਸ ਫੈਡਰੇਸ਼ਨ ਅਤੇ ਸੱਥ ਵੱਲੋਂ ਡਾਕਟਰ ਕਰਮਜੀਤ ਸਿੰਘ ਵਿਰੁੱਧ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਲਿਖਤੀ ਸ਼ਿਕਾਇਤ ਕੀਤੀ ਗਈ ਸੀ ਜਿਸ ਉਪਰੰਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਥੇਦਾਰ ਦੇ ਸੇਵਾ ਨਿਯਮ ਘੜਨ ਵਾਲੀ ਕਮੇਟੀ ਵਿੱਚੋਂ ਡਾਕਟਰ ਕਰਮਜੀਤ ਸਿੰਘ ਨੂੰ ਤੁਰੰਤ ਹਟਾ ਦਿੱਤਾ ਸੀ। ਫੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸੋਸ਼ਲ ਮੀਡੀਆ 'ਤੇ ਵਾਇਰਲ ਵੀਡੀਓ ਵਿੱਚ ਵਾਈਸ ਚਾਂਸਲਰ ਕਰਮਜੀਤ ਸਿੰਘ ਨੇ ਸਿੱਖ ਵਿਰੋਧੀ ਜਮਾਤ ਆਰ.ਐੱਸ.ਐੱਸ. ਦੇ ਮੁਖੀ ਮੋਹਨ ਭਾਗਵਤ ਨੂੰ ਖ਼ੁਸ਼ ਕਰਦਿਆਂ ਗੁਰੂ ਨਾਨਕ ਸਾਹਿਬ ਦੀ ਵਿਚਾਰਧਾਰਾ, ਸਿਧਾਂਤ, ਗਿਆਨ ਅਤੇ ਫ਼ਲਸਫ਼ੇ ਨੂੰ ਸਨਾਤਨ/ਹਿੰਦੂ ਮੱਤ ਦੇ ਵੇਦਾਂ ਨਾਲ ਜੋੜਨ ਦਾ ਭਾਰੀ ਗੁਨਾਹ ਕੀਤਾ ਸੀ। ਇਹ ਇੱਕ ਸਾਜ਼ਿਸ਼ ਤਹਿਤ ਸਿੱਖੀ ਦਾ ਹਿੰਦੂਕਰਨ ਕਰਨ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ। ਇਹ ਸਿੱਖੀ ਦੇ ਨਿਆਰੇਪਨ, ਅੱਡਰੀ ਹੋਂਦ-ਹਸਤੀ ਅਤੇ ਵਿਲੱਖਣ ਪਹਿਚਾਣ ਉੱਤੇ ਘਾਤਕ ਹਮਲਾ ਹੈ। ਆਰ.ਐੱਸ.ਐੱਸ. ਨਾਲ ਸੰਬੰਧਤ ਇਹ ਲੋਕ ਵਿੱਦਿਅਕ ਸੰਸਥਾਵਾਂ ਉੱਤੇ ਕਾਬਜ਼ ਹੋ ਕੇ ਸਿੱਖਿਆ ਪ੍ਰਣਾਲੀ ਰਾਹੀਂ ਗੁਰਮਤਿ ਵਿਚਾਰਧਾਰਾ ਨੂੰ ਬਦਲਣ ਅਤੇ ਹਿੰਦੂ ਮੱਤ 'ਚ ਰਲਗੱਡ ਕਰਨਾ ਚਾਹੁੰਦੇ ਹਨ ਜੋ ਸਿੱਖ ਕੌਮ ਲਈ ਬਰਦਾਸ਼ਤਯੋਗ ਨਹੀਂ ਹੈ। ਡਾਕਟਰ ਕਰਮਜੀਤ ਸਿੰਘ ਨੂੰ ਵਾਈਸ ਚਾਂਸਲਰ ਦੇ ਅਹੁਦੇ ਤੋਂ ਵੀ ਤੁਰੰਤ ਹਟਾਉਣ ਦੇ ਯਤਨ ਕੀਤੇ ਜਾਣੇ ਚਾਹੀਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦੂਸਰੇ ਮਹਾਯੁੱਧ ਦੀ ਲੜਾਈ ਲੜਨ ਵਾਲੇ ਧਨੌਲਾ ਦੇ ਸਿੱਖ ਰਾਜਪੂਤ ਬਹਾਦਰ ਸਿੰਘ ਦੇ ਪਰਿਵਾਰ ਨੂੰ ਸਰਕਾਰ ਨੇ ਕੀਤਾ ਅਣਗੌਲਿਆ



**ਧਨੌਲਾ,14 ਅਗਸਤ (ਆਵਾਜ਼ਿ ਕੌਮ ਬਿਊਰੋ)**- ਕਰੀਬ 112 ਸਾਲ ਪਹਿਲੇ ਸਿੱਖ ਰਾਜਪੂਤ ਪਰਿਵਾਰ ਵਿੱਚ ਜਨਮੇ ਬਹਾਦਰ ਸਿੰਘ ਦੀਆ ਦੇਸ ਪ੍ਰਤੀ ਨਿਭਾਈਆ ਗਈਆ ਸੇਵਾਂਵਾ ਤੇ ਅੱਜ ਪਰਿਵਾਰ ਫਖਰ ਮਹਿਸ਼ੂਸ ਕਰ ਰਿਹਾ ਪਰ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਮਹਾ ਯੁੱਧ ਦੀ ਲੜਾਈ ਲੜਨ ਵਾਲੇ ਪਰਿਵਾਰ ਨੂੰ

ਆਵਾਜ਼ਿ ਕੌਮ AWAZE QAUM International Newspaper & WEB TV

ਅਣਗੌਲਿਆ ਕਰ ਰੱਖਿਆ ਹੈ। ਗੱਲਬਾਤ ਕਰਦਿਆ ਹੋਇਆ ਉਨਾ ਦੇ ਬਿਰਧ ਪੁੱਤਰ ਸੰਤਾ ਸਿੰਘ ਤੇ ਪੋਤੇ ਬਲਜਿੰਦਰ ਸਿੰਘ ਸੋਨੂੰ ਨੇ ਭਰੇ ਮਨ ਨਾਲ ਦੱਸਿਆ ਕਿ ਉਹਨਾ ਦੇ ਪਿਤਾ ਸਰਦਾਰ ਬਹਾਦਰ ਸਿੰਘ ਪੁੱਤਰ ਗੋਕਲ ਸਿੰਘ ਮੁੱਹਲਾ ਰਿਵਾਰੀਆ ਵਿਚ ਰਹਿੰਦੇ ਹੋਏ ਜਦੋਂ 18 ਸਾਲ ਦੇ ਹੁੰਦਿਆ ਫੌਜ ਵਿਚ ਭਰਤੀ ਹੋ ਗਏ । ਉਸ ਸਮੇਂ ਫੋਜ ਦਾ ਨਾਮ ਜੀਦ ਇਨਫੈਂਟਰੀ ਸੀ ਤੇ ਸੰਨ 7-03-1930 ਵਿੱਚ ਅੰਗਰੇਜ਼ ਹਕੂਮਤ ਦਾ ਰਾਜ ਸੀ ਤੇ 1939 ਵਿਚ ਦੂਸਰਾ ਮਹਾ ਯੁੱਧ ਸ਼ੁਰੂ ਹੋ ਗਿਆ ਅੰਗਰੇਜ਼ ਹਕੂਮਤ ਨੇ ਜੀਦ ਇਨਫੈਂਟਰੀ ਖੋਜ ਨੂੰ ਮਹਾ ਯੁੱਧ ਦੂਸਰੇ ਵਿਚ ਭੇਜ ਦਿੱਤਾ ਗਿਆ ਤੇ ਦੂਸਰਾ ਮਹਾਂ ਯੁੱਧ ਵਿਚ ਨੇਤਾ ਜੀ ਸੁਭਾਸ਼ ਚੰਦਰ ਬੋਸ ਨਾਲ ਮਿਲ ਕੇ ਅਜਾਦ ਹਿੰਦ ਫੌਜ ਬਣਾਉਣ ਲਈ ਲੜਾਈ ਲੜੀ ਜਪਾਨ ਗੌਰਮਿੰਟ ਨਾਲ ਲੜਦੇ-ਲੜਦੇ 1942 ਵਿੱਚ ਜਪਾਨ ਗੌਰਮਿੰਟ ਨੇ ਕੈਦ ਕਰ ਲਿਆ ਤੇ ਘਰ ਵਾਲਿਆਂ ਧਨੌਲਾ ਅੰਦਰ ਸੂਚਨਾ ਦਿੱਤੀ ਕਿ ਆਪ ਦਾ ਆਦਮੀ ਸਮੁੰਦਰ ਪਾਰ ਸਾਡੇ ਪਾਸ ਕੈਦ ਹੈ ਇਹ ਚਿੱਠੀ 13 ਅਗਸਤ 1942 ਨੂੰ ਪਿੰਡ ਧਨੌਲਾ ਵਿੱਚ ਆਈ 1939 ਤੋਂ 1945 ਤੱਕ ਦੂਸਰਾ ਮਹਾਂ ਯੁੱਧ ਚੱਲਦਾ ਰਿਹਾ ਯੁੱਧ ਖਤਮ ਹੋਣ ਤੇ ਜਾਪਾਨ ਗੌਰਮਿੰਟ ਨੇ ਇੰਡੀਆ ਦੇ ਕੈਦੀਆਂ ਨੂੰ ਵਾਪਸ ਅੰਗਰੇਜ਼ ਹਕੂਮਤ ਦੇ ਸਪੁਰਦ ਕਰ ਦਿੱਤਾ ਤੇ ਅੰਗਰੇਜ਼ ਗੌਰਮਿੰਟ ਨੇ ਫੌਜੀ ਕੈਦੀਆਂ ਨੂੰ ਕਾਲੇ ਪਾਣੀ ਭੇਜ ਦਿੱਤਾ ਕਿਉਂਕਿ ਇਹਨਾਂ ਨੇ ਆਜ਼ਾਦ ਹਿੰਦ ਫੌਜ ਵਿੱਚ ਹੋਕੇ ਅੰਗਰੇਜ ਹਕੂਮਤ ਖਿਲਾਫ ਮੁਹਿੰਮ ਛੇੜੀ ਗਈ ਸੀ ਅੰਗ੍ਰੇਜ਼ਾਂ ਨੇ ਕਾਲੇ ਪਾਣੀ ਤੋਂ ਕੁਝ ਕੈਦੀਆਂ ਨੂੰ ਲਾਲ ਕਿਲੇ ਦਿੱਲੀ ਵਿੱਚ ਲੈ ਕੇ ਆਉਂਦੀ ਤੇ ਲਾਲ ਕਿਲੇ ਦੇ ਅੰਦਰ ਹੀ ਕੋਰਟ ਬਣੀ ਹੋਈ ਸੀ ਜਿਸ ਵਿੱਚ ਪੇਸ਼ ਕਰਦੇ ਤੇ ਉਸ ਤੋਂ ਬਾਅਦ ਲਾਲ ਕਿਲੇ ਦੇ ਅੰਦਰ ਹੀ ਗੋਲੀ ਮਾਰ ਦਿੰਦੇ ਉਸ ਟਾਈਮ ਪੰਡਿਤ ਜਵਾਹਰ ਲਾਲ ਨਹਿਰੂ ਤੇ ਕੁਝ ਹੋਰ ਵਕੀਲਾਂ ਨੇ ਅੰਗਰੇਜ਼ ਹਕੂਮਤ ਨਾਲ ਕੇਸ ਲੜਿਆ ਤੇ ਸਮਝਿਆ ਕਿ ਫੌਜੀ ਆਪ ਦੇ ਖਿਲਾਫ ਨਹੀਂ ਹਨ ਇਹ ਤਾ ਦੇਸ ਆਜ਼ਾਦ ਕਰਵਾਉਣਾ ਚਾਹੁੰਦੇ ਹਨ ਫਿਰ ਅੰਗਰੇਜ਼ਾਂ ਨੇ ਜੋ ਬਾਕੀ ਕੈਦੀ ਬਚ ਗਏ ਸਨ ਉਹਨਾਂ ਨੂੰ ਬਿਨਾਂ ਕੋਈ ਟਾਈਮ ਦਿੰਦੇ ਹੋਏ ਛੱਡ ਦਿੱਤਾ ਗਿਆ। ਜਿਨਾਂ ਵਿੱਚ ਨੰ: 92 ਬਹਾਦਰ ਸਿੰਘ ਸਿਪਾਹੀ ਜੀਂਦ ਇਨਫੈਂਟਰੀ ਵੀ ਸੀ **Ward-War Second** ਵਿਚ ਉਸ ਟਾਈਮ ਧਨੌਲੇ ਪਿੰਡ ਵਿੱਚ ਇੱਕ ਹੀ ਆਦਮੀ ਸੀ ਜੋ ਲੜਾਈ ਵਿੱਚ ਗਿਆ ਸੀ ਧਨੌਲੇ ਦਾ ਸੀ ਦੇਸ ਪ੍ਰਤੀ ਸੇਵਾਂਵਾ ਨਿਭਾਉਣ ਵਾਲੇ ਇਸ ਪਰਿਵਾਰ ਨੂੰ ਅੱਜ ਤੱਕ ਸੁਤੰਤਰਤਾ ਸੈਨਾਨੀ ਦੇ ਪਰਿਵਾਰ ਨੂੰ ਕੋਈ ਸਹੂਲਤ ਵੀ ਨਹੀਂ ਮਿਲ ਰਹੀ ਪਰਿਵਾਰ ਨੇ ਕਿਹਾ ਪੰਜਾਬ ਗੌਰਮਿੰਟ ਸੁਤੰਤਰਤਾ ਸੈਨਾਨੀਆਂ ਦੇ ਨਾਂ ਤੋਂ ਸਕੂਲਾਂ ਦਾ ਨਾਮ ਰੱਖ ਰਹੀ ਹੈ ਪਰ ਜਮੀਨੀ ਹਕੀਕਤ ਕੁੱਝ ਹੋਰ ਹੈ। ਉਹਨਾ ਕਿਹਾ ਕਿ ਸਾਡਾ ਪਰਿਵਾਰ ਪੂਰਾ ਪੂਰਾ ਹੱਕਦਾਰ ਹੈ ਭਾਰਤ ਸਰਕਾਰ ਵੱਲੋਂ ਮਾਨਤਾ -ਪ੍ਰਾਪਤ ਲਹਿਰਾ ਦੀ ਸੂਚੀ ਦੇ ਅਨੁਲੱਗ ਤੋਂ ਅਨੁਸਾਰ **Azad Hind Of .N.A**(1943-45)ਤੇ ਪੰਜਾਬ ਸਰਕਾਰ ਦੇ ਪੱਤਰ ਨੰ: 13/16/2010-3 ਫ਼ਫ1959ਆਮ ਰਾਜ ਪ੍ਰਬੰਧ ਵਿਭਾਗ (ਸੁੰਤਤਰਾ ਸੰਗਰਾਮ ਸਾਖਾ) ਚੰਡੀਗੜ੍ਹ ਮਿਤੀ 28-07-2011 ਰਾਜ ਦੇ ਸਾਰੇ ਡਿਪਟੀ ਕਮਿਸ਼ਨਰਾਂ ਤੇ ਉਸ -ਮੰਡਲਾਂ ਦੇ ਅਫਸਰਾਂ ਨੂੰ ਇਹਨਾ ਪਰਿਵਾਰਾ ਨੂੰ ਸਹੂਲਤਾਂ ਦੇਣ ਲਈ ਲਿਖਿਆ ਗਿਆ ਹੈ। ਮਗਰ ਸਾਡੇ ਪਰਿਵਾਰ ਨੂੰ ਅੱਜ ਤੱਕ ਕੋਈ ਸਹੂਲਤ ਨਹੀ ਮਿਲੀ।

# ਪੰਜਾਬੀ ਯੂਨੀਵਰਸਿਟੀ ਕੈਂਪਸ ਦੇ ਗੁਰੂਦੁਆਰਾ ਸਾਹਿਬ ਵਿਖੇ ਕਰਵਾਇਆ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਸਮਾਗਮ

**■ ਸੰਸਾਰ ਦੇ ਇਤਿਹਾਸ ਵਿੱਚ ਇਹ ਸਿੱਖਾਂ ਦੇ ਹਿੱਸੇ ਹੀ ਆਇਆ ਕਿ ਕਿਸੇ ਹੋਰ ਦੇ ਅਕੀਦਿਆਂ ਲਈ ਅਦੁੱਤੀ ਸ਼ਹਾਦਤ ਸਾਡੇ ਗੁਰੂ ਸਾਹਿਬ ਨੇ ਦਿੱਤੀ:ਸ੍ਰ. ਕੁਲਤਾਰ ਸਿੰਘ ਸੰਧਵਾਂ • ਗੁਰੂ ਸਾਹਿਬ ਨੇ ਸਾਨੂੰ ਸੇਵਾ, ਸਬਰ, ਸਹਿਜ, ਸੰਤੋਖ ਅਤੇ ਸ਼ਹਾਦਤ ਦੇ...**



ਪਟਿਆਲਾ, 13 ਅਗਸਤ (ਆਵਾਜ਼ਿ ਕੌਮ ਬਿਊਰੋ)-ਪੰਜਾਬੀ ਯੂਨੀਵਰਸਿਟੀ ਵਿਖੇ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਉੱਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਵਿੱਚ ਅੱਜ ਦੇ ਯੁਵਕ ਭਲਾਈ ਵਿਭਾਗ ਵੱਲੋਂ ਕੈਂਪਸ ਦੇ ਗੁਰੁਦੁਆਰਾ ਸਾਹਿਬ ਵਿਖੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਇਸ ਮੌਕੇ ਉਚੇਚੇ ਤੌਰ ਉੱਤੇ ਸ਼ਿਰਕਤ ਕੀਤੀ। ਯੂਨੀਵਰਸਿਟੀ ਦੇ ਸੰਗੀਤ ਵਿਭਾਗ ਦੇ ਮੁਖੀ ਪ੍ਰੋ. ਨਿਵੇਦਿਤਾ ਸਿੰਘ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵੱਲੋਂ ਰਚਿਤ ਗੁਰਬਾਣੀ ਦਾ ਕੀਰਤਨ ਕੀਤਾ। ਉਨ੍ਹਾਂ ਦੁਆਰਾ ਜੈਜਵੰਤੀ ਰਾਗ ਵਿੱਚ ਗੁਰੂ ਸਾਹਿਬ ਦੀ ਬਾਣੀ ਦੇ ਕੀਰਤਨ ਨਾਲ਼ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਸਿੱਖੀ ਦੁਨੀਆਂ ਦਾ ਇੱਕ ਵੱਖਰਾ ਵਰਤਾਰਾ ਹੈ। ਉਨ੍ਹਾਂ ਕਿਹਾ ਕਿ ਅਸੀਂ ਵਡਭਾਗੇ ਹਾਂ ਕਿ ਸਮੁੱਚੇ ਸੰਸਾਰ ਦੇ ਇਤਿਹਾਸ ਵਿੱਚ ਇਹ ਸਿੱਖਾਂ ਦੇ ਹਿੱਸੇ ਹੀ ਆਇਆ ਕਿ ਕਿਸੇ ਹੋਰ ਦੇ ਅਕੀਦਿਆਂ ਲਈ ਇਸ ਤਰ੍ਹਾਂ ਦੀ ਅਦੁੱਤੀ ਸ਼ਹਾਦਤ ਸਾਡੇ ਗੁਰੂ ਸਾਹਿਬ ਨੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸੰਸਾਰ ਭਰ ਦੇ ਇਤਿਹਾਸ ’ਤੇ ਨਜ਼ਰ ਮਾਰੀਏ ਤਾਂ ਵੇਖ ਸਕਦੇ ਹਾਂ ਕਿ ਕਦੇ ਵੀ ਮਕਤੂਲ ਆਪ ਚੱਲ ਕੇ ਕਾਤਿਲ ਕੋਲ਼ ਜਾਂਦਾ ਨਹੀਂ ਵੇਖਿਆ ਗਿਆ। ਉਹ ਵੀ ਕਿਸੇ ਹੋਰ ਦੇ ਅਕੀਦੇ ਲਈ। ਅਜਿਹਾ ਕਰਨਾ ਸਾਡੇ ਪਾਤਸ਼ਾਹ ਦੇ ਹੀ ਹਿੱਸੇ ਆਇਆ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਦੇ ਅਸਲ ਮਨੋਰਥ ਨੂੰ ਸਮਝਦਿਆਂ ਸਾਨੂੰ ਉਨ੍ਹਾਂ ਤੋਂ ਸੇਧ ਲੈ ਕੇ ਮਾੜੀਆਂ ਸੋਚਾਂ ਤੋਂ ਬਚਣ ਦੀ ਲੋੜ ਹੈ ਉਨ੍ਹਾਂ ਮੁੱਖ ਮੰਤਰੀ ਸ੍ਰ. ਭਗਵੰਤ ਮਾਨ ਦੀ ਅਗਵਾਈ ਵਾਲ਼ੀ ਪੰਜਾਬ ਸਰਕਾਰ ਦਾ ਇਸ ਪੱਖੋਂ ਧੰਨਵਾਦ ਕੀਤਾ ਕਿ ਉਨ੍ਹਾਂ ਗੁਰੂ ਸਾਹਿਬ ਦੀ ਅਦੁੱਤੀ ਸ਼ਹਾਦਤ ਅਤੇ ਵਿਲੱਖਣ ਫ਼ਲਸਫ਼ੇ ਵਾਲ਼ੀ ਮਹਾਨ ਕਹਾਣੀ ਨੂੰ ਅੱਗੇ ਤੋਰਨ ਲਈ ਵੱਡੇ ਪੱਧਰ ਉੱਤੇ ਸਮਾਗਮ ਉਲੀਕੇ ਹਨ। ਉਨ੍ਹਾਂ ਇਸ ਗੱਲ ਉੱਤੇ ਖ਼ੁਸ਼ੀ ਪ੍ਰਗਟਾਈ ਕਿ ਪੰਜਾਬੀ ਯੂਨੀਵਰਸਿਟੀ ਨੇ ਰਾਗਬੱਧ ਕੀਰਤਨ ਅਮੀਰ ਖਜ਼ਾਨਾ ਸਾਂਭਿਆ ਹੋਇਆ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਅਮੀਰੀ ਸਦਾ ਕਾਇਮ ਰਹੇਗੀ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਨੇ ਸਾਨੂੰ ਸੇਵਾ, ਸਬਰ, ਸਹਿਜ, ਸੰਤੋਖ ਅਤੇ ਸ਼ਹਾਦਤ ਦੇ ਰਸਤੇ ਉੱਤੇ ਚਲਦਿਆਂ ਜ਼ਿੰਦਗੀ ਦੇ ਅਰਥ ਸਮਝਾਏ ਹਨ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਦੀ ਸ਼ਹਾਦਤ ਵਿਲੱਖਣ ਹੈ। ਅਜਿਹੀ ਮਿਸਾਲ ਹੋਰ ਕਿਤੇ ਵੀ ਨਹੀਂ ਮਿਲਦੀ। ਉਨ੍ਹਾਂ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਵਿਖੇ ਇਹ ਇਸ ਲੜੀ ਦਾ ਤੀਜਾ ਸਮਾਗਮ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪ੍ਰੇਰਣਾ ਨਾਲ਼ ਜੀਵਨ ਜਿਉਣ ਉੱਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਜਿਸ ਕੋਲ਼ ਗੁਰਬਾਣੀ ਹੈ, ਉਸ ਕੋਲ਼ ਸਭ ਕੁੱਝ ਹੈ। ਉਨ੍ਹਾਂ ਕਿਹਾ ਕਿ ਅਸੀਂ ਗੁਰੂ ਸਾਹਿਬ ਤੋਂ ਮੁੱਖ ਵਾਕ ਲੈ ਕੇ ਜੀਵਨ ਜਿਊਣ ਦੀ ਪਰੰਪਰਾ ਵਾਲੇ ਵਡਭਾਗੇ ਲੋਕ ਹਾਂ। ਸਿੱਖ ਵਿਸ਼ਵਕੋਸ਼ ਵਿਭਾਗ ਤੋਂ ਪ੍ਰੋ ਪਰਮਵੀਰ ਸਿੰਘ ਨੇ ਇਸ ਮੌਕੇ ਵਿਚਾਰਕ ਸਾਂਝ ਪਾਉਂਦਿਆਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਦਾ ਪ੍ਰਮੁੱਖ ਵਿਸ਼ਾ ਤਿਆਗ ਦੀ ਭਾਵਨਾ ਹੈ। ਸਾਨੂੰ ਆਪਣੀ ਜ਼ਿੰਦਗੀ ਦੇ ਵੱਖ-ਵੱਖ ਪੱਖਾਂ ਵਿੱਚ ਤਿਆਗ ਦੀ ਭਾਵਨਾ ਅਪਨਾਉਣ ਦੀ ਲੋੜ ਹੈ। ਉਨ੍ਹਾਂ ਗੁਰੂ ਸਾਹਿਬ ਦੇ ਜੀਵਨ ਵਿੱਚੋਂ ਇਤਿਹਾਸਿਕ ਹਵਾਲਿਆਂ ਨਾਲ਼ ਗੁਰੂ ਸਾਹਿਬ ਦੇ ਫ਼ਲਸਫ਼ੇ ਨੂੰ ਸਾਂਝਾ ਕੀਤਾ। ਉਨ੍ਹਾਂ ਦੱਸਿਆ ਕਿ ਗੁਰੂ ਸਾਹਿਬ ਦੀ ਸ਼ਹਾਦਤ ਅਤੇ ਸਿੱਖਿਆਵਾਂ ਸਬੰਧੀ ਸੰਸਾਰ ਭਰ ਵਿੱਚ ਪ੍ਰਚਾਰ ਪ੍ਰਸਾਰ ਲਈ ਯੂਨੀਵਰਸਿਟੀ ਦੋ ਤਰ੍ਹਾਂ ਦੀਆਂ ਸਰਗਰਮੀਆਂ ਕਰ ਰਹੀ ਹੈ। ਜਿੱਥੇ ਇੱਕ ਪਾਸੇ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗ ਅਤੇ ਕਾਲਜ ਇਸ ਵਿਸ਼ੇ ਨੂੰ ਸਮਰਪਿਤ ਸਮਾਗਮ ਉਲੀਕ ਰਹੇ ਹਨ ਉਥੇ ਹੀ ਇੱਕ ਵਿਸ਼ੇਸ਼ ਅਕਾਦਮਿਕ ਕਾਰਜ ਵਜੋਂ ਗੁਰੂ ਸਾਹਿਬ ਦੀ ਬਾਣੀ, ਜੀਵਨ, ਯਾਤਰਾਵਾਂ, ਫ਼ਲਸਫ਼ੇ ਨੂੰ ਸਮਰਪਿਤ ਵਿਸ਼ੇਸ਼ ਪੁਸਤਕ ਵੀ ਰਚੀ ਜਾਣੀ ਹੈ ਜੋ ਨਵੰਬਰ ਮਹੀਨੇ ਤੱਕ ਪ੍ਰਕਾਸ਼ਿਤ ਹੋ ਜਾਵੇਗੀ। ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਪ੍ਰੋ. ਭੀਮਇੰਦਰ ਸਿੰਘ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਅਸੀਂ ਵਡਭਾਗੇ ਹਾਂ ਕਿ ਅਸੀਂ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਧਰਤੀ ਉੱਤੇ ਉਨ੍ਹਾਂ ਨੂੰ ਯਾਦ ਕਰ ਰਹੇ ਹਾਂ। ਸਮਾਗਮ ਦੌਰਾਨ ਗੁਰਮਤਿ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਵੀ ਗੁਰੂ ਸਾਹਿਬ ਦੀ ਬਾਣੀ ਵਿੱਚੋਂ ਸ਼ਬਦ ਗਾਇਨ ਕੀਤਾ ਗਿਆ। ਧੰਨਵਾਦੀ ਸ਼ਬਦ ਡਾ. ਸੁਖਵਿੰਦਰ ਸਿੰਘ ਸਰਾਂ ਵੱਲੋਂ ਬੋਲੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ : ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ



ਅੱਜ 13 ਅਗਸਤ 2025 ਨੂੰ ਭਾਈ ਕੁਲਵੰਤ ਸਿੰਘ ਬੰਦੀ ਸਿੰਘ ਜੋ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਨਾਲ ਫੜੇ ਗਏ ਸਨ ਜੋ ਕਿ ਅਜਨਾਲਾ ਕੇਸ ਸਮੇਂ ਕਿਸੇ ਘਰੇਲੂ ਕਾਰਜ ਸਮੇਂ ਆਪਣੇ ਨਗਰ ਵਿੱਚ ਸਨ ਪੂਰੇ ਸਬੂਤ ਦੇਣ ਦੇ ਬਾਵਜੂਦ ਵੀ ਪੰਜਾਬ ਸਰਕਾਰ ਨੇ ਪੰਜਾਬ ਪ੍ਰਸ਼ਾਸਨ ਨੇ ਪੁਲਿਸ ਨੇ ਪੂਰੇ ਧੱਕੇ ਦੇ ਨਾਲ ਢਾਈ ਸਾਲ ਤੋਂ ਅੰਦਰ ਰੱਖਿਆ ਹੋਇਆ ਹੈ ਅੱਜ ਉਹਨਾਂ ਨੂੰ ਹਸਪਤਾਲ ਦੇ ਵਿੱਚ ਇਲਾਜ ਦੇ ਲਈ ਲਿਆਂਦਾ ਗਿਆ ਹੈ ਜਿੱਥੇ ਉਹਨਾਂ ਦਾ ਹਰਨੀਆਂ ਦਾ ਆਪਰੇਸ਼ਨ ਹੋਣਾ ਹੈ ਅੱਜ ਦਾਸ ਦੇ ਨਾਲ ਬਾਬਾ ਸਵਰਨਜੀਤ ਸਿੰਘ ਜੀ ਤਰਨਾ ਦਲ ਦੁਆਬਾ ਮਿਸ਼ਨ ਸ਼ਹੀਦਾਂ ਦੇ ਜਥੇਦਾਰ ਉਹਨਾਂ ਦਾ ਪਤਾ ਕਰਨ ਵਾਸਤੇ ਹਸਪਤਾਲ ਵਿੱਚ ਮਿਲੇ ਉਹਨਾਂ ਨਾਲ ਕਾਫੀ ਲੰਮਾ ਸਮਾਂ ਵਿਚਾਰ ਵਟਾਂਦਰਾ ਕੀਤਾ ਉਹ ਬਹੁਤ ਚੜ੍ਹਦੀ ਕਲਾ ਵਿੱਚ ਨੇ ਸਤਿਗੁਰੂ ਕਿਰਪਾ ਕਰਨ ਉਹਨਾਂ ਨੂੰ ਤੰਦਰੁਸਤੀ ਬਖਸ਼ਣ ਅਤੇ ਨਾਲ ਹੀ ਪੰਜਾਬ ਸਰਕਾਰ ਨੂੰ ਅਸੀਂ ਕਹਿਣਾ ਚਾਹੁੰਦੇ ਆ ਕਿ ਇਨਾ ਵੱਡਾ ਜ਼ੁਲਮ ਜਿੱਥੇ ਹੋਰ 25 ਸਿੰਘ ਇਹਨਾਂ ਦੇ ਨਾਲ ਫੜੇ ਹੋਏ ਹਨ ਉੱਥੇ ਇਕੱਲੇ ਕੱਲੇ ਦੀ ਅਜਿਹੀ ਹੀ ਵਾਰਤਾ ਹੈ ਕੋਈ ਮੈਡੀਕਲ ਸਹੂਲਤ ਨਹੀਂ ਜਿੱਥੇ ਅਸੀਂ ਜਾ ਕੇ ਆਏ ਆਂ ਪੂਰੀ ਗੰਦਗੀ ਦੇ ਵਿੱਚ ਜਿਹੜਾ ਸਰਕਾਰੀ ਹਸਪਤਾਲ ਹੈ ਬਿਨਾਂ ਕਿਸੇ ਸਹੂਲਤ ਤੋਂ ਉਹਨਾਂ ਨੂੰ ਰੱਖਿਆ ਗਿਆ ਇਸ ਪਾਸੇ ਗੌਰਮੈਂਟ ਨੂੰ ਧਿਆਨ ਦੇਣਾ ਚਾਹੀਦਾ ਕਿ ਬੰਦੀ ਸਿੰਘਾਂ ਨੂੰ ਜੋ ਉਹਨਾਂ ਦੀਆਂ ਲੋੜਾਂ ਮੁਤਾਬਕ ਕਾਨੂੰਨੀ ਤੌਰ ਤੇ ਉਹਨਾਂ ਦਾ ਹੱਕ ਬਣਦਾ ਹੈ ਉਹਦੇ ਤੋਂ ਵੀ ਵਾਂਝੇ ਰੱਖ ਕੇ ਉਹਨਾਂ ਨੂੰ ਜਿੱਥੇ ਮਾਨਸਿਕ ਤੌਰ ਤੇ ਪਰੇਸ਼ਾਨ ਕੀਤਾ ਜਾ ਰਿਹਾ ਹੈ ਉੱਥੇ ਨਾਲ ਹੀ ਸਰੀਰਕ ਤੌਰ ਤੇ ਵੀ ਉਹਨਾਂ ਦਾ ਪੂਰਾ ਢੁਕਵਾਂ ਇਲਾਜ ਨਹੀਂ ਕੀਤਾ ਜਾ ਰਿਹਾ ਇਸ ਲਈ ਅਸੀਂ ਅੱਜ ਦੇ ਹਾਲਾਤ ਦੇਖ ਕੇ ਬਹੁਤ ਪਰੇਸ਼ਾਨ ਹੋਏ ਕਿ ਉਹਨਾਂ ਦੀਆਂ ਮੁਲਾਕਾਤਾਂ ਵੀ ਬੰਦ ਨੇ ਅਤੇ ਉਹ ਪ੍ਰਾਈਵੇਟ ਤੌਰ ਤੇ ਆਪਣਾ ਇਲਾਜ ਵੀ ਨਹੀਂ ਕਰਾ ਸਕਦੇ ਤੇ ਉਹਨਾਂ ਨੂੰ ਪੈਰੋਲ ਵੀ ਨਹੀਂ ਦਿੱਤੀ ਜਾਂਦੀ ਦੂਜੇ ਪਾਸੇ ਬਲਾਤਕਾਰੀ ਸੌਦਾ ਸਾਧ ਨੂੰ ਹਰ ਦਸਵੇਂ ਦਿਨ ਪਰੋਲ ਦਿੱਤੀ ਜਾਂਦੀ ਹੈ। ਅਸੀ ਮਨੁੱਖੀ ਅਧਿਕਾਰ ਜਥੇਬੰਦੀਆਂ ਨੂੰ ਵੀ ਅਪੀਲ ਕਰਦੇ ਹਾਂ ਕਿ ਇਸ ਪਾਸੇ ਵੀ ਸਾਨੂੰ ਸਭਨਾਂ ਨੂੰ ਧਿਆਨ ਦੇਣਾ ਚਾਹੀਦਾ।

ਆਵਾਜ਼ਿ ਕੌਮ AWAZE QAUM International Newspaper & WEB TV

# 30 ਵਾਂ ਹਿੰਦ-ਪਾਕਿ ਦੋਸਤੀ ਸੰਮੇਲਨ ਕਰਵਾਇਆ ਗਿਆ



ਅੰਮ੍ਰਿਸਰ, 14 ਅਗਸਤ ( ਆਵਾਜ਼ਿ ਕੌਮ ਬਿਊਰੋ)- ਹਿੰਦ-ਪਾਕਿ ਦੋਸਤੀ ਮੰਚ, ਫ਼ੋਕਲੋਰ ਰਿਸਰਚ ਅਕਾਦਮੀ, ਸਾਫ਼ਮਾ, ਪਾਕਿਸਤਾਨ ਇੰਡੀਆ ਪੀਪਲਜ਼ ਫ਼ਾਰ ਪੀਸ ਐਂਡ ਡੈਮੋਕਰੇਸੀ ਤੇ ਪੰਜਾਬ ਜਾਗ੍ਰਿਤੀ ਮੰਚ ਵਲੋਂ ਆਪਣੀ ਹਮ ਖਿਆਲੀ ਸੰਸਥਾਵਾਂ ਸਰਬਤ ਦਾ ਭਲਾ ਟਰੱਸਟ, ਨਾਮਧਾਰੀ ਦਰਬਾਰ ਤੇ ਵਿਰਸਾ ਵਿਹਾਰ ਅੰਮ੍ਰਿਸਰ ਦੇ ਸਹਿਯੋਗ ਨਾਲ 30 ਵਾਂ ਹਿੰਦ-ਪਾਕਿ ਦੋਸਤੀ ਸੰਮੇਲਨ ਕਰਵਾਇਆ ਗਿਆ, ਜਿਸ ਦੌਰਾਨ ’ਭਾਰਤ-ਪਾਕਿਸਤਾਨ ਸੰਬੰਧਾਂ ਦੀ ਅਜੋਕੀ ਸਥਿਤੀ’ ਵਿਸ਼ੇ ’ਤੇ ਸੈਮੀਨਾਰ ਕਰਵਾਇਆ ਗਿਆ, ਜਿਸ ਦੌਰਾਨ 1947 ਦੀ ਵੰਡ ਸਮੇਂ ਅਤੇ ਪਹਿਲਗਾਮ ’ਚ ਮਾਰੇ ਗਏ ਲੋਕਾਂ ਨੂੰ ਯਾਦ ਕਰਦੇ ਹੋਏ ਸ਼ਰਧਾਂਜ਼ਲੀ ਭੇਂਟ ਕੀਤੀ ਗਈ ਅਤੇ ਦੋਵੇਂ ਮੁੱਲਕਾਂ ਦੇ ਸੁਖਾਵੇਂ ਸੰਬੰਧਾ ਦੀ ਕਾਮਨਾ ਕਰਦੇ ਹੋਏ ਅੱਤਵਾਦ ਤੇ ਸਰੱਹਦ ਪਾਰ ਤੋਂ ਆਉਣ ਵਾਲੇ ਨਸ਼ੇ ਨੂੰ ਰੋਕਣ ਦੀ ਮੰਗ ਕੀਤੀ ਗਈ ਅਤੇ ਸੈਮੀਨਾਰ ਦੇ ਆਰੰਭ ’ਚ ਫ਼ੋਕਲੋਰ ਰਿਸਰਚ ਅਕਾਦਮੀ ਦੇ ਪ੍ਰਧਾਨ ਰਮੇਸ਼ ਯਾਦਵ ਵੱਲੋਂ ਆਇਆ ਸ਼ਖਸੀਅਤਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਦੋਹਾਂ ਦੇਸ਼ਾਂ ਦੀ ਅਮਨ ਪਸੰਦ ਲੋਕਾਂ ਵੱਲੋਂ ਅਜੋਕੇ ਹਾਲਾਤਾਂ ਵਿੱਚ ਵੀ ਮੇਲ ਮਿਲਾਪ ਦਾ ਯਤਨ ਕੀਤਾ ਜਾ ਰਿਹਾ ਹੈ, ਉਨ੍ਹਾਂ ਕਿਹਾ ਕਿ ਦੋਹਾਂ ਦੇਸ਼ਾਂ ਦਰਮਿਆਨ ਮਾਹੌਲ ਠੀਕ ਹੋਣਾ ਚਾਹੀਦਾ ਹੈ, ਇਸ ਦੌਰਾਨ ਹਿੰਦ-ਪਾਕਿ ਦੋਸਤੀ ਮੰਚ ਦੇ ਜਨਰਲ ਸਕੱਤਰ ਸ੍ਰੀ. ਸਤਨਾਮ ਸਿੰਘ ਮਾਣਕ ਨੇ ਲੋਕਾਂ ਨੂੰ ਵੰਡਣ ਵਾਲੀ ਰਾਜਨੀਤੀ ਦਾ ਵਿਰੋਧ ਕਰਦੇ ਹੋਏ ਕਿਹਾ ਕਿ ਅਮਨ ਦੋਸਤੀ ਲਈ ਦੋਹਾਂ ਮੁੱਲਕਾਂ ਨੂੰ ਯਤਨ ਕਰਨੇ ਚਾਹੀਦੇ ਹਨ, ਉਨ੍ਹਾਂ ਨੇ ਪਹਿਲਗਾਮ ਘਟਨਾ ਦੀ ਨਿਖੇਦੀ ਕਰਦੇ ਹੋਏ ਕਿਹਾ ਕਿ ਪਾਕਿਸਤਾਨ ਨੂੰ ਅੱਤਵਾਦ ਅਤੇ ਨਸ਼ੇ ਦੀ ਸਪਲਾਈ ਨੂੰ ਰੋਕਣ ਲਈ ਸਖ਼ਤ ਕਦਮ ਚੁਕਨੇ ਚਾਹੀਦੇ ਹਨ, ਉਨ੍ਹਾਂ ਕਿਹਾ ਕਿ ਪੰਜਾਬ ਦੀ ਵਿਚਾਰਧਾਰਾ ਸਰਬੱਤ ਦੇ ਭਲੇ ਅਤੇ ਭਾਈਚਾਰਕ ਸਾਂਝ ਵਾਲੀ ਹੈ, ਇਸ ਲਈ ਪੰਜਾਬੀ ਫ਼ਿਰਕਾਪ੍ਰਸਤੀ ਵਿਚਾਰਧਾਰਾ ਨੂੰ ਸਵਿਕਾਰ ਨਹੀਂ ਕਰ ਸਕਦੇ, ਇਸ ਦੌਰਾਨ ਉਨ੍ਹਾਂ ਨੇ ਕੱਟੜਵਾਦਤਾ ਦੀ ਨਿਖੇਧੀ ਕੀਤੀ, ਇਸ ਸੈਮੀਨਾਰ ਨੂੰ ਅੱਗੇ ਵਧਾਉਂਦੇ ਹੋਏ ਓ. ਪੀ ਸ਼ਾਹ ਨੇ ਕਿਹਾ ਕਿ ਦੋਹਾਂ ਦੇਸ਼ਾਂ ਦੇ ਸੰਬੰਧ ਗਲਬਾਤ ਰਾਹੀਂ ਸੁਧਰਨੇ ਚਾਹੀਦੇ ਹਨ, ਉਨ੍ਹਾਂ ਇਹ ਵੀ ਕਿਹਾ ਕਿ ਜੰਮੂ-ਕਸ਼ਮੀਰ ਦੇ ਲੋਕ ਵੀ ਚਾਹੁੰਦੇ ਹਨ ਕਿ ਭਾਰਤ ਤੇ ਪਾਕਿਸਤਾਨ ਦੇ ਸੰਬੰਧ ਬਿਹਤਰ ਹੋਣ, ਉਨ੍ਹਾਂ ਕਿਹਾ ਕਿ ਜਦ ਤੱਕ ਭਾਰਤ-ਪਾਕਿਸਤਾਨ ਦੇ ਸੰਬੰਧ ਠੀਕ ਨਹੀਂ ਹੁੰਦੇ, ਜੰਮੂ-ਕਸ਼ਮੀਰ ਦੇ ਲੋਕਾਂ ਦਾ ਜੀਵਨ ਅੰਧਕਾਰ ਵਿੱਚ ਰਹੇਗਾ, ਉਨ੍ਹਾਂ ਨੇ ਕਿਹਾ ਕਿ ਦੋਹਾਂ ਮੁੱਲਕਾਂ ’ਚ ਸੰਬੰਧ ਠੀਕ ਹੋਣ ਸਬੰਧੀ ਗਲਬਾਤ ਹੋਣੀ ਚਾਹੀਦੀ ਹੈ, ਇਸ ਦੌਰਾਨ ਕਿਸਾਨ ਆਗੂ ਰਮਿੰਦਰ ਸਿੰਘ ਨੇ ਕਿਹਾ ਕਿ ਦੇਸ਼ ਵਿੱਚ ਆਰ. ਐਸ. ਐਸ. ਦਾ ਏਜੰਡਾ ਚੱਲ ਰਿਹਾ ਹੈ ਜਿਸ ਵਿੱਚ ਮੁਸਲਮਾਨ ਤੇ ਇਸਾਈਆ ਨੂੰ ਦੂਸਰੇ ਦਰਜੇ ਦਾ ਸ਼ਹਿਰੀ ਬਣਾਇਆ ਜਾ ਰਿਹਾ ਹੈ ਅਤੇ ਸਿੱਖ ਧਰਮ ਬਾਰੇ ਵਿਚਾਰ ਪੇਸ਼ ਕੀਤੇ ਜਾਂਦੇ ਹਨ।

ਆਵਾਜ਼ਿ ਕੌਮ AWAZE QAUM

## ਇੱਕ ਨਜ਼ਰ ...



### ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸਜ਼ ਵਿਭਾਗ ਵੱਲੋਂ ਪੁਸਤਕ ਚਰਚਾ ਕਰਵਾਈ

ਤਲਵੰਡੀ ਸਾਬੋ, 14 ਅਗਸਤ (ਗੁਰਜੰਟ ਸਿੰਘ ਨਥੇਹਾ)-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸਜ਼ ਵਿਭਾਗ ਵੱਲੋਂ ਅੱਜ ਸਾਂਝੀ ਪੁਸਤਕ ਚਰਚਾ ਲੜੀ ਤਹਿਤ ਪੁਸਤਕ ਚਰਚਾ ਕਰਵਾਈ ਗਈ। ਜਿਸ ਵਿੱਚ ਪੁਸਤਕ "ਪੰਜਾਬ ਦਾ ਭੂਗੋਲ" ਬਾਰੇ ਅਸਿਸਟੈਂਟ ਪ੍ਰੋਫੈਸਰ ਬਲਵਿੰਦਰ ਸਿੰਘ ਨੇ ਕਿਤਾਬ ਦੇ ਹਵਾਲੇ ਨਾਲ ਗੱਲ ਕਰਦਿਆਂ ਪੰਜਾਬ ਦੇ ਧਰਾਤਲ, ਜਲਵਾਯੂ ਗਲੋਬਲ ਵਾਰਮਿੰਗ, ਵਧਦੇ ਤਾਪਮਾਨ ਅਤੇ ਵਰਖਾ ਦੇ ਸਮੇਂ, ਸਥਾਨ, ਵਿੱਚ ਤਬਦੀਲੀਆਂ ਆਦਿ ਤੇ ਚਰਚਾ ਕੀਤੀ। ਉਹਨਾਂ ਨੇ ਮਿੱਟੀ ਦੀ ਘੱਟ ਰਹੀ ਪ੍ਰਜਨਣ ਕਿਰਿਆ ਬਾਰੇ ਚਿੰਤਾ ਵੀ ਜ਼ਾਹਿਰ ਕੀਤੀ। ਉਹਨਾਂ ਨੇ ਕਿਹਾ ਕਿ ਪਸ਼ੂ ਧਨ, ਖੇਤੀਬਾੜੀ ਅਤੇ ਉਦਯੋਗਿਕ ਢਾਂਚੇ ਦੀ ਤਰੱਕੀ ਦੇ ਨਾਮ 'ਤੇ ਅਸੀਂ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੋਏ। ਡਾ. ਬਲਦੇਵ ਸਿੰਘ ਸ਼ੇਰਗਿੱਲ ਮੁਖੀ ਸੋਸ਼ਲ ਸਾਇੰਸਜ਼ ਵਿਭਾਗ ਨੇ ਪੰਜਾਬ ਦੇ ਮੌਜੂਦਾ ਹਾਲਾਤਾਂ ਚਿੰਤਾਂ ਪ੍ਰਗਟ ਕੀਤੀ। ਕੈਂਪਸ ਡਾਇਰੈਕਟਰ ਪ੍ਰੋ. ਕਮਲਜੀਤ ਸਿੰਘ ਨੇ ਪੁਸਤਕ ਚਰਚਾ ਲੜੀ ਦੀ ਪ੍ਰਸ਼ੰਸਾ ਕੀਤੀ ਤੇ ਹੋਰ ਇਸ ਤਰਾਂ ਦੀ ਚਰਚਾ ਕਰਨ ਲਈ ਹੱਲਾਸ਼ੇਰੀ ਵੀ ਦਿੱਤੀ। ਅੰਤ ਵਡਾ. ਸੰਦੀਪ ਰਾਣਾ ਮੁਖੀ ਭਾਸ਼ਾਵਾਂ ਵਿਭਾਗ ਨੇ ਆਪਣੇ ਅਨੁਭਵਾਂ ਨੂੰ ਬਿਆਨ ਕੀਤਾ ਅਤੇ ਵਿਭਾਗਾਂ ਦੇ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਮੰਚ ਸੰਚਾਲਨ ਦੀ ਭੂਮਿਕਾ ਡਾ. ਪਾਇਲਦੀਪ ਵੱਲੋਂ ਬਾਖ਼ੂਬੀ ਨਿਭਾਈ ਗਈ। ਇਸ ਚਰਚਾ ਵਿੱਚ ਦੋਹਾਂ ਵਿਭਾਗਾਂ ਦੇ ਸਮੂਹ ਅਧਿਆਪਕ ਸਾਹਿਬਾਨ ਹਾਜ਼ਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

### ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਸਟਾਫ਼ ਅਤੇ ਵਿਦਿਆਰਥੀਆਂ ਨੇ ਅਜ਼ਾਦੀ ਦਿਹਾੜਾ ਮਨਾਇਆ



ਬਰਨਾਲਾ, 14 ਅਗਸਤ (ਵਰਿਆਮ ਹਠੂਰ)- ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਅਜ਼ਾਦੀ ਦਿਹਾੜਾ ਮਨਾਇਆ ਗਿਆ ਇਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਅਦਾ ਕੀਤੀ ਇਸ ਮੌਕੇ ਬੋਲਦਿਆਂ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਕਿਹਾ ਕਿ ਅਜ਼ਾਦੀ ਪ੍ਰਾਪਤ ਕਰਨ ਲਈ ਬਹੁਤ ਸੰਘਰਸ਼ ਲੜਨੇ ਪਏ ਤੇ ਦੇਸ਼ ਦੀ ਆਜ਼ਾਦੀ ਲਈ ਮਹਾਨ ਸੂਰਬੀਰ ਯੋਧਿਆਂ ਨੇ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕਰ ਦਿੱਤੀਆਂ, ਇਹਨਾਂ ਸੰਘਰਸ਼ਾਂ ਦੇ ਬਾਵਜੂਦ ਸਾਡਾ ਭਾਰਤ ਦੇਸ਼ 15 ਅਗਸਤ 1947 ਨੂੰ ਅਜ਼ਾਦ ਹੋਇਆ। ਇਹ ਦੇਸ਼ ਦੀ ਆਜ਼ਾਦੀ ਵਿਚ ਸਾਡੇ ਦੇਸ਼ ਦੇ ਸੂਰਬੀਰ ਯੋਧਿਆਂ ਦਾ ਬਹੁਤ ਵੱਡਾ ਯੋਗਦਾਨ ਹੈ। ਸਕੂਲ ਦੇ ਬੱਚਿਆਂ ਨੇ ਦੇਸ਼ ਭਗਤੀ ਦੇ ਜਜ਼ਬੇ ਨਾਲ ਭਰੀਆਂ ਕੋਰਿਓਗ੍ਰਾਫੀਆਂ, ਨਾਟਕ, ਕਵਿਤਾਵਾਂ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ, ਇਸ ਤੋਂ ਇਲਾਵਾ ਬੱਚਿਆਂ ਨੇ ਭਾਸ਼ਣ ਦਿੱਤੇ ਤੇ ਤਿਆਰ ਕੀਤੇ ਵੱਖ ਵੱਖ ਚਾਰਟ ਪੇਸ਼ ਕੀਤੇ। ਸਮੂਹ ਸਕੂਲ ਸਟਾਫ਼ ਨੇ ਬੱਚਿਆਂ ਨੂੰ ਹੌਸਲਾ ਦਿੱਤਾ। ਇਸ ਮੌਕੇ ਕੁਲਜੀਤ ਸਿੰਘ ,ਗੁਰਪ੍ਰੀਤ ਕੌਰ, ਰਮਨਜੀਤ ਕੌਰ,ਸੁਖਮੀਤ ਕੌਰ, ਪ੍ਰਦੀਪ ਕੌਰ, ਪਵਨਜੀਤ ਕੌਰ, ਹਰਪ੍ਰੀਤ ਕੌਰ, , ਮਨਦੀਪ ਕੌਰ , ਅਮਨਜੋਤ ਕੌਰ, ਅਮਨਦੀਪ ਕੌਰ, ਕਮਲਜੀਤ ਕੌਰ, ਲਛਮਣੀ, ਸਵਦੀਪ ਕੌਰ ਕੁਲਵਿੰਦਰ ਕੌਰ ਲਵਪ੍ਰੀਤ ਕੌਰ ਸੁਖਪ੍ਰੀਤ ਕੌਰ ਆਦਿ ਤੋਂ ਇਲਾਵਾ ਸਮੁੱਚੀ ਮੈਨੇਜ਼ਮੈਂਟ ਹਾਜ਼ਿਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

### ਭਾਰਤੀ ਸੰਵਿਧਾਨ ਕਲੱਬ ਦਾ ਮੈਂਬਰ ਬਣਨ ਵਾਲੇ ਡਿੰਪਾ ਗਿੱਲ ਪਹਿਲੇ ਪੰਜਾਬੀ : ਚੇਅਰਮੈਨ ਮਹਿਤਾ



ਚੌਕ ਮਹਿਤਾ, 14 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)-ਨਵੀਂ ਦਿੱਲੀ ਵਿਖੇ ਗਵਰਨਿੰਗ ਕੌਂਸਲ ਦੀ ਵੋਟਾਂ ਰਾਹੀਂ ਭਾਰਤੀ ਸੰਵਿਧਾਨ ਕਲੱਬ ਦੇ ਮੈਂਬਰ ਬਣਨ ਤੇ ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਮੈਂਬਰ ਪਾਰਲੀਮੈਂਟ ਜਸਬੀਰ ਸਿੰਘ ਡਿੰਪਾ ਗਿੱਲ ਨੂੰ ਵਧਾਈ ਦਿੰਦੇ ਹੋਏ ਮਾਰਕੀਟ ਕਮੇਟੀ ਮਹਿਤਾ ਦੇ ਵਾਈਸ ਚੇਅਰਮੈਨ ਕਸ਼ਮੀਰ ਸਿੰਘ ਰੰਧਾਵਾ ਸਾਬਕਾ ਸਰਪੰਚ ਮਹਿਤਾ ਨੇ ਕਿਹਾ ਕਿ ਡਿੰਪਾ ਗਿੱਲ ਇਸ ਕਲੱਬ ਦੇ ਮੈਂਬਰ ਬਣਨ ਵਾਲੇ ਪਹਿਲੇ ਪੰਜਾਬੀ ਹਨ,ਜੋ ਕਿ ਸਾਡੇ ਲਈ ਬਹੁਤ ਮਾਣ ਵਾਲੀ ਗੱਲ ਹੈ। ਉਨ੍ਹਾਂ ਨੇ ਕਿਹਾ ਕਿ ਆਪਣੀ ਮਿਹਨਤੀ ਤੇ ਬੇਦਾਗ ਸ਼ਖਸ਼ੀਅਤ ਕਾਰਨ ਡਿੰਪਾ ਗਿੱਲ ਲੋਕਾ ਦੇ ਹਰਮਨ ਪਿਆਰੇ ਨੇਤਾ ਹਨ ਤੇ ਉਨ੍ਹਾਂ ਨੂੰ ਅੱਜ ਇਹ ਮਾਣ ਹਾਸਲ ਹੋਣ 'ਤੇ ਸਾਰੇ ਪਾਰਟੀ ਵਰਕਰਾਂ 'ਚ ਖੁਸ਼ੀ ਦੀ ਲਹਿਰ ਹੈ। ਇਸ ਮੌਕੇ ਹਰਜਿੰਦਰ ਸਿੰਘ ਜੱਜ,ਸਰਪੰਚ ਗੁਰਮੇਜ਼ ਸਿੰਘ ਰੰਧਾਵਾ ਮਨਦੀਪ ਸਿੰਘ ਸੋਨਾ,ਸਲਵਿੰਦਰ ਸਿੰਘ ਟੋਨਾ ਮਹਿਸਮਪੁਰ, ਜਗਦੇਵ ਸਿੰਘ ਬੁੱਟਰ, ਸਰਪੰਚ ਗੁਰਪ੍ਰੀਤ ਸਿੰਘ ਗੱਗੜਭਾਣਾ, ਸਰਪੰਚ ਬਲਜਿੰਦਰ ਸਿੰਘ ਮਹਿਤਾ,ਮਹਿੰਗਾ ਸਿੰਘ ਚੂੰਗ,ਤੇਜਿੰਦਰ ਸਿੰਘ ਬੁੱਟਰ,ਕੁਲਵਿੰਦਰ ਸਿੰਘ ਰੰਧਾਵਾ, ਪ੍ਰਧਾਨ ਜੁਗਰਾਜ ਸਿੰਘ ਖੱਬੇ ਤੇ ਗੁਰਭਿੰਦਰ ਸਿੰਘ ਰੰਧਾਵਾ ਆਦਿ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੋਮਣੀ ਕਮੇਟੀ ਵੱਲੋਂ ਕੁਝ ਜ਼ਿਲ੍ਹਿਆਂ 'ਚ ਹੜ੍ਹਾਂ ਦੀ ਸਥਿਤੀ ਦੇ ਮੱਦੇਨਜ਼ਰ ਪੀੜ੍ਹਤਾਂ ਲਈ ਸਹਾਇਤਾ ਕੇਂਦਰ ਸਥਾਪਤ



ਚੌਕ ਮਹਿਤਾ, 14 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ) -ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿਚ ਬਣੀ ਹੜ੍ਹਾਂ ਦੀ ਸਥਿਤੀ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਵੱਖ ਵੱਖ ਗੁਰਦੁਆਰਾ ਸਾਹਿਬਾਨ ਅੰਦਰ ਸਹਾਇਤਾ ਕੇਂਦਰ ਸਥਾਪਤ ਕੀਤੇ ਗਏ ਹਨ, ਤਾਂ ਜੋ ਹੜ੍ਹ ਪੀੜ੍ਹਤਾਂ ਦੀ ਹਰ ਸੰਭਵ ਮੱਦਦ ਕੀਤੀ ਜਾ ਸਕੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਮੁਸ਼ਕਲ ਦੇ ਸਮੇਂ ਮਾਨਵਤਾ ਨਾਲ ਖੜ੍ਹਨਾ ਸ਼੍ਰੋਮਣੀ ਕਮੇਟੀ ਆਪਣਾ ਫ਼ਰਜ਼ ਸਮਝਦੀ ਹੈ ਅਤੇ ਗੁਰੂ ਦਰਸਾਏ ਮਾਰਗ ਅਨੁਸਾਰ ਸਿੱਖ ਸੰਸਥਾ ਲੋੜਵੰਦਾਂ ਲਈ ਨਿਰੰਤਰ ਕਾਰਜਸ਼ੀਲ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨਾਂ ਤੋਂ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਕਈ ਇਲਾਕਿਆਂ ਵਿੱਚ ਹੜ੍ਹਾਂ ਦੀ ਸਥਿਤੀ ਬਣੀ ਹੋਈ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਵੱਖ ਵੱਖ ਗੁਰਦੁਆਰਾ ਸਾਹਿਬਾਨ ਅੰਦਰ ਰਿਹਾਇਸ਼, ਲੰਗਰ ਅਤੇ ਹੋਰ ਲੋੜੀਂਦੀਆਂ ਵਸਤਾਂ ਦੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਹੜ੍ਹ ਪੀੜਤਾਂ ਦੀ ਸਹੂਲਤ ਲਈ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਰੋਪੜ, ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਾਤਸ਼ਾਹੀ ਨੌਵੀਂ ਪਟਿਆਲਾ, ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਕਪੂਰਥਲਾ, ਗੁਰਦੁਆਰਾ ਸ੍ਰੀ ਤੇਗ ਬਹਾਦਰ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਅੰਮ੍ਰਿਤਸਰ, ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ ਤਰਨ ਤਾਰਨ, ਗੁਰਦੁਆਰਾ ਭੱਠਾ ਸਾਹਿਬ ਪਾਤਸ਼ਾਹੀ ਦਸਵੀਂ ਕੋਟਲਾ ਨਿਹੰਗ ਰੋਪੜ, ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਰੂਪਨਗਰ, ਗੁਰਦੁਆਰਾ ਸ੍ਰੀ ਚਰਨਕੰਵਲ ਸਾਹਿਬ ਮਾਛੀਵਾੜਾ ਲੁਧਿਆਣਾ, ਗੁਰਦੁਆਰਾ ਸ੍ਰੀ ਬਾਰਠ ਸਾਹਿਬ ਪਠਾਨਕੋਟ, ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਰਾਮਦਾਸ ਅੰਮ੍ਰਿਤਸਰ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਗੁਰਦਾਸਪੁਰ, ਗੁਰਦੁਆਰਾ ਚੋਹਲਾ ਸਾਹਿਬ ਪਾਤਸ਼ਾਹੀ ਪੰਜਵੀਂ ਤਰਨ ਤਾਰਨ, ਗੁਰਦੁਆਰਾ ਗੁਰੂਸਰ ਜਾਮਨੀ ਸਾਹਿਬ ਪਾਤਸ਼ਾਹੀ ਦਸਵੀਂ ਬਜ਼ੀਦਪੁਰ ਫਿਰੋਜ਼ਪੁਰ, ਗੁਰਦੁਆਰਾ ਪ੍ਰਕਾਸ਼ ਅਸਥਾਨ ਭਾਈ ਲਾਲੂ ਜੀ ਡੱਲਾ ਕਪੂਰਥਲਾ, ਗੁਰਦੁਆਰਾ ਭਾਈ ਤਾਰਾ ਸਿੰਘ ਜੀ ਸ਼ਹੀਦ ਪਿੰਡ ਵਾਂ ਤਰਨ ਤਾਰਨ, ਗੁਰਦੁਆਰਾ ਬਾਬਾ ਬੀਰ ਸਿੰਘ ਜੀ ਪਿੰਡ ਰੱਤੋਕੇ ਤਰਨ ਤਾਰਨ ਵਿਖੇ ਕੇਂਦਰ ਸਥਾਪਤ ਕੀਤੇ ਗਏ ਹਨ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਹੜ੍ਹ ਪ੍ਰਭਾਵਿਤ ਲੋਕ ਸਬੰਧਤ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਨਾਲ ਸਹਾਇਤਾ ਲਈ ਸੰਪਰਕ ਕਰਨ ।

ਆਵਾਜ਼ਿ ਕੌਮ AWAZE QAUM International Newspaper & WEB TV

## ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਧੂਮ ਧਾਮ ਨਾਲ ਮਨਾਇਆ 79ਵਾਂ ਆਜ਼ਾਦੀ ਦਿਵਸ





### ਦੇਸ਼ ਖਾਤਰ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕਰਨ ਵਾਲੇ ਯੋਧਿਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ: ਪ੍ਰਧਾਨ ਚਰਨ ਸਿੰਘ

ਬਿਲਾਸਪੁਰ , ਮੋਗਾ, 14 ਅਗਸਤ (ਵਰਿਆਮ ਹਠੂਰ)- ਇਲਾਕੇ ਦੀ ਚਰਚਿਤ ਤੇ ਨਾਮਵਰ ਵਿਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਬੜੀ ਹੀ ਧੂਮਧਾਮ ਨਾਲ 79ਵਾਂ ਆਜ਼ਾਦੀ ਦਿਵਸ ਮਨਾਇਆ ਗਿਆ, ਸਮਾਗਮ ਦੀ ਸ਼ੁਰੂਆਤ ਸਕੂਲ ਪ੍ਰਧਾਨ ਸਮਾਜ ਸੇਵੀ ਸਰਦਾਰ ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਤਿਰੰਗਾ ਲਹਿਰਾ ਕੇ ਕੀਤੀ ਉਹਨਾਂ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ 79ਵੇਂ ਆਜ਼ਾਦੀ ਦਿਵਸ ਦੀ ਵਧਾਈ ਦਿੰਦੇ ਹੋਏ ਸ਼ਹੀਦਾਂ ਦੇ ਬਲਦਾਨ ਬਾਰੇ ਜਾਣੂ ਕਰਵਾਇਆ। ਤਿਰੰਗਾ ਲਹਿਰਾਉਣ ਤੋਂ ਬਾਅਦ ਰਾਸ਼ਟਰੀ ਗੀਤ ਗਾਇਆ ਗਿਆ, ਇਸ ਤੋਂ ਇਲਾਵਾ ਅਧਿਆਪਕਾਂ ਦੁਆਰਾ ਸੁਤੰਤਰਤਾ ਦਿਵਸ ਦੇ ਮੌਕੇ ਤੇ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਭਾਸ਼ਣ ਵੀ ਦਿੱਤਾ ਗਿਆ। ਇਸ ਦਿਨ ਨੂੰ ਮੁੱਖ ਰੱਖਦਿਆਂ ਹੋਇਆ ਵੱਖ-ਵੱਖ ਕਲਾਸਾਂ ਦੇ ਹਾਊਸ ਅਨੁਸਾਰ ਡਾਂਸ ਮੁਕਾਬਲੇ ਵੀ ਕਰਵਾਏ ਗਏ। ਜਿਸ ਵਿੱਚ ਸੋਲੋ ਡਾਂਸ ਮੁਕਾਬਲੇ ਗਰੁੱਪ ਡਾਂਸ ਮੁਕਾਬਲੇ ਖਿੱਚ ਦਾ ਕੇਂਦਰ ਬਣੇ। ਇਸ ਮੌਕੇ ਤੇ ਕਲਾਸ ਨਰਸਰੀ ਤੋਂ ਕਲਾਸ ਦੂਸਰੀ ਤੱਕ ਆਜ਼ਾਦੀ ਦਿਵਸ ਨੂੰ ਮੁੱਖ ਰੱਖਦਿਆਂ ਹੋਇਆਂ ਫੈਂਸੀ ਡਰੈੱਸ ਮੁਕਾਬਲੇ ਵੀ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਦੇਸ਼ ਭਗਤਾਂ ਦੀਆਂ ਪੋਸ਼ਾਕਾਂ ਪਾਈਆਂ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ ਗਾ ਕੇ ਖੂਬ ਰੰਗ ਬੰਨਿਆ ਇਸ ਤੋਂ ਇਲਾਵਾ ਆਜ਼ਾਦੀ ਦਿਵਸ ਨੂੰ ਮੁੱਖ ਰੱਖਦਿਆਂ ਹੋਇਆ ਹਾਊਸ ਬੋਰਡ ਸਜਾਉਣ ਦੇ ਮੁਕਾਬਲੇ ਵੀ ਕਰਵਾਏ ਗਏ ਜਿਸ ਵਿੱਚ ਰਾਜਗੁਰੂ ਹਾਊਸ ਨੇ ਪਹਿਲਾ ਸਥਾਨ ਸੁਖਦੇਵ ਹਾਊਸ ਨੇ ਦੂਸਰਾ ਸਥਾਨ ਤੇ ਭਗਤ ਸਿੰਘ ਹਾਊਸ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਤੇ ਜੇਤੂ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ, ਇਸ ਤੋਂ ਇਲਾਵਾ ਅਧਿਆਪਕਾਂ ਦੁਆਰਾ ਆਜ਼ਾਦੀ ਪ੍ਰਾਪਤ ਕਰਨ ਲਈ ਦੇਸ਼ ਭਗਤਾਂ ਦੁਆਰਾ ਦਿੱਤੀਆਂ ਗਈਆਂ ਕੁਰਬਾਨੀਆਂ ਬਾਰੇ ਵਿਦਿਆਰਥੀਆਂ ਨੂੰ ਜਾਣੂੰ ਕਰਵਾਇਆ ਗਿਆ। ਵਿਦਿਆਰਥੀਆਂ ਦੁਆਰਾ ਗਿੱਧਾ ਅਤੇ ਭੰਗੜਾ ਵੀ ਪੇਸ਼ ਕੀਤਾ ਗਿਆ। ਅੰਤ ਵਿੱਚ ਸਕੂਲ ਪ੍ਰਬੰਧਕੀ ਕਮੇਟੀ ਦੁਆਰਾ ਸਮੂਹ ਸਟਾਫ ਤੇ ਵਿਦਿਆਰਥੀਆਂ ਦਾ ਮਿਠਾਈ ਨਾਲ ਮੂੰਹ ਮਿੱਠਾ ਕਰਵਾਇਆ ਗਿਆ ਅਤੇ ਸਭ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ ਗਈ। ਇਸ ਮੌਕੇ ਸਕੂਲ ਸਟਾਫ਼, ਸਕੂਲ ਮੈਨੇਜਮੈਂਟ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਐੱਸ.ਜੀ.ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਤੀਆਂ ਦਾ ਤਿਉਹਾਰ ਮਨਾਇਆ







ਬਰਨਾਲਾ , 14 ਅਗਸਤ (ਵਰਿਆਮ ਹਠੂਰ)- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ.ਜੀ.ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਸਕੂਲ ਦੇ ਬੱਚਿਆ ਅਤੇ ਸਕੂਲ ਦੀਆਂ ਟੀਚਰਾਂ ਵੱਲੋਂ ਪੰਜਾਬੀ ਵਿਰਸੇ ਨਾਲ ਸਬੰਧਿਤ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ, ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਗਿੱਧਾ, ਭੰਗੜਾ, ਕਿੱਕਲੀ, ਕੋਰੀਓਗ੍ਰਾਫੀਆਂ ਦੀ ਸ਼ਾਨਦਾਰ ਪੇਸ਼ਕਾਰੀ ਕਰਕੇ ਖੂਬ ਰੰਗ ਬੰਨ੍ਹਿਆ ਅਤੇ ਇਸ ਮੌਕੇ ਸਕੂਲ ਦੇ ਨੰਨੇ-ਮੁੰਨੇ ਬੱਚਿਆ ਨੇ ਵੀ ਵਿਸ਼ੇਸ਼ ਕਲਾਕਾਰੀਆਂ ਪੇਸ਼ ਕੀਤੀਆਂ, ਸਟੇਜ ਤੇ ਚਰਖੇ, ਮਧਾਣੀਆਂ, ਚਾਟੀਆਂ, ਪੱਖੀਆਂ ਤੇ ਫੁਲਕਾਰੀਆਂ ਨੇ ਸਟੇਜ ਦੀ ਸੁੰਦਰਤਾ ਨੂੰ ਚਾਰ ਚੰਨ ਲਗਾ ਦਿੱਤੇ, ਲੜਕਿਆਂ ਦੇ ਵੱਖ-ਵੱਖ ਗਰੁੱਪਾਂ ਨੇ ਭੰਗੜਾ ਪਾ ਕੇ ਅਤੇ ਕੁੜੀਆਂ ਦੇ ਵੱਖ-ਵੱਖ ਕਲਾਸਾਂ ਦੇ ਗਰੁੱਪਾਂ ਨੇ ਵਾਰੋ ਵਾਰੀ ਸਟੇਜ ਤੇ ਬੋਲੀਆਂ ਪਾ ਕੇ ਤੇ ਨੱਚ ਕੇ ਪੰਜਾਬੀ ਵਿਰਸੇ ਦੀ ਖੂਬਸੂਰਤ ਝਲਕ ਪੇਸ਼ ਕੀਤੀ, ਸਕੂਲ ਸਟਾਫ਼ ਵਿੱਚੋਂ ਮੈਡਮਾਂ ਨੇ ਬੱਚਿਆਂ ਨੂੰ ਸਾਉਣ ਮਹੀਨੇ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਕਿ ਕਿਸ ਤਰਾਂ ਸਾਉਣ ਮਹੀਨੇ ਵਿੱਚ ਧੀਆਂ ਆਪਣੇ ਪੇਕੇ ਘਰਾਂ ਵਿੱਚ ਇਕੱਠੀਆਂ ਹੋ ਕੇ ਤੀਆਂ ਦਾ ਤਿਉਹਾਰ ਮਨਾਉਂਦੀਆਂ ਹਨ। ਤੇ ਸਖੀਆਂ ਸਹੇਲੀਆਂ ਨਾਲ ਆਪਣੇ ਦੁੱਖ ਸੁੱਖ ਸਾਂਝੇ ਕਰਦੀਆਂ ਹਨ। ਆਪਣੇ ਪਰਿਵਾਰਾਂ ਦੀ ਸੁੱਖ ਮਨਾਉਂਦੀਆਂ ਹਨ। ਤੀਆਂ ਦਾ ਤਿਉਹਾਰ ਸਦੀਆਂ ਪੁਰਾਣਾ ਚੱਲਿਆ ਆ ਰਿਹਾ ਹੈ। ਤੇ ਸਾਨੂੰ ਆਪਣੇ ਵਿਰਸੇ ਦੀ ਸੰਭਾਲ ਦੇ ਤੌਰ ਤੇ ਇਸ ਨਾਲ ਜੁੜੇ ਰਹਿਣਾ ਚਾਹੀਦਾ ਹੈ। ਤੇ ਪੁਰਾਤਨ ਪੰਜਾਬੀ ਵਿਰਸੇ ਨਾਲ ਸਬੰਧਤ ਤਿਉਹਾਰ ਸਾਨੂੰ ਜਰੂਰ ਮਨਾਉਣੇ ਚਾਹੀਦੇ ਹਨ। ਇਸ ਮੌਕੇ ਗੱਲਬਾਤ ਕਰਦਿਆਂ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਕਿਹਾ ਕਿ ਸਾਡੇ ਸਕੂਲ ਵੱਲੋਂ ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ-ਨਾਲ ਅਜਿਹੀਆਂ ਪੁਰਾਤਨ ਪੰਜਾਬੀ ਵਿਰਸੇ ਨਾਲ ਸਬੰਧਤ ਅਤੇ ਹੋਰ ਅਗਾਂਹਵਧੂ ਗਤੀਵਿਧੀਆਂ ਅਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਅਕਸਰ ਹੀ ਸਮੇਂ ਸਮੇਂ ਨਾਲ ਕਰਵਾਈਆਂ ਜਾਂਦੀਆ ਹਨ। ਤੇ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਲਈ ਬੱਚਿਆਂ ਨੂੰ ਖੇਡ ਕੰਪੀਟੀਸ਼ਨ ਲਈ ਵੀ ਤਿਆਰ ਕਰਦੇ ਹਾਂ, ਸਾਡੇ ਸਕੂਲ ਦੇ ਬੱਚੇ ਅਨੇਕਾਂ ਥਾਵਾਂ ਤੋਂ ਖੇਡਾਂ ਵਿੱਚ ਪੁਜੀਸ਼ਨਾਂ ਹਾਸਲ ਕਰਕੇ ਸਨਮਾਨਿਤ ਹੋ ਚੁੱਕੇ ਹਨ। ਤੇ ਸਾਡੇ ਸਕੂਲ ਦਾ ਮਿਹਨਤੀ ਸਟਾਫ਼ ਹਮੇਸ਼ਾ ਬੱਚਿਆਂ ਦੀ ਤਰੱਕੀ ਲਈ ਸਖ਼ਤ ਮਿਹਨਤ ਕਰਦਾ ਹੈ। ਇਸ ਮੌਕੇ ਕੁਲਜੀਤ ਸਿੰਘ ,ਗੁਰਪ੍ਰੀਤ ਕੌਰ, ਰਮਨਜੀਤ ਕੌਰ, ਸੁਖਮੀਤ ਕੌਰ, ਪ੍ਰਦੀਪ ਕੌਰ, ਪਵਨਜੀਤ ਕੌਰ, ਹਰਪ੍ਰੀਤ ਕੌਰ, ਰਮਨਦੀਪ ਮਨਦੀਪ ਕੌਰ , ਅਮਨਜੋਤ ਕੌਰ, ਅਮਨਦੀਪ ਕੌਰ, ਕਮਲਜੀਤ ਕੌਰ, ਲਛਮਣੀ, ਸ਼ਵਦੀਪ ਕੌਰ ਲਵਪ੍ਰੀਤ ਕੌਰ ਸੁਖਪ੍ਰੀਤ ਕੌਰ ਆਦਿ ਤੋਂ ਇਲਾਵਾ ਸਮੁੱਚੀ ਮੈਨੇਜ਼ਮੈਂਟ ਹਾਜ਼ਿਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਇੱਕ ਨਜ਼ਰ ...



## ਦਸ਼ਮੇਸ਼ ਹੈਰੀਟੇਜ ਸਕੂਲ ਵਿਖੇ ਮਨਾਇਆ ਗਿਆ 79ਵਾਂ ਆਜ਼ਾਦੀ ਦਿਵਸ

ਚੌਕ ਮਹਿਤਾ, 14 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ) – 79ਵਾਂ ਆਜ਼ਾਦੀ ਦਿਵਸ ਸਾਰੇ ਹੀ ਭਾਰਤ ਵਿੱਚ ਬੜੀ ਸ਼ਾਨ ਅਤੇ ਬਹੁਤ ਮਾਣ ਨਾਲ ਮਨਾਇਆ ਜਾਣ ਵਾਲਾ ਉਤਸਵ ਹੈ। ਹਲਕੇ ਦੀ ਮੰਨੀ ਪ੍ਰਮੰਨੀ ਸੰਸਥਾਂ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਚੌਂਕ ਵਿਖੇ ਆਜ਼ਾਦੀ ਦਿਵਸ ਮਨਾਇਆ ਗਿਆ ।ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਵੱਲੋਂ ਬੜੇ ਹੀ ਉਤਸ਼ਾਹ ਨਾਲ ਹਿੱਸਾ ਪਾ ਕੇ ਆਪਣੀਆਂ ਜਾਨਾਂ ਕੁਰਬਾਨ ਕਰ ਚੁੱਕੇ ਸੁਤੰਤਰਤਾ ਸੰਗਰਾਮੀਆਂ ਨੂੰ ਯਾਦ ਕੀਤਾ ਗਿਆ ।ਵਿਦਿਆਰਥੀਆਂ ਵੱਲੋਂ ਆਜ਼ਾਦੀ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਸੰਬੰਧਿਤ ਸਟੇਜੀ ਗਤੀਵਿਧੀਆਂ ਕੀਤੀਆਂ ਗਈਆਂ ।ਵਿਦਿਆਰਥੀਆਂ ਨੇ ਗੀਤ ਸੰਗੀਤ ,ਕਵਿਤਾ ,ਗਰੁੱਪ ਸੌਂਗ ,ਗਰੁੱਪ ਡਾਂਸ ,ਭਾਸ਼ਣ ,ਕੋਰਿਓਗ੍ਰਾਫੀ ਆਦਿ ਰਾਹੀਂ ਦੇਸ਼ ਪ੍ਰੇਮ ਅਤੇ ਦੇਸ਼ ਭਗਤੀ ਦੇ ਭਾਵਾਂ ਨੂੰ ਪ੍ਰਗਟ ਕੀਤਾ। ਵਿਦਿਆਰਥੀਆਂ ਨੇ ਬੜੇ ਹੀ ਜੋਸ਼ ਨਾਲ ਆਪਣੇ ਆਜ਼ਾਦ ਭਾਰਤ ਦੀ ਮਹਿਮਾ ਨੂੰ ਗਾਇਆ ।ਇਸ ਮੌਕੇ ਸੰਸਥਾ ਦੇ ਅਧਿਆਪਕਾਂ ਨੇ ਪੂਰੇ ਸਹਿਯੋਗ ਨਾਲ ਵੱਧ ਚੜ ਕੇ ਇਸ ਉਤਸਵ ਨੂੰ ਸਫਲ ਬਣਾਉਣ ਲਈ ਬਣਦਾ ਯੋਗਦਾਨ ਦਿੱਤਾ। ਸੰਸਥਾ ਦੇ ਚੇਅਰਮੈਨ ਸ.ਗੁਰਦੀਪ ਸਿੰਘ ਰੰਧਾਵਾ ਵੱਲੋਂ ਵਿਦਿਆਰਥੀਆਂ ਨਾਲ ਆਪਣੇ ਵਿਚਾਰਾਂ ਨੂੰ ਸਾਂਝਾ ਕੀਤਾ ਤੇ ਕਿਹਾ ਕਿ ਆਉਣ ਵਾਲੀ ਪੀੜੀ ਦੇ ਹੱਥ ਵਿੱਚ ਸਾਡੇ ਭਾਰਤ ਦਾ ਗੌਰਵਮਈ ਇਤਿਹਾਸ ਹੈ ਅਤੇ ਇਸ ਨੂੰ ਬਰਕਰਾਰ ਰੱਖਣਾ ਵੀ ਇਸ ਪੀੜੀ ਦਾ ਮੁੱਖ ਮਨੋਰਥ ਹੈ। ਸੰਸਥਾ ਦੇ ਡਾਇਰੈਕਟਰ ਮੈਡਮ ਹਰਪ੍ਰੀਤ ਕੌਰ ਵੱਲੋਂ ਸਕੂਲ ਦੇ ਬੱਚਿਆਂ ਨੂੰ ਦੇਸ਼ ਦੀ ਸੇਵਾ ਕਰਨ ਦੀ ਪ੍ਰੇਰਨਾ ਦਿੱਤੀ ।ਇਸ ਮੌਕੇ ਮੈ.ਹਰਪ੍ਰੀਤ ਕੌਰ (ਡਾਇਰੈਕਟਰ) ,ਮੈ.ਸੰਦੀਪ ਕੌਰ (ਪ੍ਰਿੰਸੀਪਲ) ਮੈ.ਪਲਵਿੰਦਰ ਕੌਰ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਆਮ ਆਦਮੀ ਪਾਰਟੀ ਲੋਕਾਂ ਦੀ ਸਹਿਮਤੀ ਤੋਂ ਬਿਨਾਂ ਕੋਈ ਵੀ ਫੈਸਲਾ ਲਾਗੂ ਨਹੀਂ ਕਰ ਸਕਦੀ: ਹਰਜਿੰਦਰ ਸਿੰਘ ਜਲਾਲ ਉਸਮਾ

ਚੌਕ ਮਹਿਤਾ,14 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ) ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਲੈਂਡ ਪੂਲਿੰਗ ਸਕੀਮ ਵਾਪਿਸ ਲੈ ਕੇ ਕਿਸਾਨ ਹਿਤੈਸ਼ੀ ਹੋਣ ਦਾ ਫੈਸਲਾ ਲਿਆ ਹੈ। ਉਹਨਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਇਹ ਸਕੀਮ ਕਿਸਾਨਾਂ ਦੇ ਉਜਵਲ ਭਵਿੱਖ ਅਤੇ ਤਰੱਕੀ ਲਈ ਲੈ ਕੇ ਆਈ, ਲੇਕਿਨ ਜੇਕਰ ਸਾਡੇ ਕਿਸਾਨ ਵੀਰ ਇਸ ਸਕੀਮ ਨਾਲ ਸਹਿਮਤ ਨਹੀਂ ਹਨ ਤਾਂ ਸਰਕਾਰ ਕੋਈ ਵੀ ਅਜਿਹਾ ਫੈਸਲਾ ਨਹੀਂ ਲਵੇਗੀ ਜਿਸ ਨਾਲ ਕਿਸਾਨਾਂ ਨੂੰ ਆਪਣੀ ਜਮੀਨ ਨੂੰ ਲੈ ਕੇ ਕੋਈ ਖਤਰਾ ਨਜ਼ਰ ਆਵੇ। ਜਿਸ ਕਰਕੇ ਸਰਕਾਰ ਨੇ ਇਹ ਸਕੀਮ ਵਾਪਸ ਲੈਣ ਦਾ ਫੈਸਲਾ ਲਿਆ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਸੀਨੀਅਰ ਲੀਡਰ ਹਰਜਿੰਦਰ ਸਿੰਘ ਰੰਧਾਵਾ (ਜਲਾਲਉਸਮਾਂ) ਜਿਲ੍ਹਾ ਵਾਇਸ ਪ੍ਰਧਾਨ ਵਪਾਰ ਮੰਡਲ ਵਿੰਗ ਤੇ ਜਿਲ੍ਹਾ ਅਕਸਾਈਜ਼ ਐਂਡ



ਟੈਕਸ਼ੇਸਨ ਸਲਾਹਕਾਰ ਕਮੇਟੀ ਪੰਜਾਬ ਸਰਕਾਰ ਨੇ ਪੱਤਰਕਾਰਾਂ ਨਾਲ ਗੱਲਬਤ ਕਰਦੇ ਹੋਏ ਕੀਤਾ । ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕਿਸਾਨਾਂ ਦੀ ਹਮਦਰਦ ਸਰਕਾਰ ਹੈ ਜਿਸ ਦਾ ਮੁੱਖ ਮਕਸਦ ਜਿੱਥੇ ਕਿਸਾਨਾਂ ਦਾ ਆਰਥਿਕ ਪੱਖੋਂ ਵਿਕਾਸ ਕਰਨਾ ਹੈ ਉਥੇ ਹੀ ਕਿਸਾਨਾਂ ਨੂੰ ਹੋਰ ਮਜ਼ਬੂਤ ਕਰਨਾ ਹੈ ਸਰਕਾਰ ਲਗਾਤਾਰ ਹੀ ਕਿਸਾਨਾਂ ਦੇ ਹੱਕਾਂ ਅਤੇ ਹਿੱਤਾਂ ਲਈ ਕੰਮ ਕਰ ਰਹੀ ਹੈ। ਪੰਜਾਬ ਸਰਕਾਰ ਕਿਸਾਨਾਂ ਦੀ ਬੇਹਤਰੀ ਲਈ ਕੰਮ ਕਰ ਰਹੀ ਹੈ ਇਹ ਸਕੀਮ ਕਿਸਾਨਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਲਿਆ ਕੇ ਲਿਆਂਦੀ ਆਦਮੀ ਗਈ ਸੀ ਜਦੋਂ ਕਿਸਾਨਾਂ ਨੂੰ ਇਹ ਸਕੀਮ ਮਨਜੂਰ ਨਹੀਂ ਤਾਂ ਸਰਕਾਰ ਨੇ ਕਿਸਾਨਾਂ ਦੇ ਹਿੱਤਾਂ ਨੂੰ ਦੇਖਦੇ ਹੋਏ ਹੀ ਆਪਣੀ ਸਕੀਮ ਵਾਪਸ ਲੈ ਲਈ ਹੈ। ਉਹਨਾਂ ਕਿਹਾ ਕਿ ਭਵਿੱਖ ਵਿਚ ਵੀ ਸਰਕਾਰ ਕਿਸਾਨਾਂ ਦੀ ਬੇਹਤਰੀ ਲਈ ਇਸੇ ਤਰ੍ਹਾਂ ਕੰਮ ਕਰਦੀ ਰਹੇਗੀ ।ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦਾ ਧੰਨਵਾਦ ਕੀਤਾ ।ਇਸ ਮੌਕੇ ਤੇ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਠੇਕੇਦਾਰ ਸਰਪੰਚ ਲਖਵਿੰਦਰ ਸਿੰਘ ਜਲਾਲ ਉਸਮਾ, ਸੁਰਜੀਤ ਸਿੰਘ ਕੰਗ ਚੇਅਰਮੈਨ ਪ੍ਰਧਾਨ ਬਾਬਾ ਬਕਾਲਾ ਰਈਆ ਮੰਡੀ, ਬੂਟਾ ਸਿੰਘ ਜਲਾਲ ਇੰਚਾਰਜ ਰਈਆ, ਜਗਜੀਤ ਸਿੰਘ ਉਸਮਾ, ਸੁਖਦੇਵ ਸਿੰਘ ਮੈਂਬਰ ਉਸਮਾ, ਸਤਨਾਮ ਸਿੰਘ ਉਸਮਾ, ਆਦਿ ਆਗੂ ਹਾਜ਼ਰ ਸਨ।

## ਸੁਤੰਤਰਤਾ ਦਿਵਸ ਮੌਕੇ 15 ਅਤੇ 16 ਅਗਸਤ ਨੂੰ ਨਸ਼ਾ ਮੁਕਤ ਜਾਗਰੂਕਤਾ ਮੁਹਿੰਮ ਚਲਾਉਣ ਲਈ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਜਾਰੀ: ਵਧੀਕ ਡਿਪਟੀ ਕਮਿਸ਼ਨਰ

ਸੰਗਰੂਰ, 14 ਅਗਸਤ ( ਰਣਜੀਤ ਸਿੰਘ ਪੇਧਨੀ )– ਸੰਗਰੂਰ ਦੇ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਬੈਂਬੀ ਨੇ ਸੁਤੰਤਰਤਾ ਦਿਵਸ ਮੌਕੇ 15 ਅਤੇ 16 ਅਗਸਤ ਨੂੰ ਨਸ਼ਾ ਮੁਕਤ ਜਾਗਰੂਕਤਾ ਮੁਹਿੰਮ ਚਲਾਉਣ ਲਈ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਜਾਰੀ ਕੀਤੇ ਹਨ। ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਨਸ਼ਿਆਂ ਦੀ ਭਿਆਨਕ ਬਿਮਾਰੀ ਦੇ ਖਾਤਮੇ ਲਈ ਆਮ ਲੋਕਾਂ ਵਿੱਚ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣ ਲਈ ਜਾਰੀ ਪੱਤਰ ਦੇ ਹਵਾਲੇ ਮੁਤਾਬਕ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲੋਕਾਂ ਦਾ ਸਹਿਯੋਗ ਨਸ਼ਿਆਂ ਦੇ ਖਾਤਮੇ ਲਈ ਬੇਹੱਦ ਜਰੂਰੀ ਹੈ ਪਰੰਤੂ ਇਸ ਲਈ ਲੋਕਾਂ ਨੂੰ ਪਹਿਲਾਂ ਜਾਗਰੂਕ ਵੀ ਕਰਨਾ ਪਵੇਗਾ। ਉਹਨਾਂ ਨੇ ਕਿਹਾ ਕਿ ਇਸ ਲੋਕਾਂ ਨੂੰ ਜਾਗਰੂਕ ਕਰਨ ਲਈ 15 ਅਤੇ 16 ਅਗਸਤ ਨੂੰ ਨਸ਼ਾ ਮੁਕਤ ਜਾਗਰੂਕਤਾ ਦਿਵਸ ਮੁਹਿੰਮ ਚਲਾਉਣ ਲਈ ਗ੍ਰਹਿ ਮੰਤਰਾਲੇ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਸੰਗਰੂਰ ਜ਼ਿਲ੍ਹੇ ਵਿੱਚ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਇਸ ਬਾਬਤ ਜ਼ਿਲ੍ਹਾ ਪੁਲਿਸ ਮੁਖੀ ਸਮੇਤ ਹੋਰ ਵਿਭਾਗਾਂ ਨੂੰ ਪੱਤਰ ਨਿਰਦੇਸ਼ ਜਾਰੀ ਕੀਤੇ ਹਨ। ਉਨ੍ਹਾਂ ਦੱਸਿਆ ਕਿ ਨਿਰਦੇਸ਼ਾਂ ਮੁਤਾਬਕ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਸਾਰੇ ਧਾਰਮਿਕ ਅਸਥਾਨਾਂ ਦਾ ਵੀ ਸਹਿਯੋਗ ਲਿਆ ਜਾ ਰਿਹਾ ਹੈ। ਇਸ ਤੋਂ ਬਿਨ੍ਹਾਂ ਸਾਰੀਆਂ ਸਿੱਖਿਆ ਸੰਸਥਾਵਾਂ ਤੇ ਜਨਤਕ ਸਥਾਨਾਂ, ਹਸਪਤਾਲਾਂ, ਸੋਸ਼ਲ ਮੀਡੀਆ ਸਮੇਤ ਹੋਰ ਅਹਿਮ ਸਥਾਨਾਂ 'ਤੇ ਵੀ ਨਸ਼ਾ ਵਿਰੋਧੀ ਗਤੀਵਿਧੀਆਂ ਕੀਤੀਆਂ ਜਾਣਗੀਆਂ ਤਾਂ ਕਿ ਵੱਧ ਤੋਂ ਵੱਧ ਲੋਕਾਂ ਨੂੰ ਨਸ਼ਿਆਂ ਦੀ ਲਾਹਨਤ ਵਿਰੁੱਧ ਜਾਗਰੂਕ ਕੀਤਾ ਜਾ ਸਕੇ। ਜ਼ਿਲ੍ਹਾ ਪੁਲੀਸ ਮੁਖੀ ਸ੍ਰ ਸਰਤਾਜ ਸਿੰਘ ਚਾਹਲ ਨੇ ਵੀ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਦੇ ਖਾਤਮੇ ਲਈ ਅੱਗੇ ਆਉਣ ਅਤੇ ਚੱਲ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਸਾਥ ਦੇਣ ਅਤੇ ਨਸ਼ਾ ਤਸਕਰਾਂ ਦੀ ਜਾਣਕਾਰੀ ਨੇੜਲੇ ਪੁਲਿਸ ਸਟੇਸ਼ਨ ਜਾਂ ਸੇਫ ਪੰਜਾਬ ਹੈਲਪ ਲਾਈਨ ਨੰਬਰ 97791-00200 ਉਪਰ ਵੀ ਦਿੱਤੀ ਜਾ ਸਕਦੀ ਹੈ।

# ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਵੱਲੋਂ ਲੋੜਵੰਦਾਂ ਨੂੰ ਰਾਸਨ ਵੰਡਿਆ: ਸੰਤ ਬਾਬਾ ਮਲਕੀਅਤ ਸਿੰਘ ਖਾਲਸ





ਚੌਕ ਮਹਿਤਾ , 14 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)– ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦੇ ਮੁੱਖੀ ਦੇ ਮੁੱਖੀ ਸੰਤ ਸਿੰਘ ਬਾਬਾ ਮਲਕੀਅਤ ਸਿੰਘ ਖਾਲਸਾ ਅਤੇ ਐਨ ਆਰ ਆਈ ਅਤੇ ਯੂਅਰ ਸੇਵਾ ਚੈਰਿਟੀ ਯੂ ਕੇ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਤਕਰੀਬਨ 120 ਲੋੜਵੰਦ ਲੋਕਾਂ ਨੂੰ ਇੱਕ ਮਹੀਨਾ ਦਾ ਰਾਸਨ ਵੰਡਿਆ ਗਿਆ। ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਵੱਲੋਂ ਸੰਤ ਬਾਬਾ ਮਲਕੀਅਤ ਸਿੰਘ ਖਾਲਸਾ ਦੇ ਸਹਿਯੋਗ ਨਾਲ 2016 ਤੋਂ ਸੇਵਾ ਕਰ ਰਹੇ ਹਨ। ਹਰ ਮਹੀਨੇ ਲੋੜਵੰਦਾਂ ਦੀ ਗਿਣਤੀ ਵੱਧ ਰਹੀ ਹੈ। ਅਤੇ ਹੋਰ ਵੀ ਬਹੁਤ ਸਾਰੇ ਕਾਰਜ ਕੀਤੇ ਜਾਂਦੇ ਹਨ। ਇਸ ਅਕੈਡਮੀ ਵਿੱਚ ਬਹੁਤ ਸਾਰੇ ਬੱਚੇ ਬੱਚੀਆ ਰਹਿਕੇ ਗੁਰਮੱਤ ਦੀ ਸਿੱਖਿਆ ਅਤੇ ਖੇਡਾਂ ਗੁਰਬਾਣੀ ਦੀ ਸੁੱਧ ਸੰਥਿਆ, ਕੀਰਤਨ, ਕਥਾ, ਗਤਕਾ, ਪੜਾਈ, ਕਰਾਈ ਜਾਂਦੀ ਹੈ। ਇਹ ਅਕੈਡਮੀ ਸਹੀਦਾਂ ਸਿਘਾ ਦੇ ਪਰਿਵਾਰਾਂ ਦੀ ਸਹਾਇਤਾ ਦਿਨ ਰਾਤ ਇੱਕ ਕਰਕੇ ਕਰ ਰਹੇ ਹਨ। ਅਤੇ ਸਾਰੇ ਸੇਵਾਦਾਰ ਆਪਣੀ ਕਿਰਤ ਵੀ ਕਰਦੇ ਹਨ। ਇਸ ਮੌਕੇ ਤੇ ਮੁੱਖ ਸੇਵਾਦਾਰ ਸੰਤ ਬਾਬਾ ਮਲਕੀਅਤ ਸਿੰਘ ਖਾਲਸਾ ਤੋਂ ਇਲਾਵਾ ਭਾਈ ਤੇਜਬੀਰ ਸਿੰਘ ਖਾਲਸਾ, ਭਾਈ ਸੁਖਦੇਵ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਗੁਰਬਾਜ ਸਿੰਘ ਬਾਜ ਅਤੇ ਹੋਰ ਵੀ ਸੇਵਾਦਾਰ ਹਾਜਰ ਸਨ।

# ਵਾਤਾਵਰਨ ਦੀ ਸੰਭਾਲ ਲਈ ਹਰ ਮਨੁੱਖ ਵੱਧ ਤੋਂ ਵੱਧ ਬੂਟੇ ਲਾਵੇ: ਵਿਧਾਇਕ ਭਰਾਜ

## ਪਿੰਡ ਨਦਾਮਪੁਰ ਵਿਖੇ ਜ਼ਿਲ੍ਹਾ ਪੱਧਰੀ ਵਣ ਮਹਾਂਉਤਸਵ ਮਨਾਇਆ; 200 ਬੂਟੇ ਲਾਏ





ਭਵਾਨੀਗੜ੍ਹ, 14 ਅਗਸਤ ( ਰਣਜੀਤ ਸਿੰਘ ਪੇਧਨੀ)– ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਨੇ ਪਿੰਡ ਨਦਾਮਪੁਰ ਵਿਖੇ ਪ੍ਰਸ਼ਾਸਨ, ਸਮੁੱਚੀ ਪੰਚਾਇਤ ਅਤੇ ਆਪ ਟੀਮ ਨਾਲ ਰਲ ਕੇ 200 ਬੂਟੇ ਲਗਾ ਕੇ ਜ਼ਿਲ੍ਹਾ ਪੱਧਰੀ ਵਣ ਮਹਾਂਉਤਸਵ ਮਨਾਇਆ। ਇਸ ਮੌਕੇ ਉਨ੍ਹਾਂ ਕਿਹਾ ਕਿ ਚੰਗੀ ਜ਼ਿੰਦਗੀ ਲਈ ਵਾਤਾਵਰਨ ਦੀ ਸੰਭਾਲ ਲਾਜ਼ਮੀ ਹੈ, ਜਿਸ ਲਈ ਵੱਧ ਤੋਂ ਵੱਧ ਬੂਟੇ ਲਾਉਣ ਤੇ ਉਨ੍ਹਾਂ ਦੀ ਸੰਭਾਲੀ ਜ਼ਰੂਰੀ ਹੈ। ਹਰ ਮਨੁੱਖ ਨੂੰ ਵੱਧ ਤੋਂ ਵੱਧ ਬੂਟੇ ਲਾਉਣੇ ਚਾਹੀਦੇ ਹਨ ਤਾਂ ਜੋ ਵਾਤਾਵਰਨ ਸਾਫ਼ ਰਹਿ ਸਕੇ ਤੇ ਬਿਮਾਰੀਆਂ ਤੋਂ ਵੀ ਬਚਾਅ ਹੋ ਸਕੇ। ਉਹਨਾਂ ਕਿਹਾ ਕਿ ਹਰ ਮਨੁੱਖ ਘੱਟੋ ਘਟ 05 ਬੂਟੇ ਤਾਂ ਲਾਜ਼ਮੀ ਹੀ ਲਾਵੇ। ਹਲਕਾ ਵਿਧਾਇਕ ਨੇ ਕਿਹਾ ਕਿ ਅੱਜ ਜਦੋਂ ਸਾਰੀ ਦੁਨੀਆਂ ਵਾਤਾਵਰਨ ਸਬੰਧੀ ਮੁਸ਼ਕਲਾਂ ਨਾਲ ਜੂਝ ਰਹੀ ਹੈ ਤਾਂ ਵਾਤਾਵਰਨ ਸੰਭਾਲ ਦੀ ਅਹਿਮੀਅਤ ਹੋਰ ਵੀ ਵੱਧ ਜਾਂਦੀ ਹੈ। ਜੇ ਵਾਤਾਵਰਨ ਸਾਫ਼ ਹੋਵੇਗਾ ਤਾਂ ਅਸੀਂ ਸਾਫ਼ ਹਵਾ ਵਿੱਚ ਸਾਹ ਲੈ ਸਕਾਂਗੇ ਤੇ ਬਿਮਾਰੀਆਂ ਤੋਂ ਬਚੇ ਰਹਾਂਗੇ। ਇਸ ਦੇ ਨਾਲ ਨਾਲ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਸਾਫ਼ ਸੁਥਰਾ ਵਾਤਾਵਰਨ ਮਿਲ ਸਕੇਗਾ। ਹਲਕਾ ਵਿਧਾਇਕ ਨੇ ਕਿਹਾ ਕਿ ਜਿਸ ਰਫ਼ਤਾਰ ਨਾਲ ਦਰੱਖਤ ਵੱਢ ਦਿੱਤੇ ਗਏ ਹਨ, ਉਸ ਹਿਸਾਬ ਨਾਲ ਆਉਣ ਵਾਲੀਆਂ ਨਸਲਾਂ ਨੂੰ ਸਾਹ ਲੈਣ ਜੋਗੀ ਆਕਸੀਜਨ ਵੀ ਨਹੀਂ ਮਿਲਣੀ। ਇਸ ਲਈ ਦਰੱਖਤ ਵੱਢਣ ਦੀ ਮਾੜੀ ਪਿਰਤ ਛੱਡ ਕੇ ਬੂਟੇ ਲਾਉਣ ਦੀ ਮੁਹਿੰਮ ਵਿੱਢੀ ਜਾਵੇ। ਉਨ੍ਹਾਂ ਨੇ ਨਾਲ ਇਹ ਵੀ ਕਿਹਾ ਕਿ ਬੂਟੇ ਲਾਉਣ ਵੇਲੇ ਤਰਜੀਹ ਸਥਾਨਕ ਬੂਟੇ ਲਾਉਣ ਨੂੰ ਹੀ ਦਿੱਤੀ ਜਾਵੇ। ਉਹਨਾਂ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਖੇਤਾਂ ਵਿੱਚ ਵੀ ਵੱਧ ਤੋਂ ਵੱਧ ਬੂਟੇ ਲਗਾਏ ਜਾਣ। ਇਸ ਮੌਕੇ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਪੰਚਾਇਤ ਤੇ ਪਿੰਡ ਵਾਸੀ ਹਾਜ਼ਰ ਸਨ।

# ਸੇਂਟ ਸੋਲਜਰ ਸਕੂਲ ਵਿੱਚ ਦੇਸ਼ ਦਾ 79ਵਾਂ ਆਜ਼ਾਦੀ ਦਿਹਾੜਾ ਧੂਮਧਾਮ ਨਾਲ ਮਨਾਇਆ

## ਅੱਜ ਦੀ ਪੀੜੀ ਨੂੰ ਮੋਬਾਈਲ, ਬੁਰੀ ਸੰਗਤ, ਨਿਰਾਸ਼ਾਵਾਦ ਤੋਂ ਆਜ਼ਾਦ ਹੋਣ ਦੀ ਲੋੜ: ਡਾ: ਕਿਸ਼ਨਪੁਰੀ



ਜੰਡਿਆਲਾ ਗੁਰੂ 14 ਅਗਸਤ( ਕੁਲਵੰਤ ਸਿੰਘ ਵਿਰਦੀ )ਦੇਸ਼ ਦੇ 79ਵੇਂ ਆਜ਼ਾਦੀ ਦਿਹਾੜੇ ਦੇ ਸਬੰਧ ਵਿੱਚ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਨੂੰ ਸਲਾਮ ਕਰਦੇ ਹੋਏ ਅਤੇ ਸਖ਼ਤ ਮਿਹਨਤ ਨਾਲ ਪ੍ਰਾਪਤ ਕੀਤੀ ਅਜ਼ਾਦੀ ਨੂੰ ਮਨਾਉਣ ਲਈ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵੱਲੋਂ ਸਕੂਲ ਦੇ ਵਿਹੜੇ ਵਿੱਚ ਦੇਸ਼ ਦਾ ਅਜ਼ਾਦੀ ਦਿਹਾੜਾ ਮਨਾਇਆ ਗਿਆ। ਸਭ ਤੋਂ ਪਹਿਲਾਂ ਆਜ਼ਾਦੀ ਪ੍ਰਾਪਤੀ ਲਈ ਜਾਨਾਂ ਮਾਰਨ ਵਾਲੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਝੰਡਾ ਲਹਿਰਾਉਣ ਦੀ ਰਸਮ ਵੀ ਅਦਾ ਕੀਤੀ ਗਈ। ਸਾਰੇ ਬੱਚਿਆਂ ਨੇ ਆਪਣੇ ਆਪ ਨੂੰ ਕੇਸਰੀ ਹਰੇ ਅਤੇ ਚਿੱਟੇ ਰੰਗ ਦੇ ਪਹਿਰਾਵਿਆਂ ਨਾਲ ਸ਼ਿੰਗਾਰਿਆ ਹੋਇਆ ਸੀ ।ਇਸ ਮੌਕੇ ਬੱਚਿਆਂ ਨੇ" ਸਾਰੇ ਜਹਾਂ ਸੇ ਅੱਛਾ ਹਿੰਦੁਸਤਾਨ ਹਮਾਰਾ "ਗੀਤ ਗਾ ਕੇ ਸਭ ਨੂੰ ਦੇਸ਼ ਭਗਤੀ ਦੇ ਜਜ਼ਬੇ ਨਾਲ ਭਰ ਦਿੱਤਾ। ਇਸ ਮੌਕੇ ਸਕੂਲ ਦੇ ਸ਼ਾਨਦਾਰ ਔਟੋਡੋਰੀਅਮ ਵਿੱਚ ਸਮਾਗਮ ਰੱਖਿਆ ਗਿਆ । ਜਿਸ ਵਿੱਚ ਸਕੂਲ ਦੇ ਪੰਜ ਹਾਊਸਾਂ ( ਡੇਜੀ ਲੋਟਸ ਪੈਂਸੀ ਰੋਜ ਲਿਲੀ) ਦੇ ਇੰਟਰ ਹਾਊਸ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਸੋਲੋ ਗੀਤ,ਭਾਸ਼ਣ ਅਤੇ ਕੋਰਿਓਗ੍ਰਾਫੀਆਂ ਦੇ ਮੁਕਾਬਲੇ ਕਰਵਾਏ ਗਏ। ਸਭ ਤੋਂ ਪਹਿਲਾਂ ਸੋਲੋ ਗੀਤ (ਤੀਸਰੀ ਤੋਂ ਪੰਜਵੀਂ ਜਮਾਤ) ਤੱਕ ਦੇ ਮੁਕਾਬਲਿਆਂ ਵਿੱਚ ਬੱਚਿਆਂ ਨੇ ਦੇਸ਼ ਭਗਤੀ ਦੇ ਗੀਤ ਗਾ ਕੇ ਸਭ ਨੂੰ ਦੇਸ਼ ਭਗਤ ਦੀ ਰੰਗ ਵਿੱਚ ਰੰਗ ਦਿੱਤਾ। ਉਪਰੰਤ ਭਾਸ਼ਨ ਮੁਕਾਬਲਿਆਂ ਵਿੱਚ ਬੱਚਿਆਂ ਨੇ ਮੋਬਾਇਲ ਦੀ ਦੁਰਵਰਤੋਂ, 1 9 ਦੀ ਵਰਤੋ ਭਾਰਤ ਦੀ ਆਜ਼ਾਦੀ ਵਿੱਚ ਸਿੱਖਾਂ ਦਾ ਹਿੱਸਾ,ਆਦਿ ਵੱਖ ਵੱਖ ਵਿਸ਼ਿਆਂ ਨਾਲ ਤੇ ਆਪਣੇ ਵਿਚਾਰ ਪੇਸ਼ ਕੀਤੇ। ਉਪਰੰਤ ਕੋਰੇਗਰਾਫੀ ਦੇ ਮੁਕਾਬਲਿਆਂ ਵਿੱਚ ਬੱਚਿਆਂ ਨੇ ਬੜੀਆਂ ਸ਼ਾਨਦਾਰ ਕੋਰਿਓਗ੍ਰਾਫੀਆਂ ਪੇਸ਼ ਕੀਤੀਆਂ ਜਿਸ ਵਿੱਚ ਆਪਰੇਸ਼ਨ ਸੰਦੂਰ ਵਰਗੀਆਂ ਕੋਰਿਓਗ੍ਰਾਫੀਆਂ ਨੇ ਉੱਥੇ ਬੈਠੇ ਸਭ ਦੇ ਦਿਲਾਂ ਨੂੰ ਝੰਜੋੜ ਕੇ ਰੱਖ ਦਿੱਤਾ। ਇਸ ਮੁਕਾਬਲਿਆਂ ਵਿੱਚ ਜਜਮੈਂਟ ਦੀ ਭੂਮਿਕਾ ਸ:ਰਵਿੰਦਰ ਸਿੰਘ ਛੱਜਲ ਵੱਡੀ (ਕਿਰਤੀ ਕਿਸਾਨ ਯੂਨੀਅਨ ਜ਼ਿਲਾ ਮੀਤ ਪ੍ਰਧਾਨ)ਅਤੇ ਪ੍ਰਿਤਪਾਲ ਸਿੰਘ (ਭਗਤ ਨਾਮਦੇਵ ਥੀਏਟਰ ਸੋਸਾਇਟੀ ਘੁਮਾਣ) ਅਤੇ ਪੰਡਿਤ ਕਿਸ਼ਨ ਦਵੇਸਰ ਜੀ (ਮੰਚ ਲੋਕ ਅੰਮ੍ਰਿਤਸਰ) ਵੱਲੋਂ ਬਾਖੂਬੀ ਨਿਭਾਈ ਗਈ। ਇਹਨਾਂ ਮੁਕਾਬਲਿਆਂ ਵਿੱਚ ਸੋਲੋ ਗੀਤ ਵਿੱਚ ਲਿਲੀ ਹਾਊਸ ਪਹਿਲਾ ਸਥਾਨ , ਪੈਨਜੀ ਹਾਊਸ ਨੇ ਦੂਸਰਾ ਸਥਾਨ ਅਤੇ ਰੋਜ ਹਾਊਸ ਨੇ ਤੀਸਰਾ ਸਥਾਨ ਹਾਸਲ ਕੀਤਾ ।ਇਸੇ ਤਰ੍ਹਾਂ ਭਾਸ਼ਨ ਮੁਕਾਬਲਿਆਂ ਵਿੱਚ ਲਿਲੀ ਹਾਊਸ ਨੇ ਪਹਿਲਾਂ ਡੇਜੀ ਹਾਊਸ ਨੇ ਦੂਸਰਾ ਅਤੇ ਰੋਜ਼ ਹਾਊਸ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਕੋਰਿਓਗ੍ਰਾਫੀ ਮੁਕਾਬਲਿਆਂ ਵਿੱਚ ਪੈਨਸੀ ਹਾਊਸ ਨੇ ਪਹਿਲਾ ਸਥਾਨ ,ਰੋਜ਼ ਹਾਊਸ ਨੇ ਦੂਸਰਾ ਸਥਾਨ ਅਤੇ ਲਿਲੀ ਹਾਊਸ ਨੇ ਤੀਸਰਾ ਸਥਾਨ ਹਾਸਿਲ ਕੀਤਾ। ਜੇਤੂ ਬੱਚਿਆਂ ਅਤੇ ਟੀਮਾਂ ਨੂੰ ਇਨਾਮ ਵੀ ਦਿੱਤੇ ਗਏ ।ਇਸ ਮੌਕੇ ਤੇ ਸਕੂਲ ਦੇ ਐਮਡੀ ਡਾ;ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਵਿਦਿਆਰਥੀਆਂ ਨੂੰ ਆਜ਼ਾਦੀ ਸੰਗਰਾਮ ਤੋਂ ਜਾਣੂ ਕਰਾਇਆ ਉਹਨਾਂ ਨੇ ਅੱਜ ਦੀ ਪੀੜੀ ਨੂੰ ਮੋਬਾਈਲ, ਬੁਰੀ ਸੰਗਤ, ਨਿਰਾਸ਼ਾਵਾਦ ਤੋਂ ਆਜ਼ਾਦ ਹੋਣ ਨੂੰ ਕਿਹਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਬੱਚਿਆਂ ਨੂੰ ਆਪਣੀਆਂ ਪੁਰਾਣੀਆਂ ਪੀੜੀਆਂ ਦੁਆਰਾ ਬੀਜੇ ਫਲ ਦੀ ਕਦਰ ਕਰਨ ਲਈ ਪ੍ਰੇਰਿਤ ਕੀਤਾ। ਅਤੇ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੋਣ ਦੀ ਪ੍ਰੇਰਨਾ ਦਿੱਤੀ ।ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਕੁਆਡੀਨੇਟਰ ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਇੱਕ ਨਜ਼ਰ . . .



## ਐਸੋਸੀਏਟ ਅਧਿਆਪਕ ਫਰੰਟ ਜਥੇਬੰਦੀ ਨੇ ਪੰਜਾਬ ਪ੍ਰਧਾਨ ਰਣਜੀਤ ਸਿੰਘ ਤੇ ਸੰਦੀਪ ਸਿੰਘ ਚੰਦੀ ਦੀ ਅਗਵਾਈ 'ਚ ਮੰਤਰੀ ਈਟੀਓ ਨੂੰ ਮੰਗ ਪੱਤਰ ਸੌਂਪਿਆ

ਜੰਡਿਆਲਾ ਗੁਰੂ, 14 ਅਗਸਤ ( ਕੁਲਵੰਤ ਸਿੰਘ ਵਿਰਦੀ ) ਐਸੋਸੀਏਟ ਅਧਿਆਪਕ ਫਰੰਟ ਪੰਜਾਬ ਦੀ ਜ਼ਿਲ੍ਹਾ ਅੰਮ੍ਰਿਤਸਰ ਇਕਾਈ ਵੱਲੋ ਜਥੇਬੰਦੀ ਦੀਆਂ ਹੱਕੀ ਮੰਗਾਂ ਵਾਸਤੇ ਸ. ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਪੰਜਾਬ ਨੂੰ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਅਤੇ ਸੰਦੀਪ ਸਿੰਘ ਚੰਦੀ ਦੀ ਅਗਵਾਈ ਹੇਠ ਮੰਗ ਪੱਤਰ ਦਿੱਤਾ ਗਿਆ ਅਤੇ ਉਨ੍ਹਾਂ ਨਾਲ ਵਿਸਥਾਰ ਪੂਰਵਕ ਚਰਚਾ ਹੋਈ। ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਨੇ ਸਰਕਾਰ ਕੋਲੋਂ ਮੰਗਾਂ ਨੂੰ ਪੂਰੀਆਂ ਕਰਵਾਉਣ ਦਾ ਭਰੋਸਾ ਦਿੱਤਾ। ਰਣਜੀਤ ਸਿੰਘ ਅਤੇ ਸੰਦੀਪ ਸਿੰਘ ਚੰਦੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 28 ਜੁਲਾਈ 2023 ਮੁੱਖ ਮੰਤਰੀ ਪੰਜਾਬ ਅਤੇ ਸਿੱਖਿਆ ਮੰਤਰੀ ਵੱਲੋਂ ਕੱਚੇ ਅਧਿਆਪਕਾਂ ਨੂੰ ਵਿਭਾਗ ਵਿੱਚ ਲਿਆ ਕੇ ਰੈਗੂਲਰ ਦੇ ਆਰਡਰ ਦਿੱਤੇ ਗਏ ਸਨ, ਜਿਸ ਵਿੱਚ ਸਿਰਫ ਤਨਖਾਹ ਵਾਧਾ ਅਤੇ 5% ਇੰਕਰੀਮੈਂਟ ਦਿੱਤਾ ਗਿਆ। ਬਾਕੀ ਰੈਗੂਲਰ ਮੁਲਾਜ਼ਮਾਂ ਵਾਲੀ ਕੋਈ ਵੀ ਸਹੂਲਤ ਜਿਵੇਂ ਨਾ ਹੀ ਪੇ ਸਕੇਲ , ਮੈਡੀਕਲ ਸਹੂਲਤ, ਸੀ.ਐਸ.ਆਰ, ਟੀ. ਏ., ਡੀ.ਏ, ਨਾ ਕੋਈ ਪੋਸਟ, ਨਾ ਹੀ ਰਿਟਾਇਰ ਹੋਣ ਤੇ ਕੋਈ ਸਹੂਲਤ ਦਿੱਤੀ ਗਈ। ਮੰਤਰੀ ਸਾਹਿਬ ਨੇ ਸਾਰੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਮੰਗਾਂ ਦਾ ਠੋਸ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਰੁਪਿੰਦਰ ਕੌਰ ਗਿੱਲ ਜ਼ਿਲਾ ਆਗੂ, ਰਜਨੀ, ਰਸ਼ਮੀ, ਗੁਰਜੀਤ ਕੌਰ, ਅਵਤਾਰ ਸਿੰਘ, ਗੁਰਸੇਵਕ ਸਿੰਘ, ਅਵਤਾਰ ਸਿੰਘ, ਭੁਪਿੰਦਰ ਸਿੰਘ ਪ੍ਰਧਾਨ, ਨਵਜਿੰਦਰ ਸਿੰਘ,ਗੁਰਜੀਤ ਸਿੰਘ, ਸਰਬਜੀਤ ਸਿੰਘ, ਸੁਰਜੀਤ ਸਿੰਘ ( ਤਿੰਨੋ ਸੀਐਚਟੀ),ਸਵਿੰਦਰ ਸਿੰਘ,ਜਤਿੰਦਰ ਸਿੰਘ,ਕੰਵਰਜੀਤ ਸਿੰਘ ਪ੍ਰਧਾਨ,ਕੰਵਲਜੀਤ ਸਿੰਘ,ਜਸਕਰਨ ਸਿੰਘ, ਜਸਵਿੰਦਰ ਸਿੰਘ, ਸ਼ਮਸ਼ੇਰ ਸਿੰਘ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਤਾਬਦੀ ਨੂੰ ਸਮਰਪਿਤ ਅੰਮ੍ਰਿਤ ਸੰਚਾਰ 18 ਅਗਸਤ ਨੂੰ ਅੰਮ੍ਰਿਤ ਅਭਿਲਾਖੀ ਹੇਠਾਂ ਦਿੱਤੇ ਨੰਬਰਾਂ ਤੇ ਸੰਪਰਕ ਕਰਨ



ਜੰਡਿਆਲਾ ਗੁਰੂ 14 ਅਗਸੇਤ ( ਕੁਲਵੰਤ ਸਿੰਘ ਵਿਰਦੀ ) ਅੱਜ ਸਹੀਦ ਬਾਬਾ ਸੁੱਧਾ ਸਿੰਘ ਅਕੈਡਮੀ ਦੇ ਸੰਚਾਲਕ ਭਾਈ ਹਰਦੇਵ ਸਿੰਘ ਜੀ ਨੇ ਪ੍ਰੈਸ ਨੋਟ ਜਾਰੀ ਕਰਦਿਆ ਹੋਇਆ ਦੱਸਿਆ ਕਿ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸਹੀਦੀ ਸ਼ਤਾਬਦੀ ਨੂੰ ਸਮਰਪਿਤ ਅਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਤਾਗੱਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ਼ਹੀਦ ਬਾਬਾ ਸੁੱਧਾ ਸਿੰਘ ਜੀ, ਪਿੰਡ ਦਕੋਹਾ (ਗੁਰਦਾਸਪੁਰ) ਵਿਖੇ ਸਮੂਹ ਨਗਰ ਨਿਵਾਸੀ ,ਇਲਾਕਾ ਨਿਵਾਸੀ ਅਤੇ ਦੇਸ ਵਿਦੇਸ ਵਿੱਚ ਵੱਸਦੀਆਂ ਸੰਗਤਾਂ ਦੇ ਸਹਿਯੋਗ ਨਾਲ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ 18 ਅਗਸਤ, ਦਿਨ ਸੋਮਵਾਰ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾ ਰਿਹਾ ਹੈ ਅੰਮ੍ਰਿਤ ਅਭਿਲਾਖੀਆਂ ਨੂੰ ਬੇਨਤੀ ਹੈ ਕਿ ਜਿੰਨਾਂ ਸੰਗਤਾਂ ਨੇ ਅੰਮ੍ਰਿਤ ਛੱਕ ਕਿ ਗੁਰੂ ਵਾਲੇ ਬਣਨਾ ਹੈ ਦਿੱਤੇ ਹੋਏ ਨੰਬਰ 99147-19780, 87250-01202, 98781-20308. ਤੇ ਸੰਪਰਕ ਕਰਕੇ ਆਪਣਾ ਨਾਮ ਦਰਜ ਕਰਵਾਓ ਅੱਗੇ ਉਨਾਂ ਕਿਹਾ ਕਿ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਫ੍ਰੀ ਦਿੱਤੇ ਜਾਣਗੇ ਸੰਗਤਾਂ ਨੂੰ ਬੇਨਤੀ ਹੈ ਕਿ ਅੰਮ੍ਰਿਤ ਛਕਣ ਵਾਲੀਆਂ ਸੰਗਤਾਂ 18 ਅਗਸਤ ਨੂੰ ਕੇਸੀ ਇਸਨਾਨ ਕਰਕੇ ਸਮੇਂ ਸਿਰ ਪਹੁੰਚ ਕਿ ਸਰਬੰਸਦਾਨੀ ਸਾਹਿਬੇ ਕਮਾਲ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਹੁਕਮ ਪੀਵਹੁ ਪਾਹੁਲ ਖੰਡਧਾਰ ਹੁਇ ਜਨਮੁ ਸੁਹੇਲਾ ਨੂੰ ਸਮਰਪਿਤ ਹੋ ਕਿ ਆਪਣਾ ਜੀਵਨ ਸਫਲ ਬਣਾਓ!

## ਭਾਜਪਾ ਦੇ ਜਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿੱਲ ਨੇ ਸੰਤ ਬਾਬਾ ਸੱਜਣ ਸਿੰਘ ਤੋਂ ਲਿਆ ਆਸ਼ੀਰਵਾਦ



ਜੰਡਿਆਲਾ ਗੁਰੂ 14 ਅਗਸਤ ( ਕੁਲਵੰਤ ਸਿੰਘ ਵਿਰਦੀ )- ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਅੰਮ੍ਰਿਸਰ ਦਿਹਾਤੀ ਦੇ ਨਵੇਂ ਚੁਣੇ ਗਏ ਪ੍ਰਧਾਨ ਹਰਦੀਪ ਸਿੰਘ ਗਿੱਲ ਵੱਲੋ ਅੱਜ ਸੰਤ ਬਾਬਾ ਸੱਜਣ ਸਿੰਘ ਬੇਰ ਸਾਹਿਬ ਵਾਲਿਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਗਿਆ। ਇਸ ਸਮੇਂ ਸੰਤ ਬਾਬਾ ਸੱਜਣ ਸਿੰਘ ਵੱਲੋਂ ਪ੍ਰਧਾਨ ਹਰਦੀਪ ਸਿੰਘ ਗਿੱਲ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੰਦੇ ਹੋਏ ਸਨਮਾਨਿਤ ਵੀ ਕੀਤਾ ਗਿਆ ਇਸ ਮੌਕੇ ਸੰਤ ਬਾਬਾ ਸੱਜਣ ਸਿੰਘ ਨੇ ਕਿਹਾ ਕਿ ਹਰਦੀਪ ਸਿੰਘ ਗਿੱਲ ਪਿਛਲੇ ਲੰਬੇ ਸਮੇਂ ਤੋਂ ਲੋਕਾਂ ਦੀ ਸੇਵਾ ਕਰਦਾ ਆ ਰਿਹਾ ਹੈ ਅਤੇ ਸਾਨੂੰ ਪੂਰਾ ਵਿਸ਼ਵਾਸ਼ ਹੈ ਕਿ ਹਰਦੀਪ ਸਿੰਘ ਗਿੱਲ ਨੂੰ ਜਿਹੜੀ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ ਉਹ ਇਸ ਨੂੰ ਪੂਰੀ ਤਨਦੇਹੀ ਅਤੇ ਲਗਨ ਨਾਲ ਨਿਭਾਉਂਦੇ ਹੋਏ ਇਲਾਕੇ ਦੀ ਅੱਗੇ ਨਾਲੋਂ ਵੀ ਵੱਧ ਚੜ ਕੇ ਸੇਵਾ ਕਰਨਗੇ। ਇਸ ਸਮੇਂ ਹਰਦੀਪ ਸਿੰਘ ਗਿੱਲ ਵੱਲੋਂ ਸੰਤ ਬਾਬਾ ਸੱਜਣ ਸਿੰਘ ਦਾ ਧੰਨਵਾਦ ਕੀਤਾ ਗਿਆ ਅਤੇ ਕਿਹਾ ਗਿਆ ਕਿ ਧਾਰਮਿਕ ਤੇ ਸਮਾਜਿਕ ਖੇਤਰ ਵਿੱਚ ਹਲਕਾ ਜੰਡਿਆਲਾ ਗੁਰੂ ਇਲਾਕੇ ਵਿਚ ਪੂਰੀ ਤਨਦੇਹੀ ਨਾਲ ਹਰ ਫਰਜ਼ ਨਿਭਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਜਿੱਥੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਇਆ ਜਾਵੇਗਾ ਉੱਥੇ ਹੀ ਪਾਰਟੀ ਵਰਕਰਾਂ ਦੇ ਮਨ ਦੀ ਗੱਲ ਹਾਈਕਮਾਂਡ ਤੱਕ ਪਹੁੰਚਾਈ ਜਾਵੇਗੀ ਤਾਂ ਜੋ ਸੰਗਠਨ ਵਿੱਚ ਤਾਲਮੇਲ ਬਿਠਾ ਕੇ ਅੱਗੇ ਵਧਿਆ ਜਾਵੇ। ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿਸ਼ਵ ਸ਼ਕਤੀ ਬਣਨ ਵੱਲ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ ਅਤੇ ਹੁਣ ਸਮੇਂ ਦੀ ਜਰੂਰਤ ਹੈ ਕਿ ਪੰਜਾਬ ਵਿੱਚ ਵੀ ਆਉਣ ਵਾਲੇ ਸਮੇਂ ਦੌਰਾਨ ਭਾਜਪਾ ਦੀ ਸਰਕਾਰ ਬਣੇ ਤਾਂ ਜੋ ਦੂਜੇ ਸੂਬਿਆਂ ਦੀ ਤਰ੍ਹਾਂ ਪੰਜਾਬ ਦੇ ਵਿਕਾਸ ਨੂੰ ਵੀ ਤੇਜ਼ ਗਤੀ ਮਿਲ ਸਕੇ। ਭਾਜਪਾ ਦੀ ਸਰਕਾਰ ਨੇ ਸਿੱਖੀ ਨੂੰ ਪ੍ਰਫੁੱਲਤ ਕਰਨ ਲਈ ਕਈ ਉਪਰਾਲੇ ਕੀਤੇ।

# ਕੈਪੀਟਲ ਸਮਾਲ ਫਾਈਨਾਂਸ ਬੈਂਕ ਮੂਹਰੇ ਕਿਸਾਨਾਂ ਲਾਇਆ ਧਰਨਾ



ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) : ਕੈਪੀਟਲ ਸਮਾਲ ਫਾਇਨਾਂਸ ਬੈਂਕ ਫਿਰੋਜ਼ਪੁਰ ਵੱਲੋਂ ਪੀੜਤ ਕਿਸਾਨਾਂ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਨੇ ਪੀੜਤ ਕਿਸਾਨਾਂ ਦੀ ਅਗਵਾਈ ਹੇਠ ਬੈਂਕ ਅੱਗੇ ਪਿਛਲੇ ਕਾਫ਼ੀ ਦਿਨਾਂ ਤੋਂ ਪੱਕਾ ਮੋਰਚਾ ਲੱਗਾ ਹੋਇਆ ਹੈ ਜਿਸ ਵਿੱਚ ਅੱਜ ਸੈਕੜੇ ਕਿਸਾਨਾਂ ਨੇ ਭਾਗ ਲਿਆ ਅਤੇ ਬੈਂਕ ਵੱਲੋਂ ਆਈ ਹੋਈ ਹਾਇਰ ਅਥਾਰਟੀ ਨਾਲ ਕਾਫੀ ਲੰਬਾ ਸਮਾਂ ਗੱਲ ਬਾਤ ਹੋਣ ਤੋਂ ਬਾਅਦ ਕੋਈ ਵੀ ਸਾਰਥਿਕ ਹੱਲ ਨਿਕਲ ਕੇ ਸਾਹਮਣੇ ਨਹੀਂ ਆਇਆ ਆਈ ਹੋਈ ਬੈਂਕ ਦੀ ਟੀਮ ਵੱਲੋਂ 20 ਅਗਸਤ 2025 ਤੱਕ ਇੱਕ ਹਫ਼ਤੇ ਦਾ ਟਾਈਮ ਮੰਗਿਆ ਗਿਆ ਕੇ ਅਸੀਂ ਆਪਣੇ ਬੈਂਕ ਦੇ ਉੱਚ ਅਧਿਕਾਰੀਆਂ ਨਾਲ ਗੱਲ ਬਾਤ ਕਰਕੇ ਇਸ ਮਸਲੇ ਦਾ ਹੱਲ ਕਰਾਗੇ ਪੀੜ੍ਹਤ ਕਿਸਾਨਾ ਵਲੋਂ ਅਧਕਾਰੀਆਂ ਨੂੰ 1 ਹਫ਼ਤੇ ਦਾ ਟਾਈਮ ਦੇ ਦਿੱਤਾ ਗਿਆ ਨਾਲ ਹੀ ਬੈਂਕ ਅੱਗੇ ਜਿਹੜਾ ਪੱਕਾ ਮੋਰਚਾ ਪਿਛਲੇ ਦਿਨਾਂ ਤੋਂ ਚੱਲ ਰਿਹਾ ਹੈ ਉਹ ਵੀ ਨਿਰੰਤਰ ਜਾਰੀ ਰਹੇਗਾ ਜ਼ਿਲਾ ਫਿਰੋਜ਼ਪੁਰ ਵਿੱਚ ਜਿੰਨੇ ਵੀ ਕੈਪੀਟਲ ਬੈਂਕ ਹਨ ਆਉਣ ਵਾਲੇ ਦਿਨਾਂ ਵਿੱਚ ਓਹਨਾ ਦਾ ਘਿਰਾਓ ਵੀ ਕੀਤਾ ਜਾਵੇਗਾ ਜਲੰਧਰ ਵਿੱਚ ਜਿਹੜੀ ਕੈਪੀਟਲ ਬੈਂਕ ਦਾ ਮੁੱਖ ਦਫਤਰ ਹੈ ਉਸ ਦਾ ਵੀ ਘਿਰਾਓ ਕੀਤਾ ਜਾਵੇਗਾ ਪੀੜਤ ਕਿਸਾਨਾਂ ਵੱਲੋਂ ਚਿਤਾਵਨੀ ਦਿੰਦੇ ਹੋਏ ਕਿਹਾ ਗਿਆ ਕਿ ਅਗਲੀ ਮੀਟਿੰਗ ਵਿੱਚ ਗੱਲ ਬਾਤ ਸਿਰੇ ਨਾ ਲੱਗੀ ਤਾਂ ਬੈਂਕ ਨੂੰ ਪੱਕੇ ਤੌਰ ਤੇ ਤਾਲਾ ਲਾਉਣ ਲਈ ਮਜਬੂਰ ਹੋਣਾ ਪਵੇਗਾ ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਸੂਬਾ ਆਗੂ ਹਰਨੇਕ ਸਿੰਘ ਮਹਿਮਾ ਜ਼ਿਲ੍ਹਾ ਪ੍ਰਧਾਨ ਜਗੀਰ ਸਿੰਘ ਖਹਿਰਾ ਜਿਲਾ ਪ੍ਰੈਸ ਸਕੱਤਰ ਲਖਵੀਰ ਸਿੰਘ ਡੋਡ ਜ਼ਿਲ੍ਹਾ ਖਜਾਨਚੀ ਜਤਿੰਦਰ ਸਿੰਘ ਰਿੰਕੂ ਕੜਮਾ ਕਲ ਬਲਾਕ ਬਲਾਕ ਪ੍ਰਧਾਨ ਬਲਵੰਤ ਸਿੰਘ ਸ਼ਹਜ਼ਾਦੀ ਗੁਰਪ੍ਰੀਤ ਸਿੰਘ ਗੱਟੀ ਮਨਜੀਤ ਸਿੰਘ ਬਰਾੜ ਜੈਵਿੰਦਰ ਸਿੰਘ ਜਸ਼ਨਦੀਪ ਸਿੰਘ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਪੋਜੋਕੇ ਜਿਲ੍ਹਾ ਜਥੇਬੰਦਕ ਸਕੱਤਰ ਨਿਰਮਲ ਸਿੰਘ ਬਲਾਕ ਆਗੂ ਸਰਵਨ ਸਿੰਘ ਪੀੜਿਤ ਕਿਸਾਨ ਸੁੱਖਾ ਸਿੰਘ ਪ੍ਰਦੀਪ ਸਿੰਘ ਲਾਲਜੀਤ ਸਿੰਘ ਥੇਹ ਗੁੱਜਰ ਬੱਬਲ ਸਿੰਘ ਰਣਜੀਤ ਸਿੰਘ ਆਦਿ ਹਾਜ਼ਰ ਸਨ।

# ਸਿੱਖਾਂ ਲਈ ਆਜਾਦੀ ਨਹੀਂ ਕਾਲਾ ਦਿਨ ਹੈ: ਏਕ ਨੂਰ ਖਾਲਸਾ ਫੌਜ





ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) :— ਕੁਝ ਘਟਨਾਵਾਂ ਸਮੇਂ ਨਾਲ ਭੁੱਲ ਜਾਂਦੀਆਂ ਹਨ, ਪਰ ਕੁਝ ਘਟਨਾਵਾਂ ਨਾ ਭੁਲਣਯੋਗ ਹੁੰਦੀਆਂ ਹਨ, ਭਾਰਤ ਅੱਜ ਆਪਣਾ 79ਵਾਂ ਆਜ਼ਾਦੀ ਦਿਹਾੜਾ ਮਨਾ ਰਿਹਾ ਹੈ, ਪਰ ਪੰਜਾਬ ਤੇ ਸਿੱਖਾਂ ਲਈ ਇਕ ਨਵੀਂ ਗੁਲਾਮੀ ਹੈ, ਕੁਰਸੀ ਦੇ ਭੁਖੜਾਂ ਨੇ ਆਪਣੀਆਂ ਕੁਰਸੀਆਂ ਖਾਤਰ ਦੇਸ਼ ਨਹੀਂ ਪੰਜਾਬ ਦੇ ਦੋ ਟੁਕੜੇ ਕਰ ਦਿੱਤੇ, ਇਹ ਕੰਮ ਅਚਾਨਕ ਨਹੀਂ ਹੋਇਆ, ਬਹੁਤ ਵੱਡੀ ਸਾਜਿਸ਼ ਤਹਿਤ ਪੰਜਾਬ ਦੀ ਬਰਬਾਦੀ ਦਾ ਮੁਢ ਬੰਨਿਆ, ਜਿਸ ਵਿਚ ਦੋਹਾਂ ਪਾਸਿਆਂ ਤੋਂ ਸਿਰਫ ਪੰਜਾਬ ਦਾ ਹੀ ਨੁਕਸਾਨ ਹੋਇਆ ਬੇਸ਼ੱਕ ਉਹ ਸਿੱਖ ਸਨ, ਹਿੰਦੂ ਜਾਂ ਮੁਸਲਿਮ ਮਾਨ ਹੋਣ, ਜੇਕਰ ਅਖੌਤੀ ਆਜਦਾਈ ਲਿਆਉਣੀ ਸੀ ਤਾਂ ਇਕ ਕੰਮ ਰਾਜਸਥਾਨ ਜਾਂ ਗੁਜਰਾਤ ਵਿਚ ਕੀ ਕਿਉਂ ਨਹੀਂ ਹੋਏ। ਭਾਰਤੀ ਮੀਮਣੇ ਸਿਆਸੀ ਲੋਕਾਂ ਨੂੰ ਪਤਾ ਸੀ ਕਿ ਮੁਗਲਾਂ ਤੇ ਅੰਗਰੇਜਾਂ ਨੂੰ ਕੱਢਣ ਲਈ ਸਭ ਤੋਂ ਵੱਧ ਕੁਰਬਾਨੀਆਂ ਸਿੱਖਾਂ ਨੇ ਦਿੱਤੀਆਂ ਹਨ ਤੇ ਇਨ੍ਹਾਂ ਕਰਕੇ ਹੀ ਆਜਦੀ ਦਾ ਸੁੱਖ ਮਾਨ ਰਹੇ ਹਾਂ, ਇਧਰ ਨਹਿਰੂ, ਪਟੇਲ ਤੇ ਮੋਹਨ ਦਾਸ ਕਰਮ ਗਾਂਧੀ ਤੇ ਉਧਰ ਜਿਨਾਹ ਕੁਰਸੀ ਦਾ ਭੁੱਖਾ ਸੀ, ਇਨ੍ਹਾਂ ਚੰਦ ਕੁ ਸਿਆਸੀ ਲੋਕਾਂ ਨੇ 1947 ਵਿਚ ਹਿੰਦੂ ਸਿੱਖਾਂ ਤੇ ਮੁਸਲਮਾਨਾਂ ਸਮੇਤ 10 ਲੱਖ ਦਾ ਕਤਲੇਆਮ ਕਰਵਾਇਆ ਤੇ ਅਰਬਾਂ ਰੁਪਏ ਦੀਆਂ ਜਾਇਦਾਦਾਂ ਦਾ ਨੁਕਸਾਨ ਹੋਇਆ ਤੇ ਕੁਰਸੀ ਤੇ ਬੈਠਣਸਾਰ ਹੀ ਨਹਿਰੂ ਪਟੇਲ ਨੇ ਆਪਣਾ ਰੰਗ ਦਿਖਾਉਣਾ ਸ਼ੁਰੂ ਕਰ ਦਿੱਤਾ, ਚਿੱਠੀ ਜਾਰੀ ਕਰ ਦਿੱਤੀ ਕਿ ਸਿੱਖ ਜਰਾਇਮ ਪੇਸ਼ਾ ਲੋਕ ਹਨ, ਇਨ੍ਹਾਂ ਤੇ ਖਾਸ ਨਿਗ੍ਹਾ ਰੱਖੀ ਜਾਵੇ, ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਏਕ ਨੂਰ ਖਾਲਸਾ ਫੌਜ਼ ਦੇ ਸੀਨੀਅਰ ਆਗੂ ਹਿੰਮਤ ਸਿੰਘ ਖਾਲਸਾ ਨੇ ਪੱਤਰਕਾਰਾਂ ਨਾਲ ਸਾਂਝੇ ਕੀਤੇ। ਅੱਗੇ ਗੱਲੇ ਕਰਦਿਆਂ ਜ਼ਿਲ੍ਹਾ ਪ੍ਰਧਾਨ ਭਾਈ ਲਖਬੀਰ ਸਿੰਘ ਨੰਬਰਦਾਰ ਨੇ ਕਿਹਾ ਕਿ ਕੁਰਸੀ ਦੇ ਭੁਖਿਆਂ ਨੂੰ ਪਤਾ ਸੀ ਕਿ ਸਿੱਖ ਮਾਰਸ਼ਲ ਕੌਮ ਹੈ, ਜਿਥੇ ਖੜ ਜਾਣ ਇਨਸਾਫ ਲੈ ਕੇ ਹਟਦੇ ਹਨ, ਕੁਰਸੀ ਦੇ ਭੁਖੜਾਂ ਨੇ ਸਿੱਖਾਂ ਦੀ ਸਿੱਖਾਂ ਦੀ ਤਾਕਤ ਘਟਾਉਣ ਲਈ ਸਿਰਫ ਪੰਜਾਬ ਹੀ ਵੰਡਿਲਾ ਹੈ, ਇਨ੍ਹਾਂ ਕੁਰਸੀ ਦੇ ਭੁਖੜਾਂ ਨੇ ਸੋਚਿਆ ਹੋਣਾ ਕਿ ਜੇ ਸਾਰਾ ਪੰਜਾਬ ਭਾਰਤ ਵਿਚ ਆ ਗਿਆ ਤਾਂ ਇਨ੍ਹਾਂ ਦਿਲੀ ਦੀ ਹਿੱਕ ਤੇ ਸੋਡਾ ਰੱਖ ਕੇ ਆਵਦਾ ਵੱਖਰਾ ਦੇਸ਼ ਬਣਾ ਲੈਣਾ ਤੇ ਭਾਰਤ ਦੇ ਪੱਲੇ ਕੱਖ ਨਹੀਂ ਰਹਿਣਾ, ਇਹ ਹਾਲ ਕੁਰਸੀ ਦੇ ਭੁਖੇ ਜਿਨਾਹ ਦਾ ਹੋਣਾ, ਇਸ ਕਰਕੇ ਪੰਜਾਬ ਨੂੰ ਦੋ ਹਿੱਸਿਆਂ ਵਿਚ ਵੰਡ ਕੇ ਸਿਰਫ ਪੰਜਾਬ ਨੂੰ ਹੀ ਛੋਟਾ ਕੀਤਾ ਹੈ ਤਾਂ ਕਿ ਸਿੱਖਾਂ ਦੀ ਤਾਕਤ ਨੂੰ ਘਟਾਇਆ ਜਾ ਸਕੇ। ਇਸ ਕਰਕੇ ਆਜਾਦ ਲੋਕਾਂ ਨੂੰ ਆਜਾਦੀ ਮੁਬਾਰਕ ਹੈ, ਪ ਸਿੱਖਾਂ ਲਈ ਤਾਂ ਇਹ ਕਾਲਾ ਦਿਨ ਹੈ। ਇਸ ਮੌਕੇ ਮਾਲਵਾ ਜ਼ੋਨ ਪ੍ਰਧਾਨ ਹਰਵਿੰਦਰ ਸਿੰਘ ਫੇਰੋਕੇ, ਮਾਲਵਾ ਜ਼ੋਨ ਸੈਕਟਰੀ ਸੁਖਵਿੰਦਰ ਸਿੰਘ, ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

# ਡਾ: ਨਵਦੀਪ ਐਸਥੈਟਿਕ ਕਲੀਨਿਕ ਵਿਚ ਚਮੜੀ ਅਤੇ ਵਾਲਾਂ ਦਾ ਨਵੀਨਤਮ ਤਕਨੀਕਾਂ ਨਾਲ ਸ.ਫਲ ਇਲਾਜ

ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) :— ਜ਼ੀਰਾ ਵਿਖੇ ਸੁੰਦਰਤਾ ਅਤੇ ਚਮੜੀ ਦੀਆਂ ਸਮੱਸਿਆਵਾਂ ਦੇ ਇਲਾਜ ਲਈ ਇਕ ਨਵੀਂ ਉਮੀਦ, ਡਾ।ਨਵਦੀਪ ਐਸਥੈਟਿਕ ਕਲੀਨਿਕ ਪੁਰਾਣੀ ਤਲਵੰਡੀ ਰੋਡ, ਜੈਨ ਸਕੂਲ ਦੇ ਸਾਹਮਣੇ ਸਥਿਤ ਹੈ। ਇਸ ਕਲੀਨਿਕ ਵਿਚ ਚਮੜੀ ਅਤੇ ਵਾਲਾਂ ਨਾਲ ਸਬੰਧਤ ਵੱਖ ?ਵੱਖ ਸਮੱਸਿਆਵਾਂ ਦਾ ਇਲਾਜ ਆਯਾਤ ਕੀਤੀਆਂ (ਇੰਪੋਰਟਿਡ) ਮਸ਼ੀਨਾਂ ਅਤੇ ਨਵੀਨਤਮ ਤਕਨੀਕਾਂ ਦੀ ਮਦਦ ਨਾਲ ਕੀਤਾ ਜਾਂਦਾ ਹੈ। ਡਾ। ਨਵਦੀਪ ਕੌਰ ਨੇ ਦੱਸਿਆ ਕਿ ਕਲੀਨਿਕ ਵਿਚ ਕਈ ਤਰ੍ਹਾਂ ਦੇ ਇਲਾਜ ਉਪਲਬੱਧ ਹਨ।ਲੇਜ਼ਰ ਤਕਨੀਕ ਦੀ ਵਰਤੋਂ ਨਾਲ ਚਿਹਰੇ ਦੀਆਂ ਛਾਈਆਂ, ਦਾਗ ?ਧੱਬੇ, ਜਮਾਂਦਰੂ ਲਾਲ ਜਾਂ ਕਾਲੇ ਨਿਸ਼ਾਨ, ਅਤੇ ਟੈਟੂ ਹਟਾਉਣ ਦਾ ਕੰਮ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ, ਕਾਰਬਨ ਪੀਲ ਅਤੇ ਸਕਿਨ ਟਾਈਟਨਿੰਗ ਵਰਗੀਆਂ ਸੇਵਾਵਾਂ ਵੀ ਦਿੱਤੀਆਂ ਜਾਂਦੀਆਂ ਹਨ, ਜੋ ਚਮੜੀ ਨੂੰ ਜਵਾਨ ਅਤੇ ਚਮਕਦਾਰ ਬਣਾਉਂਦੀਆਂ ਹਨ। ਵਾਲਾਂ ਅਤੇ ਚਮੜੀ ਦੀਆਂ ਹੋਰ ਸਮੱਸਿਆਵਾਂ ਜਿਵੇਂ ਕਿ ਵਾਲ ਝੜਨਾ ਜਾਂ ਅਣਚਾਹੇ ਵਾਲਾਂ ਨੂੰ ਸਥਾਈ ਤੌਰ 'ਤੇ ਹਟਾਉਣ ਲਈ ਵੀ ਇੱਥੇ ਇਲਾਜ ਉਪਲਬੱਧ ਹੈ। ਡਾ। ਨਵਦੀਪ ਨੇ ਦੱਸਿਆ ਕਿ ਮੁਹਾਸੇ (ਪਿੰਪਲਸ) ਅਤੇ ਉਨ੍ਹਾਂ ਦੇ ਪੁਰਾਣੇ ਦਾਗਾਂ ਦਾ ਵੀ ਪ੍ਰਭਾਵਸ਼ਾਲੀ ਢੰਗ ਨਾਲ ਇਲਾਜ ਕੀਤਾ ਜਾਂਦਾ ਹੈ। ਕਲੀਨਿਕ ਵਿਚ ਚਮੜੀ ਅਤੇ ਵਾਲਾਂ ਲਈ ਪੀਆਰਪੀ (ਪਲੇਟਲੈਟ ?ਰਿਚ ਪਲਾਜ਼ਮਾ), ਮੀਜ਼ੋਥੈਰੇਪੀ, ਮਾਈਕ੍ਰੋਨੀਡਲਿੰਗ, ਅਤੇ ਕੈਮੀਕਲ ਪੀਲਜ਼ ਵਰਗੇ ਇਲਾਜ ਵੀ ਕੀਤੇ ਜਾਂਦੇ ਹਨ, ਜੋ ਸਮੱਸਿਆ ਦੇ ਮੂਲ ਕਾਰਨ 'ਤੇ ਕੰਮ ਕਰਦੇ ਹਨ। ਇਹ ਸਾਰੇ ਇਲਾਜ ਸੁਰੱਖਿਅਤ ਅਤੇ ਪ੍ਰਭਾਵਸ਼ਾਲੀ ਹਨ, ਜਿਸ ਨਾਲ ਮਰੀਜ਼ਾਂ ਨੂੰ ਪੱਕੇ ਤੌਰ 'ਤੇ ਰਾਹਤ ਮਿਲਦੀ ਹੈ। ਡਾ। ਨਵਦੀਪ ਕੌਰ ਦਾ ਮੰਨਣਾ ਹੈ ਕਿ ਹਰ ਵਿਅਕਤੀ ਦੀ ਚਮੜੀ ਅਤੇ ਵਾਲਾਂ ਦੀਆਂ ਜ਼ਰੂਰਤਾਂ ਵੱਖਰੀਆਂ ਹੁੰਦੀਆਂ ਹਨ, ਇਸ ਲਈ ਇੱਥੇ ਹਰ ਮਰੀਜ਼ ਨੂੰ ਉਸਦੀ ਜ਼ਰੂਰਤ ਅਨੁਸਾਰ ਵਿਅਕਤੀਗਤ ਇਲਾਜ ਯੋਜਨਾ ਦਿੱਤੀ ਜਾਂਦੀ ਹੈ। ਜ਼ੀਰਾ ਦੇ ਲੋਕ ਹੁਣ ਇਸ ਕਲੀਨਿਕ ਰਾਹੀਂ ਉੱਚ ਪੱਧਰੀ ਸੁੰਦਰਤਾ ਅਤੇ ਚਮੜੀ ਦੀ ਦੇਖਭਾਲ ਦੀਆਂ ਸੇਵਾਵਾਂ ਆਪਣੇ ਸ਼ਹਿਰ ਵਿਚ ਹੀ ਪ੍ਰਾਪਤ ਕਰ ਸਕਦੇ ਹਨ।

# ਆਲ ਇੰਡੀਆ ਕਿਸਾਨ ਮਜ਼ਦੂਰ ਮੋਰਚਾ ਨੈਸ਼ਨਲ ਪਰੀਟੀਕਲ ਪਾਰਟੀ ਵਿਚ ਅਜੇਦੀਪ ਸਿੰਘ ਨੂੰ ਪ੍ਰਧਾਨ ਬਲਾਕ ਘੱਲ ਖੁਰਦ ਦਾ ਅਤੇ ਕੁਲਵੰਤ ਸਿੰਘ ਨੂੰ ਵਾਈਸ ਪ੍ਰਧਾਨ, ਜਾਲਾਲਾਬਾਦ ਬਨਾਇਆ ਗਿਆ



ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) :— ਅੱਜ ਪਿੰਡ ਕਰਮੂਵਾਲਾ ਵਿਖੇ ਅਜੇਦੀਪ ਸਿੰਘ ਦੇ ਨਿਵਾਸ ਤੇ ਆਲ ਇੰਡੀਆ ਕਿਸਾਨ ਮਜ਼ਦੂਰ ਮੋਰਚਾ ਦੀ ਇਕ ਹੰਗਾਮੀ ਮੀਟਿੰਗ ਹੋਈ। ਇਸ ਮੌਕੇ ਤੇ ਅਜੇਦੀਪ ਸਿੰਘ ਕਰਮੂਵਾਲਾ ਨੇ ਸਭ ਤੋਂ ਪਹਿਲਾਂ ਗੁਰੂ ਸਾਹਿਬ ਜੀ ਦਾ ਓਟ ਆਸਾਰਾ ਲਿਆ ਅਤੇ ਮਹਾਰਾਜ ਜੀ ਨੂੰ ਘਰੇ ਬੁਲਾ ਕੇ ਸੁਖਮਣੀ ਸਾਹਿਬ ਜੀ ਦੇ ਪਾਠ ਕਰਵਾਏ ਗਏ, ਭੋਗ ਉਪਰੰਤ ਪਾਠੀ ਸਿੰਘ ਲਖਵਿੰਦਰ ਸਿੰਘ ਨੇ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ, ਅਰਦਾਸ ਬੇਨਤੀ ਅਜੇਦੀਪ ਸਿੰਘ ਅਤੇ ਕੁਲਵੰਤ ਸਿੰਘ ਨੂੰ ਨਿਯੁਕਤੀ ਪੱਤਰ ਦਿੱਤੇ ਅਤੇ ਅਜੇਦੀਪ ਸਿੰਘ ਨੂੰ ਬਲਾਕ ਘੱਲ ਖੁਰਦ ਦਾ ਪ੍ਰਧਾਨ ਬਨਾਇਆ ਅਤੇ ਕੁਲਵੰਤ ਸਿੰਘ ਨੂੰ ਜਲਾਲਾਬਾਦ ਦਾ ਵਾਈਸ ਪ੍ਰਧਾਨ ਬਨਾਇਆ ਗਿਆ। ਇਹ ਨਿਯੁਕਤੀ ਪੱਤਰ ਅਤੇ ਹਾਰ ਅਤੇ ਸਿਰੋਪਾਓ ਆਲ ਇੰਡੀਆ ਕਿਸਾਨ ਮਜ਼ਦੂਰ ਮੋਰਚੇ ਦੇ ਕੌਮੀ ਚੇਅਰਮੈਨ ਦੇ ਅਤੇ ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਪ੍ਰਧਾਨ ਚਰਨਜੀਤ ਕੌਰ ਨੇ ਦਿੱਤੇ। ਇਸ ਮੌਕੇ ਤੇ ਕੌਮੀ ਚੇਅਰਮੈਨ ਨੇ ਕਿਹਾ ਕਿ ਆਲ ਇੰਡੀਆ ਕਿਸਾਨ ਮਜ਼ਦੂਰ ਮੋਰਚਾ ਪਾਰਟੀ ਦੱਬੇ ਕੁਚਲੇ ਲੋਕਾਂ ਦੀ ਜਮਾਤ ਹੈ ਅਤੇ ਕਿਸੇ ਵੀ ਮਜ਼ਦੂਰ ਕਿਸਾਨ ਨਾਲ ਕੋਈ ਧੱਕਾ ਹੁੰਦਾ ਹੈ ਸਾਡਾ ਮੋਰਚਾ ਉਨ੍ਹਾਂ ਦੇ ਨਾਲ ਖੜਦਾ ਹੈ। ਇਸ ਮੌਕੇ ਤੇ ਚਰਨਜੀਤ ਕੌਰ ਪ੍ਰਧਾਨ ਮਹਿਲਾ ਵਿੰਗ ਜ਼ਿਲ੍ਹਾ ਫ਼ਿਰੋਜ਼ਪੁਰ ਨੇ ਬੋਲਦਿਆਂ ਕਿਹਾ ਕਿ ਇਸ ਵੇਲੇ ਸਭ ਤੋਂ ਵੱਧ ਸਮੱਸਿਆ ਬੀਬੀਆਂ ਦੀ ਹੈ, ਜਿਨ੍ਹਾਂ ਨੂ ਅੱਜ ਦੇ ਨੌਜਵਾਨ ਵਿਆਹ ਕਰਵਾ ਕੇ ਬਾਅਦ ਵਿਚ ਕੁੜੀ ਦੇ ਪੇਕੇ ਘਰ ਭੇਜ਼ ਦਿੰਦੇ ਹਨ ਅਤੇ ਇਹੋ ਜਿਹੀਆਂ ਬੀਬੀਆਂ ਭੈਣਾਂ ਦੇ ਮੋਢੇ ਨਾਲ ਮੋਢਾ ਲਾ ਕੇ ਖੜਾ ਗਈਆਂ ਅਤੇ ਉਨ੍ਹਾਂ ਦੀਆਂ ਦੁੱਖ ਤਕਲੀਫਾਂ ਦੂਰ ਕਰਾਂਗੇ। ਇਸ ਮੌਕੇ ਤੇ ਮਨੋਹਰ ਲਾਲ ਕੌਮੀ ਚੇਅਰਮੈਨ, ਚਰਨਜੀਤ ਕੌਰ ਪ੍ਰਧਾਨ ਮਹਿਲਾ ਵਿੰਗ ਜ਼ਿਲ੍ਹਾ ਫ਼ਿਰੋਜ਼ਪੁਰ, ਰਣਜੀਤ ਸਿੰਘ, ਕਰਨਵੀਰ ਸਿੰਘ, ਅਨਮੋਲ ਸਿੰਘ, ਡਾ: ਸੇਵਕ ਸਿੰਘ, ਮਨਜੀਤ ਸਿੰਘ ਮੁੱਲਾਂਪੁਰ, ਅਕਾਸ਼ਦੀਪ ਸਿੰਘ, ਅਰਸ਼ਦੀਪ ਸਿੰਘ, ਜਗਮੀਤ ਸਿੰਘ, ਸੰਤੋਖ ਸਿੰਘ, ਕਰਮਜੀਤ ਸਿੰਘ ਜੈਮਲਵਾਲਾ, ਜੰਬਰਜੰਗ, ਰੁਪਿੰਦਰ ਕੌਰ, ਜ਼ਸਵਿੰਦਰ ਕੌਰ, ਜ਼ਸਵੀਰ ਕੌਰ, ਲਖਵਿੰਦਰ ਕੌਰ, ਜ਼ਸਪਾਲ ਸਿੰਘ, ਸਰਬਜੀਤ ਕੌਰ, ਹਰਪ੍ਰੀਤ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਵਰਕਰ ਹਾਜ਼ਰ ਸਨ। ਇਸ ਮੌਕੇ ਤੇ ਅਜੇਦੀਪ ਸਿੰਘ ਨੇ ਬੋਲਦਿਆਂ ਕਿਹਾ ਕਿ ਜਿਹੜੀਆਂ ਸੇਵਾ ਮੈਨੂੰ ਪਾਰਟੀ ਨੇ ਦਿੱਤੀ ਹੈ ਮੈਂ ਤਨਦੇਹੀ ਨਾਲ ਨਿਭਾਵਾਂਗਾ।

# ਇੱਕ ਨਜ਼ਰ . . .



## ਪਾਵਰਕੌਮ ਕਾਮਿਆਂ ਘੇਰਿਆ ਸ਼ਹਿਰੀ ਮੰਡਲ ਦਫਤਰ, ਕੀਤੀ ਨਾਅਰੇਬਾਜੀ

ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) :— ਜੁਆਇੰਟ ਫੋਰਮ ਪੰਜਾਬ ਅਤੇ ਏਕਤਾ ਮੰਚ ਵੱਲੋਂ ਦਿੱਤੇ ਰੋਹ ਮੁਜ਼ਾਹਰੇ ਦੇ ਸੱਦੇ ਤੇ ਅੱਜ ਸ਼ਹਿਰੀ ਮੰਡਲ ਫ਼ਿਰੋਜ਼ਪੁਰ ਸਾਹਮਣੇ ਰੋਹ ਮੁਜ਼ਾਹਰਾ ਕਰਦਿਆਂ ਮੁਲਾਜ਼ਮਾਂ ਵੱਲੋਂ ਪਾਵਰਕੌਮ ਮੈਨੇਜਮੈਂਟ ਅਤੇ ਸੂਬਾ ਸਰਕਾਰ ਵਿਰੁੱਧ ਰੋਹ ਜ਼ਾਹਿਰ ਕੀਤਾ ਗਿਆ। ਇਸ ਰੋਸ ਧਰਨੇ ਦੀ ਪ੍ਰਧਾਨਗੀ ਰਜੇਸ਼ ਦੱਤਾ ਪ੍ਰਧਾਨ ਵੱਲੋਂ ਕੀਤੀ ਗਈ ਅਤੇ ਵੱਡੀ ਗਿਣਤੀ ਜੁੜੇ ਮੁਲਾਜ਼ਮਾਂ ਨੇ ਰੋਸ ਧਰਨੇ ਵਿਚ ਸ਼ਮੂਲੀਅਤ ਕਰਕੇ ਸਰਕਾਰ ਵਿਰੁੱਧ ਨਾਅਰੇਬਾਜੀ ਕੀਤੀ। ਇਸ ਮੌਕੇ ਮੁਲਾਜ਼ਮ ਆਗੂ ਅਸ਼ਵਨੀ ਕੁਮਾਰ ਸਰਕਲ ਪ੍ਰਧਾਨ ਰਕੇਸ਼ ਸੈਣੀ, ਰਜੇਸ਼ ਦੱਤਾ, ਰੋਸ਼ਨ ਲਾਲ, ਅਮੋਲਕ ਸਿੰਘ, ਨੰਦ ਸਿੰਘ, ਪ੍ਰਦੀਪ ਕੁਮਾਰ, ਗੁਰਮੁੱਖ ਸਿੰਘ, ਦੀਦਾਰ ਸਿੰਘ, ਰਨਵੀਰ ਸਿੰਘ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਲਗਾਤਾਰ ਮੁਲਾਜ਼ਮਾਂ ਦੀਆਂ ਮੰਗਾਂ ਮੰਨਣ ਤੋਂ ਆਨਾ—ਕਾਨੀ ਕਰ ਰਹੀ ਹੈ, ਜਿਸ ਕਰਕੇ ਮੁਲਾਜ਼ਮਾਂ ਅੰਦਰ ਰੋਹ ਦੀ ਲਹਿਰ ਫੈਲ ਰਹੀ ਹੈ। ਉਨ੍ਹਾਂ ਕਿਹਾ ਕਿ 55 ਮੰਗਾਂ ਦਾ ਮੰਗ ਪੱਤਰ ਪਾਵਰਕੌਮ ਮੈਨੇਜਮੈਂਟ ਨੂੰ ਦਿੱਤਾ ਹੋਇਆ ਹੈ, ਜਿਸ ਵਿਚ ਮੰਗ ਕੀਤੀ ਗਈ ਹੈ ਕਿ ਜੁਆਇੰਟ ਫੋਰਮ ਅਤੇ ਏਕਤਾ ਮੰਚ ਨੂੰ ਜਲਦੀ ਮੀਟਿੰਗ ਦੇ ਕੇ ਮੁਲਾਜ਼ਮ ਮੰਗਾਂ ਦਾ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਮੁਲਾਜ਼ਮ ਮੰਗਾਂ ਮੰਨਣ ਤੋਂ ਮੁਨਕਰ ਹੁੰਦੀ ਹੈ ਤਾਂ ਬਿਜਲੀ ਕਰਮਚਾਰੀ ਸੰਘਰਸ਼ ਨੂੰ ਹੋਰ ਤਿੱਖਾ ਕਰਨਗੇ। ਰੋਹ ਜ਼ਾਹਿਰ ਕਰਦਿਆਂ ਮੁਲਾਜ਼ਮਾਂ ਨੇ ਕਿਹਾ ਕਿ ਕਾਲੇ ਬਿੱਲੇ ਲਗਾ ਕੇ 15 ਅਗਸਤ ਨੂੰ ਪੂਰੇ ਸਰਕਲ ਦੇ ਮੁਲਾਜ਼ਮ ਲੋੜ ਪੈਣ ਤੇ ਝੰਡਾ ਮਾਰਚ ਵੀ ਕਰਨਗੇ, ਜਿਸ ਦੀ ਸਾਰੀ ਜਿੰਮੇਵਾਰੀ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਦੀ ਹੋਵੇਗੀ।

## ਟੀ.ਬੀ.ਐਸ ਸਕੂਲ ਵਿਚ ਮਨਾਇਆ ਆਜਾਦੀ ਦਿਹਾੜਾ



ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) :— ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ। ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਸਕੂਲ ਵਿੱਚ 79ਵਾਂ ਆਜ਼ਾਦੀ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦਾ ਉਦਘਾਟਨ ਦੀਵੇ ਜਗਾ ਕੇ ਕੀਤਾ ਗਿਆ। ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ, ਦੇਸ਼ ਪਿਆਰ ਨੂੰ ਸਮਰਪਿਤ ਨੁੱਕੜ ਨਾਟਕ, ਭਾਸ਼ਣ, ਆਦਿ ਪੇਸ਼ਕਾਰੀਆਂ ਪੇਸ਼ ਕੀਤੀਆਂ। ਬੱਚਿਆਂ ਨੇ ਆਪਣੀਆਂ ਪੇਸ਼ਕਾਰੀਆਂ ਨਾਲ ਸਭ ਦਾ ਮਨ ਜਿੱਤ ਲਿਆ। ਵਿਦਿਆਰਥੀਆਂ ਨੇ ਸਾਰਿਆਂ ਨੂੰ ਆਪਣੇ ਦੇਸ਼ ਨਾਲ ਪਿਆਰ ਕਰਨ ਅਤੇ ਦੇਸ਼ ਪ੍ਰਤੀ ਆਪਣਾ ਫਰਜ਼ ਨਿਭਾਉਣ ਦਾ ਸੰਦੇਸ਼ ਦਿੱਤਾ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸਫਲ ਪ੍ਰੋਗਰਾਮ ਦੇ ਆਯੋਜਨ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਦੇਸ਼ ਦੇ ਵਿਦਿਆਰਥੀਆਂ ਤੋਂ ਇਹ ਉਮੀਦ ਕੀਤੀ ਜਾਂਦੀ ਹੈ ਕਿ ਉਹ ਇੱਕ ਖੁਸ਼ਹਾਲ ਭਵਿੱਖ ਬਣਾਉਣਗੇ ਅਤੇ ਹਰ ਖੇਤਰ ਵਿੱਚ ਅੱਗੇ ਵਧ ਕੇ ਦੇਸ਼ ਦੀ ਅਗਵਾਈ ਕਰਕੇ ਆਪਣੇ ਦੇਸ਼ ਦੇ ਨਾਲ ?ਨਾਲ ਆਪਣੇ ਅਧਿਆਪਕਾਂ ਅਤੇ ਮਾਪਿਆਂ ਦਾ ਵੀ ਮਾਣ ਵਧਾਉਣਗੇ।

## ਜਾਨਵਰਾਂ ਦੀ ਸੰਭਾਲ ਕਰਨ ਵੀ ਸਾਡਾ ਫਰਜ: ਰੋਟੇਰੀਅਨ

ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) : ਆਵਾਰਾ ਪਸ਼ੂ—ਖਾਸ ਕਰਕੇ ਗਾਂ, ਸਾਂਡ ਅਤੇ ਕੁੱਤੇ ਅੱਜ ਸਮਾਜ ਲਈ ਇੱਕ ਗੰਭੀਰ ਚੁਣੌਤੀ ਬਣਦੇ ਜਾ ਰਹੇ ਹਨ। ਇਹ ਸੜਕ ਹਾਦਸਿਆਂ, ਕੁੱਤਿਆਂ ਦੇ ਕੱਟਣ, ਗੰਦੇਪਣ ਅਤੇ ਰੋਗਾਂ ਦੇ ਫੈਲਾਅ ਦਾ ਕਾਰਨ ਬਣ ਰਹੇ ਹਨ। ਇਹ ਪਸ਼ੂ ਅਕਸਰ ਭੁੱਖੇ, ਬਿਮਾਰ ਅਤੇ ਤਕਲੀਫ਼ ਵਿੱਚ ਜੀਉਂਦੇ ਹਨ, ਜੋ ਕਿ ਇੱਕ ਮਨੁੱਖਤਾ ਅਤੇ ਨਾਗਰਿਕ ਦੋਹਾਂ ਤਰ੍ਹਾਂ ਦੀ ਸਮੱਸਿਆ ਹੈ। ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਉਹ ਰੋਟਰੀ ਡਿਸਟ੍ਰਿਕਟ 3090 ਦੀ *ਜ਼ਿਲ੍ਹਾ ਰੋਗ ਨਿਵਾਰਣ ਅਤੇ ਆਵਾਰਾ ਪਸ਼ੂਆਂ ਦੀ ਸੰਭਾਲ ਕਮੇਟੀ* ਦੇ ਚੇਅਰਮੈਨ ਵਜੋਂ, ਜਨਤਾ ਨੂੰ ਬੇਨਤੀ ਕਰਦਾ ਹਾਂ ਕਿ ਆਪਣੀਆਂ ਜਿੰਮੇਵਾਰੀਆਂ ਨੂੰ ਸਮਝਦਿਆਂ ਪਸ਼ੂਆਂ ਨੂੰ ਛੱਡਣਾ ਬੰਦ ਕੀਤਾ ਜਾਵੇ ਅਤੇ ਸਟਰੀਲਾਈਜ਼ੇਸ਼ਨ (ਜਨਸੰਖਿਆ ਨਿਯੰਤਰਣ) ਅਤੇ ਟੀਕਾਕਰਨ ਮੁਹਿੰਮਾਂ ਵਿੱਚ ਸਹਿਭਾਗੀਤਾ ਕੀਤੀ ਜਾਵੇ, ਨਾਲ ਹੀ, ਜ਼ਿਲ੍ਹਾ ਪ੍ਰਸ਼ਾਸਨ ਅਤੇ ਰਾਜ ਸਰਕਾਰ ਨੂੰ ਬੇਨਤੀ ਕਰਦਾ ਹਾਂ ਕਿ ਤੁਰੰਤ ਅਤੇ ਥੋਸ ਕਦਮ ਚੁੱਕੇ ਜਾਣ। ਇਸ ਮੌਕੇ ਰੋਟੇਰੀਅਨ ਡਾਕਟਰ ਸੁਰਿੰਦਰ ਸਿੰਘ ਕਪੂਰ, ਚੇਅਰਮੈਨ ਜ਼ਿਲ੍ਹਾ ਬਿਮਾਰੀ ਰੋਕਥਾਮ ਅਤੇ ਅਵਾਰਾ ਪਸ਼ੂਆਂ ਦਾ ਇਲਾਜ ਕਮੇਟੀ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਸ, ਗੁਰਬਿੰਦਰ ਸਿੰਘ ਬੱਲ ਯੂ ਐਸ ਏ , ਪਿੰਡ ਟਕਾਪੁਰ ਦੇ ਜਨਮ ਦਿਨ ਦੀਆਂ ਦੇਸ਼ਾਂ ਵਿਦੇਸਾਂ ਸਮੂਹ ਭੈਣ ਭਰਾਵਾਂ ਵੱਲੋਂ ਲੱਖ ਲੱਖ ਵਧਾਈਆਂ ਹੋਣ ਜੀ ( ਵੱਲੋਂ ਗਿਆਨੀ ਬਿਕਰਮਜੀਤ ਸਿੰਘ ਹੈਡ ਗ੍ਰੰਥੀ ਟਕਾਪੁਰ)
( ਫੋਟੋ: ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਂਕ ਮਹਿਤਾ)

# ਫਿਰੋਜ਼ਪੁਰ ਰੋਸ ਮਾਰਚ ਵਿੱਚ ਹੋਇਆ ਵੱਡਾ ਇਕੱਠ: ਭੁੱਲਰ







ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) : ਗੁਰਚਰਨ ਸਿੰਘ ਭੁੱਲਰ ਜਿਲ੍ਹਾ ਪ੍ਰਧਾਨ ਫਿਰੋਜ਼ਪੁਰ ਨੇ ਕਿਹਾ ਕਿ ਅੱਜ਼ 15 ਅਗਸਤ ਨੂੰ ਕਾਲਾ ਦਿਵਸ ਦੇ ਸਬੰਧ ਵਿੱਚ ਸਰੋਮਣੀ ਅਕਾਲੀ ਦਲ ਅੰਮ੍ਰਿਤਸਰ ਅਤੇ ਦਲ ਖਾਲਸਾ ਵੱਲੋ ਦਿੱਤੇ ਗਏ 14 ਅਗਸਤ ਰੋਸ ਮਾਰਚ ਵਿੱਚ ਬਹੁਤ ਵੱਡਾ ਇਕੱਠ ਹੋਇਆ ਉਹਨਾਂ ਕਿਹਾ 15 ਅਗਸਤ ਨੂੰ ਅਸੀ ਇੱਕ ਗੁਲਾਮੀ ਵਿੱਚੋ ਨਿਕਲ ਕੇ ਦੂਸਰੀ ਗੁਲਾਮੀ ਵਿੱਚ ਫਸ ਗਏ। ਪਹਿਲਾਂ ਗੋਰਿਆਂ ਦੇ ਗੁਲਾਮ ਸੀ ਅੱਜ ਅਖੋਤੀ ਹਿੰਦੋਸਤਾਨੀਆਂ ਦੇ ਗੁਲਾਮ ਹਾਂ । ਸਿੱਖਾ ਨੂੰ ਅਜਾਦੀ ਤੋ ਬਾਅਦ ਜਰਾਇਮ ਪੇਸਾ ਦਾ ਇਨਾਮ ਦਿੱਤਾ ਗਿਆ । ਅਜਾਦੀ ਤੋ ਬਾਦ ਸਿੱਖਾਂ ਤੇ ਜੁਲਮ ਕਰਨੇ ਸੁਰੂ ਕਰ ਦਿੱਤੇ, ਦਰਬਾਰ ਸਾਹਿਬ ਤੇ ਹਮਲਾ ਨਿਰਦੇਸ਼ ਲੋਕਾਂ ਦਾ ਕਤਲੋਗਾਰਦ ਉਹ ਵੀ ਆਪਣੀ ਫੋਜ ਰਾਹੀ ਕੀ ਇਸ ਨੂੰ ਅਜਾਦੀ ਕਹਿਦੇ ਹਨ ਇਸ ਸਮੇ ਹਾਜਰ ਮਾਤਾ ਚਰਨਜੀਤ ਕੋ (ਮਾਤਾ ਅਵਤਾਰ ਸਿੰਘ ਖੰਡਾ ),ਬਾਬਾ ਹਰਦੀਪ ਸਿੰਘ ਮਹਿਰਾਜ,ਇੰਟਰਨੈਸ਼ਨਲ ਪੰਥਕ ਦਲ ਬਾਬਾ ਸਤਨਾਮ ਸਿੰਘ ਵੱਲੀਆਂ ਪ੍ਰਧਾਨ,ਸਤਿਕਾਰ ਕਮੇਟੀ ਲਖਬੀਰ ਸਿੰਘ ਮਹਾਲਮ,ਏਕ ਨੂਰ ਖਾਲਸਾ ਫੌਜ ਹਿੰਮਤ ਸਿੰਘ ਸਕੂਰ,ਲਖਵੀਰ ਸਿੰਘ ਮੁਹਾਲਮ,ਦਲ ਪੰਥ ਬਾਬਾ ਜਰਨੈਲ ਸਿੰਘ ਝਾੜ ਸਾਹਿਬ,ਸਿੱਖ ਸਟੂਡੈਂਟਸ ਫੈਡਰੇਸ਼ਨ ਕੁਲਦੀਪ ਸਿੰਘ ਨੰਦਾ, ਸਰਬਤ ਦਾ ਭਲਾ ਵੈਲਫੇਅਰ ਸੋਸਾਇਟੀ ਜਰਨੈਲ ਸਿੰਘ ,ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋ ਤੇਜਿੰਦਰ ਸਿੰਘ ਦਿਉਲ ਯੂਥ ਪ੍ਰਧਾਨ ,ਜਤਿੰਦਰ ਸਿੰਘ ਥਿੰਦ ਸੀਨੀ ਮੀਤ ਪ੍ਰਧਾਨ ਯੂਥ ਵਿੰਗ,ਪਰਮਿੰਦਰ ਸਿੰਘ ਬਾਲਿਆ ਵਾਲੀ ,ਬਲਰਾਜ ਸਿੰਘ ਖਾਲਸਾ ,ਬਲਦੇਵ ਸਿੰਘ ਗਗੜਾ ਸਾਰੇ ਪੀਏ ਸੀ ਮੈਬਰ, ਬਲਦੇਵ ਸਿੰਘ ਵੜਿੰਗ ਜਿਲ੍ਹਾ ਪ੍ਰਧਾਨ ਮੁਕਤਸਰ ,ਰੂਬੀ ਬਰਾੜ,ਫਾਜਿਲਕਾ ਤੋ ਸੁਰਿੰਦਰ ਸਿੰਘ ਪ੍ਰਧਾਨ, ਬੀਬੀ ਬਲਕਰਨ ਕੋਰ ਪ੍ਰਧਾਨ, ਫਰੀਦਕੋਟ ਤੋ ਕੁਲਵੰਤ ਸਿੰਘ ਗੋਲੇਵਾਲਾ, ਬਲਰਾਜ ਸਿੰਘ ਮੋਗਾ, ਗੁਰਵਿੰਦਰ ਸਿੰਘ ਮੁਹਾਲਮ ਯੂਥ ਪ੍ਰਧਾਨ, ਬਲਕਾਰ ਸਿੰਘ ਜੋਗੇਵਾਲ ਪ੍ਰਧਾਨ ਕਿਸਾਨ ਵਿੰਗ, ਬੀਬੀ ਜਸਬੀਰ ਕੌਰ ਪ੍ਰਧਾਨ ਇਸਤਰੀ ਵਿੰਗ, ਸੂਰਤ ਸਿੰਘ ਮਮਦੋਟ, ਦਵਿੰਦਰ ਸਿੰਘ ਚੂਰੀਆ, ਜੋਗਿੰਦਰ ਸਿੰਘ ਮੱਲੇਵਾਲਾ, ਸੁਖਦੇਵ ਸਿੰਘ, ਮੇਹਰ ਸਿੰਘ, ਜਸਵੰਤ ਸਿੰਘ, ਇਕਬਾਲ ਸਿੰਘ ਗੁਰੂਹਰਸਹਾਏ, ਗੁਰਮੀਤ ਸਿੰਘ ਕੋਹਰ ਸਿੰਘ ਵਾਲਾ, ਬੂਟਾ ਸਿੰਘ ਕਰੀ ਕਲਾਂ ਸਰਕਲ ਪ੍ਰਧਾਨ ਗੁਰੂਹਰਸਾਏ, ਪਰਗਟ ਸਿੰਘ ਮੁਖ ਬੁਲਾਰਾ, ਸੁੱਚਾ ਸਿੰਘ ਭਾਨੇ ਵਾਲਾ, ਕਰਤਾਰ ਸਿੰਘ, ਹਜਾਰਾ ਸਿੰਘ, ਜਗਜੀਤ ਸਿੰਘ ਛੂਛਕ, ਚਮਕੋਰ ਸਿੰਘ ਮਨਸੂਰ ਵਾਲ, ਗਿਆਨੀ ਬਲਦੇਵ ਸਿੰਘ, ਸਰਬਜੀਤ ਸਿੰਘ ਤਲਵੰਡੀ ਅਤੇ ਸਰਬਜੀਤ ਸਿੰਘ ਕੋਟ ਕਰੋੜ, ਅਮਰੀਕ ਸਿੰਘ, ਗਿਆਨ ਸਿੰਘ ਮੰਡ, ਨਿਸ਼ਾਨ ਸਿੰਘ, ਗੁਰਮੀਤ ਸਿੰਘ ਹਬੀਬ ਵਾਲਾ ਆਦਿ ਨੇ ਵੀ ਸਰਕਾਰਾਂ ਵੱਲੋ ਅੱਜ ਤੱਕ ਇਨਸਾਫ ਨਾ ਦੇਣ ਦੀ ਨਿਖੇਧੀ ਕੀਤੀ ਕਿਉ ਕਿ ਅਸ ਅਜਾਦ ਨਹੀ ਹਾਂ।

# ਡੈਂਗੂ ਦੇ ਖਾਤਮੇ ਲਈ ਹਰ ਇੱਕ ਦੀ ਸਾਂਝੀ ਜੁੰਮੇਵਾਰੀ -ਐਸ ਆਈ ਅਸ਼ੌਕ ਕੁਮਾਰ



ਧੂਰੀ, 14 ਅਗਸਤ (ਰਣਜੀਤ ਸਿੰਘ ਪੇਧਨੀ)- ਸਿਵਲ ਸਰਜਨ ਸੰਗਰੂਰ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਡਾਕਟਰ ਰਮਨਦੀਪ ਕੌਰ ਅਤੇ ਐਸ ਐਮ ਓ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਪਿੰਡ ਕਾਂਝਲਾ ਦੇ ਹੌਟ ਸਪੌਟ ਅਤੇ ਸਲੱਮ ਏਰੀਏ ਆਦਿ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ ਐਸ ਆਈ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਥੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿੱਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾਂ ਨੂੰ ਪੂਰੀ ਤਰ੍ਹਾਂ ਸਾਫ਼ ਕਰ ਕੇ ਚੰਗੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ । ਟੀਮ ਮੈਂਬਰ ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ ।

# ਸਮਾਜ ਨੂੰ ਹਰਿਆ-ਭਰਿਆ ਰੱਖਣ ਲਈ ਲਾਏ ਬੂਟੇ



ਫ਼ਿਰੋਜ਼ਪੁਰ, 14 ਅਗਸਤ (ਮਨੋਹਰ ਲਾਲ) :— ਸਮਾਜ ਦੇ ਹਰਿਆਵਲ ਦਸਤੇ ਵਜੋਂ ਜਾਣੀ ਜਾਂਦੀ ਜਥੇਬੰਦੀ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਰਜਿ ਪੰਜਾਬ ਨੇ ਅੱਜ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਪਿੰਡ ਆਸਲ ਫ਼ਿਰੋਜ਼ਪੁਰ 2 ਹੈਡ ਮਾਸਟਰ ਹਰਜੀਤ ਸਿੰਘ ਅਤੇ ਸਟਾਫ ਤੇ ਸੋਸਾਇਟੀ ਦੇ ਮੈਂਬਰਾਂ ਦੀ ਦੇਖ ਰੇਖ ਵਿੱਚ ਪੌਦੇ ਲਗਾਏ ਗਏ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ ਨੇ ਦੱਸਿਆ ਕਿ ਦਰਖਤਾਂ ਦੀ ਕਟਾਈ ਬਹੁਤ ਜਿਆਦਾ ਪੱਧਰ ਹੋ ਰਹੀ ਹੈ ਜਿਥੇ ਪੌਦੇ ਲਗਾਉਣ ਨਾਲ ਵਾਤਾਵਰਨ ਪ੍ਰਦੂਸ਼ਣ ਤੋਂ ਰਹਿਤ ਹੋਵੇਗਾ ਉਥੇ ਪੰਛੀ ਵੀ ਆਪਣੇ ਰਹਿਣ ਬਸੇਰੇ ਬਣਾਉਗੇ ਅਸੀਂ ਸਮਾਜ ਨੂੰ ਮੈਸੇਜ ਦੇਣਾ ਚਾਹੁੰਦੇ ਹਾਂ ਕੀ ਹੋਰ ਵੀ ਸੁਸਾਇਟੀਆਂ ਅਤੇ ਜਥੇਬੰਦੀਆਂ ਪੌਦੇ ਲਗਾਉਣ ਲਈ ਅੱਗੇ ਆਉਣ ਤਾਂ ਜੋ ਵਾਤਾਵਰਨ ਨੂੰ ਖੁਸ਼ਹਾਲ ਅਤੇ ਪ੍ਰਦੂਸ਼ਣ ਰਹਿਤ ਬਣਾਇਆ ਜਾ ਸਕੇ ਸੁਸਾਇਟੀ ਸਮਾਜ ਸੇਵਾ ਦੇ ਕੰਮ ਇਵੇਂ ਹੀ ਕਰਦੀ ਰਹੇਗੀ ਹੋਰਨਾਂ ਤੋਂ ਇਲਾਵਾ ਸ਼ਮਸ਼ੇਰ ਸਿੰਘ ਕਲਸੀ ਵਾਈਸ ਪ੍ਰਧਾਨ ਸੁਖਮੰਦਰ ਸਿੰਘ ਜੱਬਲ ਵਾਈਸ ਪ੍ਰਧਾਨ ਜਸਬੀਰ ਸਿੰਘ ਕਲਸੀ ਜਨਰਲ ਸਕੱਤਰ ਸੁਖਚੈਨ ਸਿੰਘ ਖਾਲਸਾ ਵਾਈਸ ਚੇਅਰਮੈਨ ਅੰਗਰੇਜ਼ ਸਿੰਘ ਕਲਸੀ ਵਾਈਸ ਚੇਅਰਮੈਨ ਜਸਵਿੰਦਰ ਸਿੰਘ ਵਾਈਸ ਚੇਅਰਮੈਨ ਹਰਦੀਪ ਸਿੰਘ ਦੜਿਆਲਾ ਜੋਗਿੰਦਰ ਸਿੰਘ ਤਰਸੇਮ ਲਾਲ ਮਨਜਿੰਦਰ ਕੌਰ ਸੁਖਵਿੰਦਰ ਕੌਰ ਅਮਨਦੀਪ ਕੌਰ ਆਦਿ ਹਾਜ਼ਰ ਸਨ।




**ਅਜ਼ਾਦੀ ਪਿੱਛੋਂ ਦੋ ਲੱਖ ਤੋਂ ਵੱਧ ਕੈਦ ਅਤੇ ਭਾਰੀ ਗਿਣਤੀ ਵਿੱਚ ਸਹੀਦੀਆਂ ਪਾ ਕੇ ਵੀ, ਤੁਹਾਡੇ ਬੋਲੇ ਕੰਨਾਂ ਤੱਕ ਅਵਾਜ ਨਹੀਂ ਪੁੱਜੀ ।ਸਿੱਖ ਹਮੇਸਾ ਜਬਰ ਦਾ ਮੁਕਾਬਲਾ ਸਬਰ ਨਾਲ ਕਰਦਾ ਹੈ ਅਤੇ ਸਬਰ ਨਾਲ ਕਰਾਂਗੇ, ਪਰ ਇਹ ਤੁਹਾਨੂੰ ਯਾਦ ਹੋਣਾ ਚਾਹੀਦਾ ਹੈ, ਕਿ ਜਦੋਂ ਸਬਰ ਦਾ ਪਿਆਲਾ ਭਰ ਜਾਵੇ, ਤਦੋਂ ਸਿੱਖ ਨੂੰ ਮਜਬੂਰ ਹੋ ਕਿ ਆਪਣਾ ਹੱਕ ਲੈਣ ਵਾਸਤੇ ਸਰਕਾਰਾਂ ਨਾਲ ਮੱਥਾ ਲਾਉਣਾ ਪੈਂਦਾ ਹੈ। ਬਾਬਾ ਸਤਨਾਮ ਸਿੰਘ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਇੰਟਰਨੈਸਨਲ ਪੰਥਕ ਦਲ**